ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਯੂਪੀਆਈ ਲੈਣ-ਦੇਣ 'ਤੇ ਫੀਸ ਲਗਾਉਣ ਦੇ ਪ੍ਰਸਤਾਵ ਦੇ ਵਿਰੋਧ 'ਚ ਪ੍ਰਧਾਨ ਮੰਤਰੀ ਨੂੰ ਪੱਤਰ 03

ਸਾਲ 2, ਅੰਕ 1 Ph (Mohali Office) : 0160-2990739; (M) : +91-98156-16078 ਵੀਰਵਾਰ, 1 ਅਕਤੂਬਰ 2026 (15 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਭਾਜਪਾ ਸਰਕਾਰ ਬਣੀ ਤਾਂ 31 ਦਸੰਬਰ 2029 ਤੋਂ ਪਹਿਲਾਂ ਪੰਜਾਬ ਹੋਵੇਗਾ ਨਸ਼ਾ ਮੁਕਤ : ਅਮਿਤ ਸ਼ਾਹ

ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਮੁੱਦੇ 'ਤੇ ਚੋਣਾਂ ਲੜੇਗੀ ਭਾਜਪਾ : ਅਮਿਤ ਸ਼ਾਹ

ਦੇਸ਼ ਪ੍ਰਦੇਸ਼ ਜਲੰਧਰ, 30 ਸਤੰਬਰ (ਪਰਮਜੀਤ ਸਿੰਘ) : ਭਾਰਤੀ ਜਨਤਾ ਪਾਰਟੀ ਪੰਜਾਬ ਦੀਆਂ ਅਗਾਮੀ ਵਿਧਾਨ ਸਭਾ ਚੋਣਾਂ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਮੁੱਦੇ ਉੱਤੇ ਚੋਣਾਂ ਲੜਨ ਜਾ ਰਹੀ ਹੈ, ਸਾਡੇ ਲਈ ਇਹ ਮੁੱਖ ਮੁੱਦਾ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੀਆਂ ਮਹਿਲਾਵਾਂ ਤੇ ਨੌਜਵਾਨਾਂ ਨਾਲ ਵਾਅਦਾ ਕਰਦੇ ਹਨ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਬਣੀ ਤਾਂ 31 ਦਸੰਬਰ 2029 ਤੋਂ ਪਹਿਲਾ ਪੰਜਾਬ ਨੂੰ ਨਸ਼ੇ ਦੀ ਸਮੱਸਿਆ ਤੋਂ ਮੁਕਤ ਕਰ ਦਿਆਂਗੇ। ਇਸੇ ਲਈ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ 18 ਸਤੰਬਰ ਨੂੰ ਪਠਾਨਕੋਟ ਤੋਂ ਯਾਤਰਾ ਸ਼ੁਰੂ ਕੀਤੀ ਸੀ, ਜੋ 13 ਦਿਨਾਂ ਵਿੱਚ 4 ਹਜ਼ਾਰ ਕਿਲੋਮੀਟਰ ਜਾ ਸਫ਼ਰ ਤੈਅ ਕਰਕੇ ਇੱਥੇ ਪਹੁੰਚੀ ਹੈ।

ਅਮਿਤ ਸ਼ਾਹ ਨੇ ਕਿਹਾ ਉਨ੍ਹਾਂ ਵਲੋਂ ਨਸ਼ੇ ਬਾਰੇ ਤੈਅ ਕੀਤੀ ਇਸ ਡੈੱਡਲਾਇਨ ਬਾਰੇ ਉਨ੍ਹਾਂ ਤੋਂ ਪਿੱਛੋਂ ਕੇਜਰੀਵਾਲ ਐਂਡ ਪਾਰਟੀ ਕਈ ਕੁਝ ਕਹਿਣ ਵਾਲੀ ਹੈ, ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਨੇ ਜੋ ਕਿਹਾ ਉਹ ਕਰ ਕੇ ਦਿਖਾਇਆ। ਕਸ਼ਮੀਰ ਵਿੱਚੋਂ ਧਾਰਾ 370, ਉੱਤਰ ਪੂਰਬ ਦੇ ਅੱਤਵਾਦ, ਨਕਸਲਵਾਦ ਨੂੰ ਖ਼ਤਮ ਕਰਨ ਤੋਂ ਬਾਅਦ ਹੁਣ ਵਾਰੀ ਹੈ ਪੰਜਾਬ ਨੂੰ ਚਿੱਟਾ ਮੁਕਤ ਕਰਨ ਦੀ ਹੈ। ਉਨ੍ਹਾਂ ਕਿਹਾ ਕਿ ਮੈਂ ਪੰਜਾਬ ਦੀਆਂ ਮਹਿਲਾਵਾਂ ਅਤੇ ਨੌਜਵਾਨਾਂ ਨਾਲ ਇਹ ਵਾਅਦਾ ਕਰਦਾ ਹਾਂ ਕਿ 31 ਦਸੰਬਰ 2029 ਤੋਂ ਬਾਅਦ ਪੰਜਾਬ ਵਿੱਚ ਕੋਈ ਚਿੱਟਾ ਮੁਹੱਈਆ ਕਰਵਾਉਣ ਵਾਲਾ ਨਹੀਂ ਬਚੇਗਾ, ਭਾਜਪਾ ਇਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਾਂਗੇ। ਉਨ੍ਹਾਂ ਕਿਹਾ ਕਿ ਭਾਜਪਾ ਦੀ 'ਮਾਵਾਂ ਮੰਗਦੀਆਂ ਹਿਸਾਬ' ਮੁਹਿੰਮ ਤਹਿਤ ਉਹ ਨਸ਼ੇ ਕਾਰਨ ਆਪਣੇ ਪੁੱਤਰ ਗੁਆ ਚੁੱਕੀਆਂ ਮਾਵਾਂ ਨੂੰ ਮਿਲੇ ਹਨ। ਨਸ਼ੇ ਕਾਰਨ ਦੋ ਪੁੱਤ ਗੁਆ ਚੁੱਕੀ ਇੱਕ ਮਾਂ ਨੇ ਉਨ੍ਹਾਂ ਨੂੰ ਕਿਹਾ, ਮੇਰੇ ਪੁੱਤ ਤਾਂ ਚਲੇ ਗਏ, ਕਿਸੇ ਹੋਰ ਦੇ ਪੁੱਤ ਨਾ ਜਾਣ, ਇਸ ਬਾਕੀ ਸਫ਼ਾ 7 'ਤੇ

ਸ਼ਾਹ ਦੇ ਭਾਸ਼ਣ ਦੇ 5 ਮੁੱਖ ਨੁਕਤੇ :

➢ ਸੈਨਿਕਾਂ ਲਈ: ਅਮਿਤ ਸ਼ਾਹ ਨੇ ਕਿਹਾ – ਆਜ਼ਾਦੀ ਤੋਂ ਪਹਿਲਾਂ ਹੋਵੇ ਜਾਂ ਬਾਅਦ ਵਿੱਚ, ਜਦੋਂ ਵੀ ਦੇਸ਼ ਦੀ ਸੁਰੱਖਿਆ ਦਾ ਸਵਾਲ ਆਇਆ ਹੈ, ਪੰਜਾਬ ਦੇ ਸੈਨਿਕ ਸਭ ਤੋਂ ਪਹਿਲਾਂ ਅੱਗੇ ਆਏ ਹਨ ਅਤੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ। ਅੱਜ ਵੀ, ਜਦੋਂ ਫੌਜ ਦੀਆਂ ਕਤਾਰਾਂ ਵਿੱਚ 'ਜੋ ਬੋਲੇ ਸੋ ਨਿਹਾਲ' ਦਾ ਜੈਕਾਰਾ ਗੂੰਜਦਾ ਹੈ, ਤਾਂ ਪਾਕਿਸਤਾਨੀ ਫੌਜ ਪਿੱਛੇ ਹਟ ਜਾਂਦੀ ਹੈ।

➢ ਕਿਸਾਨਾਂ ਲਈ: ਅਮਿਤ ਸ਼ਾਹ ਨੇ ਕਿਹਾ – ਜਦੋਂ ਵੀ ਦੇਸ਼ ਨੂੰ ਅਨਾਜ ਦੀ ਕਮੀ ਜਾਂ ਲੋੜ ਦਾ ਸਾਹਮਣਾ ਕਰਨਾ ਪਿਆ, ਪੰਜਾਬ ਦੇ ਕਿਸਾਨਾਂ ਨੇ ਦੇਸ਼ ਦੇ ਅਨਾਜ ਭੰਡਾਰ ਭਰਨ ਲਈ ਅਣਥੱਕ ਮਿਹਨਤ ਕੀਤੀ। ਪੰਜਾਬ ਸਰਕਾਰ ਨੇ 26 ਫਸਲਾਂ 'ਤੇ ਐਮ.ਐਸ.ਪੀ. ਦੇਣ ਦਾ ਵਾਅਦਾ ਕੀਤਾ ਸੀ ਪਰ ਉਹ ਇਸ ਵਾਅਦੇ ਨੂੰ ਪੂਰਾ ਕਰਨ ਵਿੱਚ ਅਸਫਲ ਰਹੀ। ਇਸ ਦੇ ਉਲਟ, ਗੁਆਂਢੀ ਰਾਜ ਹਰਿਆਣਾ ਨੇ ਆਪਣੇ ਕਿਸਾਨਾਂ ਨੂੰ ਫਸਲਾਂ 'ਤੇ ਐਮ.ਐਸ.ਪੀ. ਮੁਹੱਈਆ ਕਰਵਾਈ ਹੈ। ਜੇਕਰ ਅਸੀਂ ਸਰਕਾਰ ਬਣਾਉਂਦੇ ਹਾਂ, ਤਾਂ ਅਸੀਂ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਕੱਢਾਂਗੇ।

➢ ਨੌਜਵਾਨਾਂ ਲਈ: ਅਮਿਤ ਸ਼ਾਹ ਨੇ ਕਿਹਾ – ਇਹ ਬਹੁਤ ਦੁਖਦਾਈ ਗੱਲ ਹੈ ਜਦੋਂ ਕੋਈ ਹੋਣਹਾਰ ਨੌਜਵਾਨ ਪਹਿਲਵਾਨ ਨਸ਼ਿਆਂ ਕਾਰਨ ਸਮੇਂ ਤੋਂ ਪਹਿਲਾਂ ਮੌਤ ਦਾ ਸ਼ਿਕਾਰ ਹੋ ਜਾਂਦਾ ਹੈ। ਮੈਂ ਪੰਜਾਬ ਦੇ ਨੌਜਵਾਨਾਂ ਨਾਲ ਵਾਅਦਾ ਕਰਦਾ ਹਾਂ: ਰਾਜ ਦੇ ਸੁਨਹਿਰੇ ਭਵਿੱਖ ਲਈ ਭਾਜਪਾ ਨੂੰ ਵੋਟ ਦਿਓ, ਅਤੇ ਅਸੀਂ ਤੁਹਾਨੂੰ ਨਸ਼ਿਆਂ ਦੀ ਇਸ ਦਲਦਲ ਵਿੱਚੋਂ ਬਾਹਰ ਕੱਢਾਂਗੇ ਅਤੇ ਤੁਹਾਨੂੰ ਰੁਜ਼ਗਾਰ ਦੇ ਢੁਕਵੇਂ ਮੌਕੇ ਪ੍ਰਦਾਨ ਕਰਾਂਗੇ।

➢ ਔਰਤਾਂ ਲਈ: ਪੰਜਾਬ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਜਪਾ ਨੇ ਦੇਸ਼ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਇਸ ਲਈ ਉਹ ਨਸ਼ਾ-ਮੁਕਤ ਪੰਜਾਬ ਦੇ ਵਾਅਦੇ ਨੂੰ ਵੀ ਜ਼ਰੂਰ ਪੂਰਾ ਕਰਨਗੇ। ਉਨ੍ਹਾਂ ਦੱਸਿਆ ਕਿ ਉਹ ਨਿੱਜੀ ਤੌਰ 'ਤੇ ਅਜਿਹੀਆਂ ਮਾਵਾਂ ਨੂੰ ਮਿਲੇ ਹਨ ਜਿਨ੍ਹਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤਰ ਗੁਆ ਦਿੱਤੇ ਹਨ; ਇੱਕ ਮਾਂ, ਜੋ ਆਪਣੇ ਦੋ ਮ੍ਰਿਤਕ ਬੱਚਿਆਂ ਦੀਆਂ ਤਸਵੀਰਾਂ ਫੜੀ ਹੋਈ ਸੀ, ਪੰਜਾਬ ਨੂੰ ਬਚਾਉਣ ਦੀ ਗੁਹਾਰ ਲਗਾ ਰਹੀ ਸੀ।

➢ ਪੰਜਾਬ ਸਰਕਾਰ ਬਾਰੇ: ਅਮਿਤ ਸ਼ਾਹ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਨਸ਼ਾ-ਵਿਰੋਧੀ ਮੁੱਦੇ 'ਤੇ ਇੱਕ ਵੀ ਮੀਟਿੰਗ ਨਹੀਂ ਕੀਤੀ। ਉਨ੍ਹਾਂ ਨੇ ਜਲੰਧਰ ਵਿੱਚ ਐਨ.ਸੀ.ਬੀ. ਦਾ ਦਫ਼ਤਰ ਖੋਲ੍ਹਣ ਸਬੰਧੀ ਕੇਂਦਰ ਦੇ ਪ੍ਰਸਤਾਵ ਨੂੰ ਵੀ ਰੱਦ ਕਰ ਦਿੱਤਾ ਸੀ। ਉਨ੍ਹਾਂ ਅੱਗੇ ਕਿਹਾ ਕਿ ਅੱਜ ਪੰਜਾਬ ਵਿੱਚ ਔਰਤਾਂ ਦੀ ਸੁਰੱਖਿਆ ਇੱਕ ਅਹਿਮ ਮੁੱਦਾ ਬਣ ਗਿਆ ਹੈ—ਅਤੇ ਭਾਜਪਾ ਸਰਕਾਰ ਦੇ ਸੱਤਾ ਵਿੱਚ ਆਉਣ 'ਤੇ ਇਸ ਮੁੱਦੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

ਸ੍ਰੀ ਦੇਵੀ ਤਲਾਬ ਮੰਦਰ ਵਿਖੇ ਨਤਮਸਤਕ ਹੋਏ ਅਮਿਤ ਸ਼ਾਹ

ਦੇਸ਼ ਪ੍ਰਦੇਸ਼ ਜਲੰਧਰ, 30 ਸਤੰਬਰ (ਜੇ ਐਸ ਸੰਧੂ/ਕੰਵਲਜੀਤ ਸਿੰਘ ਮੱਕੜ) : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਜਲੰਧਰ ਦੌਰੇ 'ਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਪਰਾਗਪੁਰ ਵਿਖੇ ਹੋਣ ਵਾਲੀ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸਮਾਪਤੀ ਰੈਲੀ ਤੋਂ ਪਹਿਲਾਂ ਸ੍ਰੀ ਦੇਵੀ ਤਲਾਬ ਮੰਦਰ ਵਿਖੇ ਮੱਥਾ ਟੇਕਿਆ ਅਤੇ ਪੂਜਾ ਅਰਚਨਾ ਕੀਤੀ। ਸ੍ਰੀ ਦੇਵੀ ਤਲਾਬ ਮੰਦਰ ਦੇ ਇਤਿਹਾਸਕ ਤ੍ਰਿਪੁਰਮਾਲਿਨੀ ਸ਼ਕਤੀਪੀਠ ਵਿਖੇ ਵੀ ਉਨ੍ਹਾਂ ਨੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਉਨ੍ਹਾਂ ਦੇ ਨਾਲ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸਾਬਕਾ ਵਿਧਾਇਕ ਕੇ.ਡੀ. ਭੰਡਾਰੀ ਵੀ ਮੌਜੂਦ ਰਹੇ। ਮੰਦਰ ਵਿੱਚ ਪੂਜਾ ਅਰਚਨਾ ਉਪਰੰਤ ਅਮਿਤ ਸ਼ਾਹ ਪਰਾਗਪੁਰ ਸਥਿਤ ਰੈਲੀ ਵਾਲੇ ਸਥਾਨ ਲਈ ਰਵਾਨਾ ਹੋ ਗਏ। ਰੈਲੀ ਸਥਾਨ ਅਤੇ ਇਸ ਦੇ ਆਲੇ-ਦੁਆਲੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ। ਭਾਜਪਾ ਦੀ 13 ਦਿਨਾਂ 'ਨਸ਼ਾ ਮੁਕਤ ਪੰਜਾਬ ਯਾਤਰਾ' 18 ਸਤੰਬਰ ਨੂੰ ਸ਼ੁਰੂ ਹੋਈ ਸੀ ਅਤੇ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਨੂੰ ਕਵਰ ਕਰਦਿਆਂ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕੀਤਾ ਗਿਆ। ਇਸ ਯਾਤਰਾ ਦਾ ਸਮਾਪਤੀ ਸਮਾਗਮ ਜਲੰਧਰ ਵਿੱਚ ਅਮਿਤ ਸ਼ਾਹ ਦੀ ਰੈਲੀ ਨਾਲ ਹੋ ਰਿਹਾ ਹੈ। ਰੈਲੀ ਤੋਂ ਪਹਿਲਾਂ ਹੀ ਪੰਡਾਲ ਵਿੱਚ ਭਾਜਪਾ ਸਮਰਥਕਾਂ ਅਤੇ ਵਰਕਰਾਂ ਦੀ ਆਮਦ ਸ਼ੁਰੂ ਹੋ ਗਈ। ਪਾਰਟੀ ਵੱਲੋਂ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕਾਂ ਨੂੰ ਰੈਲੀ ਵਿੱਚ ਲਿਆਉਣ ਲਈ ਵੱਡੀ ਗਿਣਤੀ ਵਿੱਚ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ। ਰੈਲੀ ਲਈ ਪਰਾਗਪੁਰ-ਜੀ.ਟੀ. ਰੋਡ ਇਲਾਕੇ ਵਿੱਚ ਵੱਡਾ ਪੰਡਾਲ ਤਿਆਰ ਕੀਤਾ ਗਿਆ ਹੈ। ਦੂਜੇ ਪਾਸੇ ਅਮਿਤ ਸ਼ਾਹ ਦੇ ਜਲੰਧਰ ਦੌਰੇ ਨੂੰ ਲੈ ਕੇ ਸਿਆਸੀ ਮਾਹੌਲ ਵੀ ਗਰਮਾਇਆ ਹੋਇਆ ਹੈ। ਸ਼ਹਿਰ ਦੇ ਵੱਖ-ਵੱਖ ਰਸਤਿਆਂ 'ਤੇ ਅਮਿਤ ਸ਼ਾਹ ਅਤੇ ਕੇਂਦਰ ਸਰਕਾਰ ਨਾਲ ਸਬੰਧਤ ਮੁੱਦਿਆਂ ਨੂੰ ਲੈ ਕੇ ਸਵਾਲਾਂ ਵਾਲੇ ਬੋਰਡ ਲਗਾਏ ਗਏ ਹਨ। ਇਨ੍ਹਾਂ ਬੋਰਡਾਂ ਰਾਹੀਂ ਪੰਜਾਬ ਨਾਲ ਸਬੰਧਤ ਵੱਖ-ਵੱਖ ਮਾਮਲਿਆਂ 'ਤੇ ਕੇਂਦਰ ਸਰਕਾਰ ਤੋਂ ਜਵਾਬ ਮੰਗੇ ਗਏ ਹਨ। ਇਸ ਤੋਂ ਪਹਿਲਾਂ ਕਾਂਗਰਸ ਆਗੂ ਚਰਨਜੀਤ ਸਿੰਘ ਚੰਨੀ ਅਤੇ ਵਿਧਾਇਕ ਪਰਗਟ ਸਿੰਘ ਵੱਲੋਂ ਵੀ ਭਾਜਪਾ ਦੀ 'ਨਸ਼ਾ ਮੁਕਤ ਰੈਲੀ' ਨੂੰ ਲੈ ਕੇ ਸਵਾਲ ਉਠਾਏ ਗਏ ਸਨ। ਉਨ੍ਹਾਂ ਨੇ ਨਸ਼ੇ ਦੇ ਮੁੱਦੇ 'ਤੇ ਕੇਂਦਰ ਸਰਕਾਰ ਦੀ ਭੂਮਿਕਾ ਅਤੇ ਸਰਹੱਦੀ ਖੇਤਰਾਂ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਬੰਧੀ ਸਵਾਲ ਚੁੱਕੇ ਸਨ। ਪਰਗਟ ਸਿੰਘ ਨੇ ਕੇਂਦਰ ਅਤੇ ਪੰਜਾਬ ਸਰਕਾਰ ਦਰਮਿਆਨ ਨਸ਼ਿਆਂ ਖ਼ਿਲਾਫ਼ ਹੋਰ ਤਾਲਮੇਲ ਅਤੇ ਕੇਂਦਰ ਦੀ ਭੂਮਿਕਾ ਸਪੱਸ਼ਟ ਕਰਨ ਦੀ ਮੰਗ ਵੀ ਕੀਤੀ। ਇਸ ਤਰ੍ਹਾਂ ਅਮਿਤ ਸ਼ਾਹ ਦੀ ਜਲੰਧਰ ਰੈਲੀ ਨਸ਼ਿਆਂ ਦੇ ਮੁੱਦੇ ਦੇ ਨਾਲ-ਨਾਲ ਪੰਜਾਬ ਦੀ ਸਿਆਸਤ ਵਿੱਚ ਵੀ ਚਰਚਾ ਦਾ ਕੇਂਦਰ ਬਣੀ ਹੋਈ ਹੈ।

ਐਲਪੀਯੂ ਹਿੰਸਾ ਮਾਮਲੇ 'ਚ ਹਾਈਕੋਰਟ ਸਖ਼ਤ, ਪੰਜਾਬ ਸਰਕਾਰ ਤੋਂ ਮੰਗੀ ਜਾਂਚ ਦੀ ਰਿਪੋਰਟ

ਦੇਸ਼ ਪ੍ਰਦੇਸ਼

ਫਗਵਾੜਾ, 30 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਹੋਈ ਹਿੰਸਾ ਬਾਰੇ ਰਾਜ ਸਰਕਾਰ ਤੋਂ ਸਥਿਤੀ ਰਿਪੋਰਟ ਮੰਗੀ ਹੈ। ਹਾਈ ਕੋਰਟ ਨੇ ਕੀਤੀ ਗਈ ਕਾਰਵਾਈ, ਦੋਸ਼ੀ ਪਾਏ ਗਏ ਵਿਅਕਤੀਆਂ ਅਤੇ ਉਨ੍ਹਾਂ ਵਿਰੁੱਧ ਲਾਗੂ ਕੀਤੇ ਗਏ ਜਾਂ ਪ੍ਰਸਤਾਵਿਤ ਉਪਾਵਾਂ ਬਾਰੇ ਵੇਰਵੇ ਮੰਗੇ ਹਨ; ਇਸ ਸਬੰਧ ਵਿੱਚ ਇੱਕ ਵਿਸਤ੍ਰਿਤ ਹਲਫ਼ਨਾਮਾ ਦਾਖਲ ਕਰਨ ਲਈ ਕਿਹਾ ਗਿਆ ਹੈ। ਪਟੀਸ਼ਨ ਵਿੱਚ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਪ੍ਰਦਰਸ਼ਨਾਂ ਦੀ ਆੜ ਵਿੱਚ ਰਾਸ਼ਟਰੀ ਰਾਜਮਾਰਗ (ਨੈਸ਼ਨਲ ਹਾਈਵੇਅ) ਨੂੰ ਜਾਮ ਕਰਨ ਨਾਲ ਰਾਸ਼ਟਰੀ ਸੁਰੱਖਿਆ ਖਤਰੇ ਵਿੱਚ ਪੈ ਗਈ ਸੀ। ਇਹ ਰਾਜਮਾਰਗ ਜੰਮੂ-ਕਸ਼ਮੀਰ—ਜਿਸ ਦੀ ਸਰਹੱਦ ਪਾਕਿਸਤਾਨ ਨਾਲ ਲੱਗਦੀ ਹੈ—ਨੂੰ ਦੇਸ਼ ਦੇ ਬਾਕੀ ਹਿੱਸਿਆਂ ਨਾਲ ਜੋੜਦਾ ਹੈ। ਹਾਈ ਕੋਰਟ ਨੇ ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ 'ਤੇ ਅਜੇ ਕੋਈ ਫੈਸਲਾ ਨਹੀਂ ਸੁਣਾਇਆ ਹੈ। ਅਗਲੀ ਸੁਣਵਾਈ 8 ਅਕਤੂਬਰ ਨੂੰ ਤੈਅ ਕੀਤੀ ਗਈ ਹੈ। ਕੇਂਦਰ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਐਡੀਸ਼ਨਲ ਸਾਲਿਸਟਰ ਜਨਰਲ ਸਤਿਆ ਪਾਲ ਜੈਨ ਨੇ ਦੱਸਿਆ ਕਿ ਇਹ ਪਟੀਸ਼ਨ ਐਲਪੀਯੂ ਦੇ ਵਿਦਿਆਰਥੀ ਰਵੀ ਰਾਜ ਵੱਲੋਂ ਦਾਇਰ ਕੀਤੀ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਇੱਕ ਝੂਠੀ ਪੋਸਟ ਫੈਲਾਈ ਗਈ ਸੀ ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਦੋ ਲੜਕੀਆਂ ਨਾਲ ਬਲਾਤਕਾਰ ਹੋਇਆ ਹੈ ਅਤੇ ਉਨ੍ਹਾਂ ਨੇ ਬਾਅਦ ਵਿੱਚ ਖੁਦਕੁਸ਼ੀ ਕਰ ਲਈ ਹੈ। ਇਸ ਕਾਰਨ ਵਿਦਿਆਰਥੀਆਂ ਅਤੇ ਬਾਹਰੀ ਲੋਕਾਂ ਵਿਚਕਾਰ ਹਿੰਸਾ ਭੜਕ ਉੱਠੀ, ਜਿਨ੍ਹਾਂ ਨੇ ਜੀਪਾਂ ਅਤੇ ਕਾਰਾਂ 'ਤੇ ਹਮਲਾ ਕੀਤਾ। ਏਐਸਜੀ ਜੈਨ ਨੇ ਪਟੀਸ਼ਨਕਰਤਾ ਦੇ ਉਸ ਦਾਅਵੇ ਦਾ ਜ਼ਿਕਰ ਕੀਤਾ ਕਿ ਫਗਵਾੜਾ-ਜਲੰਧਰ ਰਾਸ਼ਟਰੀ ਰਾਜਮਾਰਗ ਲੰਬੇ ਸਮੇਂ ਤੱਕ ਜਾਮ ਰਿਹਾ। ਇਸ ਨਾਲ ਜੰਮੂ-ਕਸ਼ਮੀਰ—ਜੋ ਦੇਸ਼ ਦੀ ਸਰਹੱਦ 'ਤੇ ਸਥਿਤ ਇੱਕ ਰਣਨੀਤਕ ਤੌਰ 'ਤੇ ਅਹਿਮ ਰਾਜ ਹੈ—ਵੱਲ ਜਾਣ ਵਾਲਾ ਰਸਤਾ ਰੁਕ ਗਿਆ, ਜਿਸ ਨਾਲ ਰਾਸ਼ਟਰੀ ਸੁਰੱਖਿਆ ਲਈ ਖਤਰਾ ਪੈਦਾ ਹੋਇਆ। ਪਟੀਸ਼ਨਕਰਤਾ ਨੇ ਇਹ ਮੰਗ ਵੀ ਕੀਤੀ ਕਿ ਇਸ ਮਾਮਲੇ ਦੀ ਜਾਂਚ ਪੰਜਾਬ ਪੁਲਿਸ ਦੀ ਬਜਾਏ ਸੀਬੀਆਈ ਦੁਆਰਾ ਕੀਤੀ ਜਾਵੇ। ਏਐਸਜੀ ਜੈਨ ਨੇ ਦੱਸਿਆ ਕਿ ਸੁਣਵਾਈ ਦੌਰਾਨ ਜੱਜਾਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਦੋਵਾਂ ਦੀ ਗੱਲ ਸੁਣੀ। ਇਸ ਤੋਂ ਬਾਅਦ, ਪੰਜਾਬ ਸਰਕਾਰ ਨੂੰ ਮਾਮਲੇ ਦੇ ਸਾਰੇ ਤੱਥਾਂ ਨੂੰ ਸ਼ਾਮਲ ਕਰਦੇ ਹੋਏ ਸਥਿਤੀ ਰਿਪੋਰਟ ਸੌਂਪਣ ਦੇ ਨਿਰਦੇਸ਼ ਦਿੱਤੇ ਗਏ। ਪਟੀਸ਼ਨਕਰਤਾ ਦਾ ਦੋਸ਼ ਹੈ ਕਿ ਇਹ ਘਟਨਾ ਅਸਲ ਵਿੱਚ ਕਦੇ ਵਾਪਰੀ ਹੀ ਨਹੀਂ ਸੀ, ਸਗੋਂ ਝੂਠਾ ਪ੍ਰਚਾਰ ਫੈਲਾਇਆ ਗਿਆ ਸੀ ਅਤੇ ਪੰਜਾਬ ਪੁਲਿਸ ਸਥਿਤੀ ਅਨੁਸਾਰ ਲੋੜੀਂਦੀ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹੀ। ਪੁਲਿਸ ਨੇ ਢਿੱਲਾ ਰਵੱਈਆ ਅਪਣਾਇਆ, ਜਿਸ ਨਾਲ ਉੱਥੇ ਸਥਿਤੀ ਹੋਰ ਵਿਗੜ ਗਈ। ਹਾਈ ਕੋਰਟ ਨੇ ਕੀਤੀ ਜਾ ਰਹੀ ਕਾਰਵਾਈ ਬ ਪੰਜਾਬ ਸਰਕਾਰ ਨੇ ਦੱਸਿਆ ਕਿ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਜਾਂਚ ਚੱਲ ਰਹੀ ਹੈ। ਹਾਈ ਕੋਰਟ ਨੇ ਹੁਕਮ ਦਿੱਤਾ ਕਿ ਕੀਤੀ ਗਈ ਕਾਰਵਾਈ, ਦੋਸ਼ੀ ਪਾਏ ਗਏ ਵਿਅਕਤੀਆਂ ਅਤੇ ਉਨ੍ਹਾਂ ਵਿਰੁੱਧ ਲਾਗੂ ਕੀਤੇ ਗਏ ਜਾਂ ਤਜਵੀਜ਼ ਕੀਤੇ ਗਏ ਉਪਾਵਾਂ ਬਾਰੇ ਬਾਕੀ ਸਫ਼ਾ 7 'ਤੇ

ਟੈਕਸ ਦੀਆਂ ਦਰਾਂ ਵਧਾ ਕੇ ਨਹੀਂ ਸਗੋਂ ਟੈਕਸ ਦ

ਸੰਗੀਤਮਈ ਸ੍ਰੀਮਦ ਭਾਗਵਤ ਗਿਆਨ ਯੱਗ ਦਾ ਤੀਜਾ ਦਿਨ

ਭਗਤਾ ਭਾਈ, 30 ਸਤੰਬਰ ( )- ਸ਼ਹਿਰ ਦੀ ਅਗਰਵਾਲ ਧਰਮਸ਼ਾਲਾ ਚੱਲ ਰਹੇ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੇ ਤੀਜੇ ਦਿਨ ਸ਼ਰਧਾਲੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸ੍ਰੀਮਦ ਭਾਗਵਤ ਪੁਰਾਣ ਦੀ ਕਥਾ ਦਾ ਰਸਪਾਨ ਕੀਤਾ। ਇਸ ਮੌਕੇ ਪੂਰਾ ਮਾਹੌਲ ਭਗਤੀ, ਸ਼ਰਧਾ ਅਤੇ ਆਧਿਆਤਮਿਕਤਾ ਨਾਲ ਰੰਗਿਆ ਹੋਇਆ ਨਜ਼ਰ ਆਇਆ। ਕਥਾ ਸਮਾਗਮ ਦੇ ਤੀਸਰੇ ਦਿਨ ਸ਼ਮਾਂ ਰੌਸ਼ਨ ਰਘੂਬੀਰ ਜਿਊਲਰਜ਼ ਦੇ ਰਾਮ ਸਿੰਘ ਅਤੇ ਜਗਮੋਹਨ ਲਾਲ ਗਰਗ ਆਦਿ ਨੇ ਅਦਾ ਕੀਤੀ। ਕਥਾ ਵਿਆਖਿਆ ਕਰਦਿਆਂ ਸੁਆਮੀ ਰਾਮ ਤੀਰਥ ਜੀ ਨੇ ਸ੍ਰੀਮਦ ਭਾਗਵਤ ਪੁਰਾਣ ਦੀ ਮਹਾਨਤਾ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਭਾਗਵਤ ਪੁਰਾਣ ਸਿਰਫ਼ ਇੱਕ ਧਾਰਮਿਕ ਗ੍ਰੰਥ ਹੀ ਨਹੀਂ, ਸਗੋਂ ਮਨੁੱਖ ਨੂੰ ਜੀਵਨ ਜਿਊਣ ਦੀ ਸਹੀ ਦਿਸ਼ਾ ਦੇਣ ਵਾਲਾ ਆਧਿਆਤਮਿਕ ਮਾਰਗਦਰਸ਼ਕ ਹੈ। ਉਨ੍ਹਾਂ ਕਿਹਾ ਕਿ ਸ਼ਰਾਧਾਂ ਦੇ ਸਮੇਂ ਸ੍ਰੀਮਦ ਭਾਗਵਤ ਪੁਰਾਣ ਦਾ ਵਿਸ਼ੇਸ਼ ਮਹੱਤਵ ਮੰਨਿਆ ਜਾਂਦਾ ਹੈ, ਕਿਉਂਕਿ ਇਸ ਦਾ ਪਾਠ ਅਤੇ ਸ੍ਰਵਣ ਮਨ ਨੂੰ ਸ਼ਾਂਤੀ, ਸ਼ਰਧਾ ਅਤੇ ਸਤਿਕਾਰ ਦੀ ਭਾਵਨਾ ਨਾਲ ਜੋੜਦਾ ਹੈ। ਸੁਆਮੀ ਰਾਮ ਤੀਰਥ ਜੀ ਨੇ ਕਿਹਾ ਕਿ ਸਾਡੇ ਪੁਰਖਿਆਂ ਪ੍ਰਤੀ ਸੱਚੀ ਸ਼ਰਧਾਂਜਲੀ ਕੇਵਲ ਰਸਮਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਬਲਕਿ ਉਨ੍ਹਾਂ ਵੱਲੋਂ ਦਿੱਤੇ ਸੰਸਕਾਰਾਂ ਅਤੇ ਸਤਿਕਾਰਯੋਗ ਜੀਵਨ-ਮੁੱਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਵੀ ਜ਼ਰੂਰੀ ਹੈ। ਭਾਗਵਤ ਕਥਾ ਮਨੁੱਖ ਨੂੰ ਅੰਦਰੋਂ ਸ਼ੁੱਧ ਕਰਕੇ ਸੇਵਾ, ਸਿਮਰਨ, ਸੱਚਾਈ, ਦਇਆ ਅਤੇ ਪਰਉਪਕਾਰ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਸੰਗਤ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਅੱਜ ਦੇ ਭੌਤਿਕਵਾਦੀ ਅਤੇ ਤਣਾਅ ਭਰੇ ਜੀਵਨ ਵਿੱਚ ਮਨ ਦੀ ਸ਼ਾਂਤੀ ਲਈ ਪਰਮਾਤਮਾ ਦਾ ਸਿਮਰਨ ਅਤੇ ਸਤਿਸੰਗ ਬਹੁਤ ਜ਼ਰੂਰੀ ਹੈ। ਜੇਕਰ ਮਨੁੱਖ ਆਪਣੇ ਜੀਵਨ ਵਿੱਚ ਭਗਵਾਨ ਦੇ ਨਾਮ, ਸੇਵਾ ਅਤੇ ਸਦਾਚਾਰ ਨੂੰ ਥਾਂ ਦੇਵੇ ਤਾਂ ਜੀਵਨ ਵਿੱਚ ਸਕਾਰਾਤਮਕਤਾ ਅਤੇ ਆਤਮਿਕ ਸ਼ਾਂਤੀ ਪੈਦਾ ਹੁੰਦੀ ਹੈ। ਇਸ ਮੌਕੇ ਸ਼ਰਧਾਲੂਆਂ ਨੇ ਇਕਾਗਰ ਚਿੱਤ ਨਾਲ ਭਾਗਵਤ ਕਥਾ ਸਰਵਣ ਕੀਤੀ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੈਕਾਰਿਆਂ ਨਾਲ ਧਰਮਸ਼ਾਲਾ ਦਾ ਵਾਤਾਵਰਨ ਭਗਤੀਮਈ ਕਰ ਦਿੱਤਾ। ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੌਰਾਨ ਰੋਜ਼ਾਨਾ ਵੱਡੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦਾ ਸਿਲਸਿਲਾ ਜਾਰੀ ਹੈ। ਸਮਾਗਮ ਦੇ ਆਯੋਜਕਾਂ ਵਲੋਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਕਥਾ ਸਮਾਗਮ ਵਿਚ ਪਹੁੰਚ ਕੇ ਭਗਵਾਨ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਪੰਜਾਬ ਦਾ ਅੱਠਵਾਂ ਮੁਕੰਮਲ ਹਿਫ਼ਜ਼-ਏ-ਕੁਰਾਨ ਮੁਕਾਬਲਾ 2 ਅਕਤੂਬਰ ਨੂੰ

ਮਾਲੇਰਕੋਟਲਾ 30 ਸਤੰਬਰ (ਮੁਨਸ਼ੀ ਫਾਰੂਕ) ਯੂਸਫ਼ ਮੈਮੋਰੀਅਲ ਅੰਡ ਵੈਲਫੇਅਰ ਸੋਸਾਇਟੀ ਰਜਿਸਟਰਡ ਮਲੇਰਕੋਟਲਾ ਵੱਲੋਂ ਪੰਜਾਬ ਦਾ ਅੱਠਵਾਂ ਮੁਕੰਮਲ ਹਿਫ਼ਜ਼-ਏ-ਕੁਰਾਨ ਮੁਕਾਬਲਾ 2 ਅਕਤੂਬਰ 2026, ਦਿਨ ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਹ ਧਾਰਮਿਕ ਅਤੇ ਗਿਆਨਵਰਧਕ ਸਮਾਗਮ ਸ਼ਾਮ 6 ਵਜੇ ਮਦਰਸਾ ਅਰਬੀਆ ਹਿਫ਼ਜ਼ੁਲ-ਕੁਰਾਨ, ਜਮਾਲਪੁਰਾ, ਮਲੇਰਕੋਟਲਾ ਵਿਖੇ ਹੋਵੇਗਾ।ਸੋਸਾਇਟੀ ਵੱਲੋਂ ਇਸ ਮੁਕਾਬਲੇ ਨੂੰ ਲੈ ਕੇ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਮੁਕਾਬਲੇ ਦਾ ਉਦੇਸ਼ ਪਵਿੱਤਰ ਕੁਰਾਨ ਨੂੰ ਯਾਦ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਨਾ ਅਤੇ ਉਨ੍ਹਾਂ ਦੀਆਂ ਧਾਰਮਿਕ ਤੇ ਸਿੱਖਿਆਤਮਕ ਪ੍ਰਾਪਤੀਆਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਧਾਰਮਿਕ, ਸਮਾਜਿਕ ਅਤੇ ਸਿੱਖਿਆ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਸੋਸਾਇਟੀ ਵੱਲੋਂ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਵਿਸ਼ੇਸ਼ ਸਮਾਗਮ ਵਿੱਚ ਪਹੁੰਚ ਕੇ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਨ। ਸ਼੍ਰੀ ਖਾਲਿਦ ਅਹਿਮਦ ਬਿੰਦ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, ਇਹ ਮੁਕਾਬਲਾ ਹਰ ਸਾਲ ਕੁਰਾਨ-ਏ-ਪਾਕ ਦੀ ਤਾਲੀਮ ਅਤੇ ਹਿਫ਼ਜ਼ ਦੀ ਮਹੱਤਤਾ ਨੂੰ ਉਜਾਗਰ ਕਰਨ ਦੇ ਮਕਸਦ ਨਾਲ ਕਰਵਾਇਆ ਜਾਂਦਾ ਹੈ ਅਤੇ ਇਸ ਵਾਰ ਵੀ ਸਮਾਗਮ ਨੂੰ ਯਾਦਗਾਰ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਵੱਲੋਂ 1 ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਖਰੀਦ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ

ਇਸ ਸਾਲ 14.74 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਦੀ ਉਮੀਦ : ਡਿਪਟੀ ਕਮਿਸ਼ਨਰ

ਬਠਿੰਡਾ, 30 ਸਤੰਬਰ :(ਰਾਣਾ ਸ਼ਰਮਾ) ਡਿਪਟੀ ਕਮਿਸ਼ਨਰ ਬਠਿੰਡਾ ਰਾਜੇਸ਼ ਧੀਮਾਨ ਨੇ ਅੱਜ 1 ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਖਰੀਦ ਸਬੰਧੀ ਦਾਣਾ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਆੜ੍ਹਤੀਆਂ, ਸ਼ੈਲਰ ਮਾਲਕਾਂ, ਕੰਬਾਈਨ ਹਾਰਵੈਸਟਰ ਆਪਰੇਟਰਾਂ, ਖੇਤੀਬਾੜੀ ਵਿਭਾਗ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਮੰਡੀ ਬੋਰਡ ਆਦਿ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸੀਜ਼ਨ ਦੌਰਾਨ ਦਾਣਾ ਮੰਡੀਆਂ ਵਿੱਚ 14.74 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਉਮੀਦ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਚੰਗੀ ਤਰ੍ਹਾਂ ਸੁਕਾਇਆ ਹੋਇਆ ਝੋਨਾ ਹੀ ਦਾਣਾ ਮੰਡੀਆਂ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ ਜਾਵੇ। ਚੰਗੀ ਤਰ੍ਹਾਂ ਸੁਕਾਇਆ ਹੋਇਆ ਝੋਨਾ ਮੰਡੀਆਂ ਵਿੱਚ ਲਿਆਉਣ ਨਾਲ ਨਾ ਕੇਵਲ ਫ਼ਸਲ ਦੀ ਸਮੇਂ-ਸਿਰ ਖਰੀਦ ਯਕੀਨੀ ਬਣੇਗੀ, ਸਗੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਇੰਤਜ਼ਾਰ ਵੀ ਨਹੀਂ ਕਰਨਾ ਪਵੇਗਾ।ਉਨ੍ਹਾਂ ਕੰਬਾਈਨ ਹਾਰਵੈਸਟਰ ਆਪਰੇਟਰਾਂ ਨੂੰ ਹਦਾਇਤ ਕੀਤੀ ਕਿ ਝੋਨੇ ਦੀ ਵਾਢੀ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਕੀਤੀ ਜਾਵੇ। ਇਸ ਸਮੇਂ ਤੋਂ ਬਾਅਦ ਝੋਨੇ ਦੀ ਵਾਢੀ ਦੀ ਸਖ਼ਤ ਮਨਾਹੀ ਹੈ, ਕਿਉਂਕਿ ਇਸ ਨਾਲ ਦਾਣਿਆਂ ਵਿੱਚ ਨਮੀ ਦੀ ਮਾਤਰਾ ਵੱਧ ਜਾਂਦੀ ਹੈ।ਇਸੇ ਤਰ੍ਹਾਂ ਦੂਜੇ ਰਾਜਾਂ ਤੋਂ ਝੋਨੇ ਦੀ ਵਿਕਰੀ ਵੀ ਸਖ਼ਤੀ ਨਾਲ ਮਨਾਹੀ ਹੈ। ਇਸ ਨੂੰ ਯਕੀਨੀ ਬਣਾਉਣ ਲਈ ਬਠਿੰਡਾ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਸੱਤ ਥਾਵਾਂ 'ਤੇ ਨਾਕੇ ਲਗਾਏ ਗਏ ਹਨ, ਤਾਂ ਜੋ ਝੋਨਾ ਜਾਂ ਪਰਾਲੀ ਲੈ ਕੇ ਆਉਣ ਵਾਲੀਆਂ ਗੱਡੀਆਂ ਨੂੰ ਜ਼ਿਲ੍ਹੇ ਵਿੱਚ ਦਾਖ਼ਲ ਹੋਣ ਤੋਂ ਰੋਕਿਆ ਜਾ ਸਕੇ।ਉਨ੍ਹਾਂ ਸਰਕਾਰੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਦਾਣਾ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਪਖਾਨਿਆਂ ਅਤੇ ਬਿਜਲੀ ਦੀ ਚੁੱਕਵੀਂ ਵਿਵਸਥਾ ਯਕੀਨੀ ਬਣਾਈ ਜਾਵੇ ਅਤੇ ਮੰਡੀਆਂ ਦੀ ਸਫ਼ਾਈ ਵੀ ਚੁੱਕਵੇਂ ਢੰਗ ਨਾਲ ਕਰਵਾਈ ਜਾਵੇ।ਉਨ੍ਹਾਂ ਝੋਨੇ ਦੀ ਖਰੀਦ ਨਾਲ ਸਬੰਧਤ ਸਾਰੇ ਵਿਭਾਗਾਂ ਅਤੇ ਆਮ ਲੋਕ ਨੂੰ ਭਰੋਸਾ ਦਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਨਿਰਵਿਘਨ ਖਰੀਦ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਨੂੰ ਦਾਣਾ ਮੰਡੀਆਂ ਵਿੱਚ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤਪਾਲ ਕੌਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਗੁਰਤਾਰ ਸਿੰਘ, ਜ਼ਿਲ੍ਹਾ ਖੁਰਾਕ ਤੇ ਸਪਲਾਈ ਅਫ਼ਸਰ ਹਰਸ਼ਿਤ ਮਹਿਤਾ, ਜ਼ਿਲ੍ਹਾ ਮੰਡੀ ਅਫ਼ਸਰ ਜਸਵਿੰਦਰ ਸਿੰਘ, ਐੱਸ.ਪੀ. ਕੁਲਦੀਪ ਸਿੰਘ ਬਰਾੜ, ਆੜ੍ਹਤੀਆ ਐਸੋਸੀਏਸ਼ਨ, ਸ਼ੈਲਰ ਐਸੋਸੀਏਸ਼ਨ ਦੇ ਮੈਂਬਰ ਅਤੇ ਕੰਬਾਈਨ ਹਾਰਵੈਸਟਰ ਆਪਰੇਟਰ ਵੀ ਹਾਜ਼ਰ ਸਨ।

ਸ਼ਹੀਦ ਭਗਤ ਸਿੰਘ ਪਾਰਕ ਵਿਖੇ ਕਮਿਊਨਿਟੀ ਜਾਗਰੂਕਤਾ ਪ੍ਰੋਗਰਾਮ ਦਾ ਸਫ਼ਲ ਆਯੋਜਨ

ਮੋਗਾ, 30 ਸਤੰਬਰ (ਜਗਰਾਜ ਸਿੰਘ ਸੰਘਾ) ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਆਫ਼ਤ ਪ੍ਰਬੰਧਨ ਅਥਾਰਟੀ (ਡੀ.ਡੀ.ਐੱਮ.ਏ.), ਮੋਗਾ ਵੱਲੋਂ ਨੈਸਲੇ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਪਾਰਕ, ਵਾਰਡ ਨੰਬਰ 44, ਮੋਗਾ ਵਿਖੇ ਕਮਿਊਨਿਟੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਆਫ਼ਤਾਂ ਨਾਲ ਨਜਿੱਠਣ ਲਈ ਅਗਾਊਂ ਤਿਆਰੀ, ਐਮਰਜੈਂਸੀ ਸਥਿਤੀਆਂ ਦੌਰਾਨ ਤੁਰੰਤ ਅਤੇ ਪ੍ਰਭਾਵਸ਼ਾਲੀ ਪ੍ਰਤੀਕਿਰਿਆ ਅਤੇ ਸੁਰੱਖਿਆ ਦੇ ਵੱਖ-ਵੱਖ ਉਪਾਵਾਂ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਵਾਰਡ ਮੈਂਬਰਾਂ, ਕਮਿਊਨਿਟੀ ਦੇ ਪ੍ਰਮੁੱਖ ਵਿਅਕਤੀਆਂ, ਆਪਦਾ ਮਿੱਤਰਾਂ, ਕਮਿਊਨਿਟੀ ਵਲੰਟੀਅਰਾਂ, ਗੈਰ-ਸਰਕਾਰੀ ਸੰਸਥਾਵਾਂ (ਐੱਨ.ਜੀ.ਓਜ਼.), ਨੈਸਲੇ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਨੁਮਾਇੰਦਿਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਵਿਕਾਸ) ਮਿਸ ਹਰਸ਼ਿਤਾ ਸ਼ਰਮਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਉਹਨਾਂ ਪ੍ਰੋਗਰਾਮ ਦੌਰਾਨ ਹਾਜ਼ਰੀਨ ਨੂੰ ਆਫ਼ਤਾਂ ਤੋਂ ਪਹਿਲਾਂ ਦੀ ਤਿਆਰੀ, ਆਫ਼ਤ ਦੇ ਸਮੇਂ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਅਤੇ ਐਮਰਜੈਂਸੀ ਸਥਿਤੀ ਵਿੱਚ ਤੁਰੰਤ ਸਹਾਇਤਾ ਪ੍ਰਾਪਤ ਕਰਨ ਦੇ ਤਰੀਕਿਆਂ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਗਈ। ਲੋਕਾਂ ਨੂੰ ਵੱਖ-ਵੱਖ ਕਿਸਮ ਦੀਆਂ ਆਫ਼ਤਾਂ ਅਤੇ ਐਮਰਜੈਂਸੀ ਹਾਲਾਤਾਂ ਦੌਰਾਨ ਸੁਰੱਖਿਅਤ ਰਹਿਣ ਅਤੇ ਹੋਰਨਾਂ ਦੀ ਸਹਾਇਤਾ ਕਰਨ ਲਈ ਲੋੜੀਂਦੇ ਕਦਮਾਂ ਬਾਰੇ ਵੀ ਜਾਣੂ ਕਰਵਾਇਆ ਗਿਆ।ਉਹਨਾਂ ਕਿਹਾ ਕਿ ਆਫ਼ਤ ਪ੍ਰਬੰਧਨ ਵਿੱਚ ਜਾਗਰੂਕਤਾ, ਅਗਾਊਂ ਤਿਆਰੀ ਅਤੇ ਸਮੇਂ ਸਿਰ ਕੀਤੀ ਜਾਣ ਵਾਲੀ ਕਾਰਵਾਈ ਰਾਹੀਂ ਜਾਨੀ ਅਤੇ ਮਾਲੀ ਨੁਕਸਾਨ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਮਿਊਨਿਟੀ ਪੱਧਰ 'ਤੇ ਲੋਕਾਂ ਨੂੰ ਐਮਰਜੈਂਸੀ ਸਥਿਤੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਤਿਆਰ ਕਰਨਾ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।ਆਪਦਾ ਮਿੱਤਰਾਂ, ਕਮਿਊਨਿਟੀ ਵਲੰਟੀਅਰਾਂ ਅਤੇ ਸਮਾਜਿਕ ਸੰਸਥਾਵਾਂ ਨੇ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਸਰਗਰਮੀ ਨਾਲ ਭਾਗ ਲਿਆ।ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੌਰਾਨ ਆਫ਼ਤ ਪ੍ਰਬੰਧਨ, ਐਮਰਜੈਂਸੀ ਰਿਸਪਾਂਸ, ਅੱਗ ਲੱਗਣ ਦੀ ਸਥਿਤੀ ਵਿੱਚ ਸੁਰੱਖਿਆ ਉਪਾਵਾਂ, ਮੁੱਢਲੀ ਸਹਾਇਤਾ ਅਤੇ ਹੋਰ ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਸਬੰਧੀ ਜ਼ਰੂਰੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੇ ਨਾਲ ਹੀ ਕਮਿਊਨਿਟੀ ਮੈਂਬਰਾਂ ਨੂੰ ਸੰਕਟ ਦੀ ਘੜੀ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਐਮਰਜੈਂਸੀ ਸੇਵਾਵਾਂ ਨਾਲ ਪ੍ਰਭਾਵਸ਼ਾਲੀ ਤਾਲਮੇਲ ਬਣਾਉਣ ਬਾਰੇ ਵੀ ਜਾਣੂ ਕਰਵਾਇਆ ਗਿਆ। ਅਮੋਨੀਆ ਗੈਸ ਤੋਂ ਬਚਣ ਦੇ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਨੈਸਲੇ ਇੰਡੀਆ ਪ੍ਰਾਈਵੇਟ ਲਿਮ ਵੱਲੋਂ ਜਾਗਰੂਕਤਾ ਸਮੱਗਰੀ ਦੀ ਵੰਡ ਵੀ ਕੀਤੀ ਗਈ। ਮਿਸ ਹਰਸ਼ਿਤਾ ਸ਼ਰਮਾ ਨੇ ਕਿਹਾ ਕਿ ਆਪਦਾ ਮਿੱਤਰ ਅਤੇ ਕਮਿਊਨਿਟੀ ਵਲੰਟੀਅਰ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਆਮ ਲੋਕਾਂ ਵਿਚਕਾਰ ਮਹੱਤਵਪੂਰਨ ਕੜੀ ਵਜੋਂ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕਮਿਊਨਿਟੀ ਦੀ ਸਰਗਰਮ ਭਾਗੀਦਾਰੀ ਨਾਲ ਆਫ਼ਤ ਪ੍ਰਬੰਧਨ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ ਅਤੇ ਐਮਰਜੈਂਸੀ ਸਥਿਤੀਆਂ ਦੌਰਾਨ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਦਦ ਮਿਲ ਸਕਦੀ ਹੈ।

ਆਜ਼ਾਦ ਪ੍ਰੈਸ, ਵੈਲਫੇਅਰ ਕਲੱਬ ਮੂਣਕ ਵੱਲੋਂ ਸ਼ਹੀਦ ਭਗਤ ਸਿੰਘ ਦਾ 119ਵਾਂ ਜਨਮ ਦਿਹਾੜਾ ਮਨਾਇਆ

ਮੂਣਕ 30 ਸਤੰਬਰ (ਸਾਹਿਬ ਸਿੰਘ ਖੁਰਾਣਾ) ਬੀਤੇ 28 ਸਤੰਬਰ ਨੂੰ ਅਜਾਦ ਪ੍ਰੈਸ, ਵੈਲਫੇਅਰ ਕਲੱਬ ਮੂਣਕ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦਾ119ਵਾਂ ਜਨਮ ਦਿਹਾੜਾ ਬੜੇ ਉਤਸਾਹ ਅਤੇ ਜੋਸ਼ੋ ਖਰੋਸ਼ ਨਾਲ ਮਨਾਇਆ ਅਤੇ ਉਨਾਂ ਦੇ ਜਨਮ ਦਿਨ ਨੂੰ ਮੁੱਖ ਰੱਖਦੇ ਹੋਏ ਇਸ ਮੌਕੇ ਲੱਡੂਆਂ ਦਾ ਪ੍ਰਸ਼ਾਦ ਵੰਡਿਆ ਗਿਆ ਇਸ ਮੌਕੇ ਸੀਨੀਅਰ ਪੱਤਰਕਾਰ ਸ੍ਰੀ ਅਸ਼ੋਕ ਬਾਂਸਲ ਜੀ ਵੱਲੋਂ ਸ਼ਹੀਦ ਭਗਤ ਸਿੰਘ ਜੀ ਨੂੰ ਸਮਰਪਿਤ ਇਨਕਲਾਬੀ ਗੀਤ ਵੀ ਗਾਇਆ ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਦਾ ਜੀਵਨ ਦੇਸ਼ ਦੀ ਆਜ਼ਾਦੀ ਲਈ ਇੱਕ ਮਿਸਾਲ ਹੈ ਨੌਜਵਾਨਾਂ ਨੂੰ ਉਨ੍ਹਾਂ ਦੇ ਰਾਹ ਤੇ ਚਲਦਿਆਂ ਹੋਇਆਂ ਦੇਸ਼ ਅਤੇ ਸਮਾਜ ਲਈ ਅਜ

ਉਦਯੋਗਾਂ ਨੂੰ ਉਤਸ਼ਾਹਿਤ, ਨੌਜਵਾਨਾਂ ਨੂੰ ਰੁਜ਼ਗਾਰ ਤੇ ਕਿਸਾਨਾਂ ਨੂੰ ਬਿਹਤਰ ਬਾਜ਼ਾਰ ਉਪਲਬਧ ਕਰਵਾਉਣਾ ਸਰਕਾਰ ਦੀ ਪਹਿਲ : ਸੀਐਮ ਸੈਣੀ

ਚੰਡੀਗੜ੍ਹ, 30 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਬਜਟ ਘੋਸ਼ਣਾਵਾਂ ਅਤੇ ਸੰਕਲਪ ਪੱਤਰ ਵਿੱਚ ਕੀਤੇ ਗਏ ਵਾਦਿਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਤਹਿਤ ਰਾਜ ਵਿੱਚ ਨਿਵੇਸ਼, ਉਦਯੋਗਿਕ ਵਿਕਾਸ, ਰੁਜ਼ਗਾਰ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ ਤਿੰਨ ਨਵੀਆਂ ਨੀਤੀਆਂ ਨਾਲ ਸਬੰਧਤ ਪ੍ਰੋਤਸਾਹਨ ਯੋਜਨਾਵਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਨਿਵੇਸ਼ ਕਰਨ ਵਾਲੇ ਉੱਦਮੀਆਂ ਨੂੰ ਪਾਰਦਰਸ਼ੀ, ਸਮੇਂ ਸਿਰ ਅਤੇ ਪ੍ਰੇਸ਼ਾਨੀ-ਮੁਕਤ ਵਿਵਸਥਾ ਉਪਲਬਧ ਕਰਵਾਉਣਾ ਸਰਕਾਰ ਦੀ ਪਹਿਲ ਹੈ, ਤਾਂ ਜੋ ਨਿਵੇਸ਼ ਦੇ ਨਾਲ-ਨਾਲ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ ਚੰਡੀਗੜ੍ਹ ਵਿੱਚ ਸਟੈਂਡਿੰਗ ਫਾਈਨੈਂਸ ਕਮੇਟੀ ਦੀ ਮੀਟਿੰਗ ਆਯੋਜਿਤ ਹੋਈ। ਮੀਟਿੰਗ ਵਿੱਚ ਰਾਜ ਵਿੱਚ ਨਿਵੇਸ਼, ਉਦਯੋਗਿਕ ਵਿਕਾਸ, ਐੱਮ.ਐੱਸ.ਐੱਮ.ਈ. ਖੇਤਰ, ਖੇਤੀਬਾੜੀ-ਅਧਾਰਤ ਉਦਯੋਗ ਅਤੇ ਫੂਡ ਪ੍ਰੋਸੈਸਿੰਗ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਹਰਿਆਣਾ ਐਗਰੀ-ਬਿਜ਼ਨਸ ਐਂਡ ਫੂਡ ਪ੍ਰੋਸੈਸਿੰਗ ਪਾਲਸੀ-2026, ਹਰਿਆਣਾ ਪ੍ਰੋਗਰੈਸਿਵ ਐੱਮ.ਐੱਸ.ਐੱਮ.ਈ. ਐਂਡ ਐਕਸਪੋਰਟ ਪ੍ਰੋਮੋਸ਼ਨ ਪਾਲਸੀ-2026 ਅਤੇ ਮੇਕ ਇਨ ਹਰਿਆਣਾ ਇੰਡਸਟ ?ਗੀਅਲ ਪਾਲਸੀ-2026 ਨਾਲ ਸਬੰਧਤ ਪ੍ਰੋਤਸਾਹਨ ਯੋਜਨਾਵਾਂ ਅਤੇ ਵਿੱਤੀ ਪ੍ਰਬੰਧਾਂ 'ਤੇ ਚਰਚਾ ਕੀਤੀ ਗਈ। ਮੀਟਿੰਗ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਰਾਓ ਨਰਬੀਰ ਸਿੰਘ, ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ, ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ, ਵਿੱਤ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਸੀ.ਜੀ. ਰਜਨੀਕਾਂਤ, ਉਦਯੋਗ ਅਤੇ ਵਣਜ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਯਸ਼ ਗਰਗ ਸਮੇਤ ਸੀਨੀਅਰ ਅਧਿਕਾਰੀ ਹਾਜ਼ਰ ਸਨ। ਮੁੱਖ ਮੰਤਰੀ ਨੇ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸੇ ਵੀ ਨਿਵੇਸ਼ਕ ਨੂੰ ਬੇਲੋੜੇ ਤੌਰ 'ਤੇ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ। ਪਾਤਰਤਾ ਪ੍ਰਮਾਣ-ਪੱਤਰ ਜਾਰੀ ਕਰਨ ਤੋਂ ਪਹਿਲਾਂ ਸਬੰਧਤ ਨਿਵੇਸ਼, ਰੁਜ਼ਗਾਰ, ਦਸਤਾਵੇਜ਼ਾਂ ਅਤੇ ਪ੍ਰੋਜੈਕਟ ਦੀ ਪਾਤਰਤਾ ਦਾ ਪੂਰਾ ਵੈਰੀਫਿਕੇਸ਼ਨ ਕੀਤਾ ਜਾਵੇ ਅਤੇ ਪੂਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਪਾਤਰ ਨਿਵੇਸ਼ਕਾਂ ਨੂੰ ਨਿਰਧਾਰਤ ਸਮੇਂ-ਸੀਮਾ ਦੇ ਅੰਦਰ ਸੇਵਾਵਾਂ ਅਤੇ ਪ੍ਰੋਤਸਾਹਨ ਉਪਲਬਧ ਕਰਵਾਉਣਾ ਸਬੰਧਤ ਵਿਭਾਗ ਦੀ ਮੁੱਖ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ। ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ ਨੇ ਮੁੱਖ ਮੰਤਰੀ ਨੂੰ ਮੇਕ ਇਨ ਹਰਿਆਣਾ ਇੰਡਸਟ ?ਗੀਅਲ ਪਾਲਸੀ-2026 ਤਹਿਤ ਪ੍ਰਸਤਾਵਿਤ 18 ਪ੍ਰਮੁੱਖ ਵਿੱਤੀ ਪ੍ਰੋਤਸਾਹਨ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਯੋਜਨਾਵਾਂ ਦੇ ਪ੍ਰਸਤਾਵ 'ਤੇ ਮੁੱਖ ਮੰਤਰੀ ਤੋਂ ਪ੍ਰਵਾਨਗੀ ਪ੍ਰਾਪਤ ਕੀਤੀ। ਡਾ. ਅਮਿਤ ਕੁਮਾਰ ਅਗਰਵਾਲ ਨੇ ਦੱਸਿਆ ਕਿ ਮੇਕ ਇਨ ਹਰਿਆਣਾ ਇੰਡਸਟ ?ਗੀਅਲ ਪਾਲਸੀ-2026 ਤਹਿਤ ਪ੍ਰੋਤਸਾਹਨ ਰਾਸ਼ੀ ਦਾ ਭੁਗਤਾਨ ਪ੍ਰਣਾਲੀ ਦੇਸ਼ ਦੇ ਛੋਟੇ ਚਾਰਟਰਡ ਇੰਜੀਨੀਅਰ ਦੇ ਸਰਟੀਫਿਕੇਟ ਅਤੇ ਅੰਡਰਟੇਕਿੰਗ ਦੇ ਆਧਾਰ 'ਤੇ ਕੁੱਲ ਪ੍ਰੋਤਸਾਹਨ ਰਾਸ਼ੀ ਦਾ ਪਹਿਲਾ 50 ਫੀਸਦੀ ਹਿੱਸਾ ਸਿਰਫ਼ 7 ਕੰਮਕਾਜੀ ਦਿਨਾਂ ਦੇ ਅੰਦਰ ਵੰਡਿਆ ਜਾਵੇਗਾ। ਇਸ ਵਿੱਚ ਵਿੱਤ ਵਿਭਾਗ ਅਤੇ ਸਬੰਧਤ ਵਿਭਾਗ ਦੀ ਨਿਰਧਾਰਤ ਪ੍ਰਕਿਰਿਆ ਸ਼ਾਮਲ ਹੋਵੇਗੀ। ਇਸ ਤੋਂ ਬਾਅਦ ਵਿਭਾਗ ਵੱਲੋਂ ਬਣਾਈ ਗਈ ਕਮੇਟੀ ਜਾਂ ਥਰਡ-ਪਾਰਟੀ ਏਜੰਸੀ ਵੱਲੋਂ ਵਿਸਤ੍ਰਿਤ ਜਾਂਚ ਅਤੇ ਸਾਈਟ ਵਿਜ਼ਿਟ ਪੂਰੀ ਕੀਤੇ ਜਾਣ ਤੋਂ ਬਾਅਦ ਬਾਕੀ 50 ਫੀਸਦੀ ਰਾਸ਼ੀ 45 ਕੰਮਕਾਜੀ ਦਿਨਾਂ ਦੇ ਅੰਦਰ ਜਾਰੀ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦੀ ਪਹਿਲ ਅਜਿਹੀ ਵਿਵਸਥਾ ਤਿਆਰ ਕਰਨਾ ਹੈ, ਜਿਸ ਵਿੱਚ ਨਿਵੇਸ਼ਕ ਨੂੰ ਸੁਵਿਧਾ, ਉਦਯੋਗ ਨੂੰ ਮੁਕਾਬਲੇਬਾਜ਼ ਵਾਤਾਵਰਣ, ਨੌਜਵਾਨਾਂ ਨੂੰ ਰੁਜ਼ਗਾਰ ਅਤੇ ਕਿਸਾਨਾਂ ਨੂੰ ਆਪਣੀ ਉਪਜ ਦਾ ਬਿਹਤਰ ਮੁੱਲ ਮਿਲੇ।

ਯੂਪੀਆਈ ਲੈਣ-ਦੇਣ 'ਤੇ ਫੀਸ ਲਗਾਉਣ ਦੇ ਪ੍ਰਸਤਾਵ ਦੇ ਵਿਰੋਧ 'ਚ ਪ੍ਰਧਾਨ ਮੰਤਰੀ ਨੂੰ ਪੱਤਰ

ਸ਼ਸ਼ੀ ਪਾਲ ਜੈਨ

ਖਰੜ, 30 ਸਤੰਬਰ: ਰਿਟੇਲ ਐਂਡ ਹੋਲਸੇਲ ਕਰਿਆਨਾ ਮਰਚੈਂਟਸ ਐਸੋਸੀਏਸ਼ਨ ਆਫ ਪੰਜਾਬ ਨੇ ਯੂਪੀਆਈ ਲੈਣ-ਦੇਣ 'ਤੇ ਕਿਸੇ ਵੀ ਤਰਾਂ ਦੀ ਵਾਧੂ ਟਰਾਂਜੈਕਸਨ ਫੀਸ ਲਗਾਉਣ ਦੇ ਪ੍ਰਸਤਾਵ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਭੇਜਿਆ ਹੈ। ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਗੁਪਤਾ ਦੀ ਅਗਵਾਈ ਹੇਠ ਭੇਜੇ ਗਏ ਇਸ ਪੱਤਰ ਰਾਹੀਂ ਕੇਂਦਰ ਸਰਕਾਰ ਅਤੇ ਸਬੰਧਤ ਅਦਾਰਿਆਂ ਨੂੰ ਅਪੀਲ ਕੀਤੀ ਗਈ ਹੈ ਕਿ ਡਿਜੀਟਲ ਭੁਗਤਾਨ ਪ੍ਰਣਾਲੀ ਨੂੰ ਛੋਟੇ ਵਪਾਰੀਆਂ ਅਤੇ ਆਮ ਲੋਕਾਂ ਲਈ ਸਸਤਾ ਤੇ ਸੁਵਿਧਾਜਨਕ ਬਣਾਈ ਰੱਖਿਆ ਜਾਵੇ। ਐਸੋਸੀਏਸ਼ਨ ਨੇ ਕਿਹਾ ਕਿ ਅੱਜ ਯੂਪੀਆਈ ਭੁਗਤਾਨ ਪ੍ਰਣਾਲੀ ਦੇਸ਼ ਦੇ ਛੋਟੇ ਦੁਕਾਨਦਾਰਾਂ, ਕਰਿਆਨਾ ਵਪਾਰੀਆਂ ਅਤੇ ਆਮ ਖਪਤਕਾਰਾਂ ਦੀ ਰੋਜਾਨਾ ਜਿੰਦਗੀ ਦਾ ਅਹਿਮ ਹਿੱਸਾ ਬਣ ਚੁੱਕੀ ਹੈ। ਛੋਟੀਆਂ ਤੋਂ ਲੈ ਕੇ ਵੱਡੀਆਂ ਖਰੀਦਾਂ ਤੱਕ, ਲੋਕ ਇਸ ਸਹੂਲਤ ਰਾਹੀਂ ਆਸਾਨੀ ਨਾਲ ਭੁਗਤਾਨ ਕਰ ਰਹੇ ਹਨ। ਅਜਿਹੇ ਵਿੱਚ ਜੇਕਰ ਲੈਣ-ਦੇਣ 'ਤੇ ਵਾਧੂ ਫੀਸ ਲਗਾਈ ਜਾਂਦੀ ਹੈ ਤਾਂ ਇਸ ਨਾਲ ਵਪਾਰੀਆਂ ਦੇ ਖਰਚਿਆਂ ਵਿੱਚ ਵਾਧਾ ਹੋ ਸਕਦਾ ਹੈ ਅਤੇ ਇਸ ਦਾ ਬੋਝ ਆਮ ਖਪਤਕਾਰਾਂ 'ਤੇ ਵੀ ਪੈਣ ਦੀ ਸੰਭਾਵਨਾ ਹੈ। ਐਸੋਸੀਏਸ਼ਨ ਨੇ ਮੰਗ ਕੀਤੀ ਕਿ ਛੋਟੇ ਵਪਾਰੀਆਂ 'ਤੇ ਵਾਧੂ ਆਰਥਿਕ ਬੋਝ ਪਾਉਣ ਵਾਲੀ ਕਿਸੇ ਵੀ ਫੀਸ ਤੋਂ ਗੁਰੇਜ ਕੀਤਾ ਜਾਵੇ ਅਤੇ ਵਧ ਰਹੇ ਕਾਰੋਬਾਰੀ ਖਰਚਿਆਂ ਨੂੰ ਧਿਆਨ ਵਿੱਚ ਰੱਖਦਿਆਂ ਵਪਾਰੀਆਂ ਨੂੰ ਰਾਹਤ ਦਿੱਤੀ ਜਾਵੇ। ਇਸ ਦੇ ਨਾਲ ਹੀ ਬਾਜ਼ਾਰ ਵਿੱਚ ਛੋਟੇ ਨੋਟਾਂ ਅਤੇ ਸਿੱਕਿਆਂ ਦੀ ਘਾਟ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਦੀ ਵੀ ਮੰਗ ਕੀਤੀ ਗਈ। ਐਸੋਸੀਏਸ਼ਨ ਨੇ ਸਰਕਾਰ ਅਤੇ ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ ਇੰਡੀਆ ਨੂੰ ਅਪੀਲ ਕੀਤੀ ਕਿ ਕਿਸੇ ਵੀ ਨਵੇਂ ਭੁਗਤਾਨ ਨਿਯਮ ਨੂੰ ਲਾਗੂ ਕਰਨ ਤੋਂ ਪਹਿਲਾਂ ਉਸ ਦੇ ਆਰਥਿਕ ਪ੍ਰਭਾਵ ਦਾ ਮੁਲਾਂਕਣ ਕੀਤਾ ਜਾਵੇ। ਨਾਲ ਹੀ ਵਪਾਰੀ ਸੰਗਠਨਾਂ ਨਾਲ ਨਿਯਮਿਤ ਸੰਵਾਦ ਸਥਾਪਤ ਕੀਤਾ ਜਾਵੇ, ਤਾਂ ਜੋ ਉਨਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਸਰਕਾਰ ਤੱਕ ਪਹੁੰਚਾਇਆ ਜਾ ਸਕੇ। ਐਸੋਸੀਏਸ਼ਨ ਨੇ ਜੋਰ ਦੇ ਕੇ ਕਿਹਾ ਕਿ ਯੂਪੀਆਈ ਦੀ ਸਫਲਤਾ ਦਾ ਮੁੱਖ ਆਧਾਰ ਇਸ ਦੀ ਸੌਖ, ਤੇਜੀ ਅਤੇ ਸੁਵਿਧਾ ਹੈ। ਇਸ ਲਈ ਇਸ ਪ੍ਰਣਾਲੀ ਨੂੰ ਆਮ ਲੋਕਾਂ ਅਤੇ ਛੋਟੇ ਵਪਾਰੀਆਂ ਲਈ ਕਿਫਾਇਤੀ ਬਣਾਈ ਰੱਖਣਾ ਬੇਹੱਦ ਜ਼ਰੂਰੀ ਹੈ।

ਜਗਤ ਗੁਰੂ ਸੰਕਰਾਚਾਰਿਆ ਸਵਾਮੀ ਸ੍ਰੀ ਨਰਾਇਣ ਨੰਦ ਜੀ ਵਲੋਂ ਰਾਮ ਮੰਦਰ ਵਿਖੇ ਸ਼ੁਰੂ ਕੀਤੀ ਗਈ ਰਾਮ ਕਥਾ

ਸ਼ਸ਼ੀ ਪਾਲ ਜੈਨ

ਖਰੜ, 30 ਸਤੰਬਰ: ਖਰੜ ਦੇ ਸ੍ਰੀ ਰਾਮ ਮੰਦਰ ਵਿਖੇ 1 ਅਕਤੂਬਰ ਤੱਕ ਚੱਲਣ ਵਾਲੀ ਸ੍ਰੀ ਰਾਮ ਕਥਾ ਦਾ ਆਯੋਜਨ ਬੀਤੀ ਰਾਤ ਕੀਤਾ ਗਿਆ। ਇਸ ਮੌਕੇ ਤੇ ਜਗਤ ਗੁਰੂ ਸ਼ੰਕਰਾਚਾਰਿਆ ਸਵਾਮੀ ਸ੍ਰੀ ਨਰਾਇਣ ਨੰਦ ਜੀ ਵਲੋਂ ਸੰਗਤਾਂ ਨੂੰ ਇਸ ਕਥਾ ਦੀ ਮਹੱਤਤਾ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਗਿਆ ਕਿ ਸਤਿਸੰਗ ਬਹੁਤ ਜ਼ਰੂਰੀ ਹੈ ਅਤੇ ਇਸ ਨਾਲ ਹੀ ਮਨੁੱਖ ਦਾ ਕਲਿਆਣ ਹੋ ਸਕਦਾ ਹੈ। ਉਨਾਂ ਕਿਹਾ ਕਿ ਜੀਵਨ ਵਿਚ ਬਰਦਾਸਤ ਕਰਨ ਦੀ ਤਾਕਤ ਹੋਣਾ ਬਹੁਤ ਜ਼ਰੂਰੀ ਹੈ ਅਤੇ ਇਸ ਨਾਲ ਹੀ ਚੰਗਾ ਜੀਵਨ ਬਤੀਤ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਧਰਮ ਦੀ ਰੱਖਿਆ ਲਈ ਸੰਘਰਸ ਕਰਨਾ ਬਹੁਤ ਜ਼ਰੂਰੀ ਹੈ ਅਤੇ ਸੰਘਰਸ ਕਰਨ ਵਾਲਾ ਹਮੇਸ਼ਾਂ ਜਿੱਤਦਾ ਹੈ। ਉਨਾਂ ਕਿਹਾ ਕਿ ਰਾਮ ਕਥਾ ਨੂੰ ਧਿਆਨ ਨਾਲ ਸੁਣ ਕੇ ਉਸ ਤੇ ਅਮਲ ਕਰਨ ਨਾਲ ਹੀ ਜੀਵਨ ਸਫਲ ਹੋ ਸਕਦਾ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਭਾਗ ਲਿਆ।

ਜੇ.ਟੀ.ਪੀ.ਐੱਲ. ਸੁਸਾਇਟੀ ਨੂੰ ਨਗਰ ਕੌਂਸਲ ਖਰੜ ਅਧੀਨ ਲਿਆ ਕੇ ਸਮੱਸਿਆਵਾਂ ਦਾ ਹੋਵੇਗਾ ਪੱਕਾ ਹੱਲ: ਗੋਲਡੀ

ਸ਼ਸ਼ੀ ਪਾਲ ਜੈਨ

ਖਰੜ, 30 ਸਤੰਬਰ: ਲਾਂਡਰਾ-ਖਰੜ ਰੋਡ ਸਥਿਤ ਪ੍ਰਮੁੱਖ ਰਿਹਾਇਸ਼ੀ ਸੁਸਾਇਟੀ ਜੇ.ਟੀ.ਪੀ.ਐੱਲ. ਦੇ ਨਿਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਗੰਭੀਰ ਸਮੱਸਿਆਵਾਂ ਸੁਣਨ ਲਈ ਅੱਜ ਆਮ ਆਦਮੀ ਪਾਰਟੀ ਖਰੜ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਗੋਲਡੀ ਵਿਸ਼ੇਸ਼ ਤੌਰ 'ਤੇ ਸੁਸਾਇਟੀ ਵਿਖੇ ਪਹੁੰਚੇ। ਇਸ ਮੌਕੇ ਰੈਜ਼ੀਡੈਂਟਸ ਵੈੱਲਫੇਅਰ ਸੁਸਾਇਟੀ ਦੀ ਅਗਵਾਈ ਹੇਠ ਇਕੱਤਰ ਹੋਏ ਸੈਂਕੜੇ ਨਿਵਾਸੀਆਂ ਨੇ ਹਲਕਾ ਇੰਚਾਰਜ ਨੂੰ ਮੰਗ ਪੱਤਰ ਸੌਂਪ ਕੇ ਸੁਸਾਇਟੀ ਨੂੰ ਨਗਰ ਕੌਂਸਲ ਖਰੜ ਦੇ ਅਧੀਨ ਲਿਆਉਣ ਦੀ ਪੁਰਜ਼ੋਰ ਮੰਗ ਰੱਖੀ। ਹਲਕਾ ਇੰਚਾਰਜ ਗੋਲਡੀ ਨੇ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸੁਸਾਇਟੀ ਦੇ ਵਿਕਾਸ ਅਤੇ ਸਾਂਭ-ਸੰਭਾਲ ਦਾ ਸਮੁੱਚਾ ਜ਼ਿੰਮਾ ਅਧਿਕਾਰਤ ਤੌਰ 'ਤੇ ਨਗਰ ਕੌਂਸਲ ਖਰੜ ਨੂੰ ਸੌਂਪਿਆ ਜਾਵੇਗਾ ਤਾਂ ਜੋ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮਿਲ ਸਕਣ। ਇਕੱਠ ਨੂੰ ਸੰਬੋਧਨ ਕਰਦਿਆਂ ਆਰ.ਡਬਲਿਊ.ਐੱਸ. ਦੀ ਪ੍ਰਧਾਨ ਸੁਮਨ ਲਤਾ ਨੇ ਦੱਸਿਆ ਕਿ ਬਿਲਡਰ ਦੇ ਦੀਵਾਲੀਆ ਹੋ ਜਾਣ ਮਗਰੋਂ ਸੁਸਾਇਟੀ ਵਿੱਚ ਰਹਿ ਰਹੇ ਲਗਭਗ 1000 ਪਰਿਵਾਰਾਂ ਦੀ ਦੇਖਭਾਲ ਕਰਨ ਵਾਲਾ ਕੋਈ ਨਹੀਂ ਬਚਿਆ। ਸੁਸਾਇਟੀ ਵਾਸੀ ਪੀਣ ਵਾਲੇ ਪਾਣੀ, ਬਿਜਲੀ, ਸੀਵਰੇਜ ਜਾਮ, ਬਰਸਾਤੀ ਪਾਣੀ ਦੀ ਨਿਕਾਸੀ ਅਤੇ ਟੁੱਟੀਆਂ ਸੜਕਾਂ ਕਾਰਨ ਅਤਿਅੰਤ ਤਰਸਯੋਗ ਹਾਲਾਤਾਂ ਵਿੱਚ ਰਹਿਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਇਹ ਮਸਲਾ ਪਹਿਲਾਂ ਵੀ ਸਥਾਨਕ ਪ੍ਰਸ਼ਾਸਨ, ਮੌਜੂਦਾ ਵਿਧਾਇਕ ਅਤੇ ਸੰਸਦ ਮੈਂਬਰ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਪਰ ਹਾਲੇ ਤੱਕ ਕੋਈ ਠੋਸ ਹੱਲ ਨਹੀਂ ਨਿਕਲਿਆ। ਕਿਉਂਕਿ ਇਹ ਖੇਤਰ ਨਗਰ ਕੌਂਸਲ ਅਧੀਨ ਆਉਂਦਾ ਹੈ, ਇਸ ਲਈ ਇਸਦੀ ਜ਼ਿੰਮੇਵਾਰੀ ਸਿੱਧੀ ਨਗਰ ਕੌਂਸਲ ਨੂੰ ਹੀ ਮਿਲਣੀ ਚਾਹੀਦੀ ਹੈ। ਇਸ ਮੌਕੇ ਸੁਸਾਇਟੀ ਦੇ ਮੀਤ ਪ੍ਰਧਾਨ ਦੀਪਕ ਸ਼ਰਮਾ ਨੇ ਪ੍ਰਸ਼ਾਸਨਿਕ ਢਿੱਲਮੱਠ ਦਾ ਜ਼ਿਕਰ ਕਰਦਿਆਂ ਕਿਹਾ ਕਿ ਐੱਸ.ਡੀ.ਐੱਮ. ਵੱਲੋਂ ਕਾਰਜ ਸਾਧਕ ਅਫ਼ਸਰ (ਈ.ਓ.) ਨਗਰ ਕੌਂਸਲ ਨੂੰ ਬਰਸਾਤੀ ਪਾਣੀ ਲਈ ਸਰਕਾਰੀ ਸਟੋਰਮ ਵਾਟਰ ਲਾਈਨ ਵਿਛਾਉਣ ਦੇ ਹੁਕਮ ਦਿੱਤੇ ਜਾ ਚੁੱਕੇ ਹਨ, ਪਰ ਜ਼ਮੀਨੀ ਪੱਧਰ 'ਤੇ ਕੋਈ ਕੰਮ ਸ਼ੁਰੂ ਨਹੀਂ ਹੋਇਆ। ਇਸ ਤੋਂ ਇਲਾਵਾ ਪਿੰਡ ਖੁਨੀ ਮਾਜਰਾ ਦੇ ਐੱਸ.ਟੀ.ਪੀ. ਪਲਾਂਟ ਦੀ ਮੁੱਖ ਪਾਈਪਲਾਈਨ ਪਾਉਣ ਲਈ ਸੁਸਾਇਟੀ ਦੀ ਪੱਕੀ ਸੜਕ ਪੁੱਟੀ ਗਈ ਸੀ, ਜਿਸ ਨੂੰ ਪਾਈਪ ਪੈਣ ਉਪਰੰਤ ਅਜੇ ਤੱਕ ਦੁਬਾਰਾ ਨਹੀਂ ਬਣਾਇਆ ਗਿਆ, ਜਿਸ ਕਾਰਨ ਰੋਜ਼ਾਨਾ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਸੁਸਾਇਟੀ ਦੀ ਮੁੱਖ ਸੜਕ ਨੂੰ ਪਹਿਲ ਦੇ ਆਧਾਰ 'ਤੇ ਨਵੇਂ ਸਿਰਿਓਂ ਬਣਾਉਣ ਦੀ ਮੰਗ ਕੀਤੀ। ਪ੍ਰਧਾਨ ਸੁਮਨ ਲਤਾ ਨੇ ਇੱਕ ਹੋਰ ਗੰਭੀਰ ਮੁੱਦਾ ਚੁੱਕਦਿਆਂ ਦੱਸਿਆ ਕਿ ਨੇੜੇ ਬਣ ਰਹੇ ਇੱਕ ਨਿੱਜੀ ਪ੍ਰੋਜੈਕਟ ਦੇ ਬਿਲਡਰ ਵੱਲੋਂ ਜੇ.ਟੀ.ਪੀ.ਐੱਲ. ਦੀ ਬਾਊਂਡਰੀ ਵਾਲ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਤੋੜ ਕੇ ਸੁਸਾਇਟੀ ਦੇ ਅੰਦਰੂਨੀ ਰਸਤੇ ਦੀ ਨਾਜਾਇਜ਼ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਇਸ ਰਸਤੇ ਨੂੰ ਤੁਰੰਤ ਬੰਦ ਕਰਵਾ ਕੇ ਕੰਧ ਮੁੜ ਬਣਵਾਉਣ ਦੀ ਮੰਗ ਕੀਤੀ। ਸੁਸਾਇਟੀ ਨਿਵਾਸੀ ਜਸਮਿੰਦਰ ਰੋਜ਼ੀ ਅਤੇ ਸੁਧਾ ਡੋਗਰਾ ਨੇ ਸੁਰੱਖਿਆ ਪ੍ਰਬੰਧਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਮੈਗਾ ਸਿਟੀ ਚਾਰੇ ਪਾਸਿਓਂ ਖੁੱਲ੍ਹੀ ਹੋਣ ਕਾਰਨ ਇੱਥੇ ਨਿੱਤ ਦਿਨ ਚੋਰੀ ਦੀਆਂ ਵਾਰਦਾਤਾਂ ਵਾਪਰ ਰਹੀਆਂ ਹਨ। ਥਾਣਾ ਸਦਰ ਖਰੜ ਨੇੜੇ ਹੋਣ ਦੇ ਬਾਵਜੂਦ ਸ਼ਰਾਰਤੀ ਅਨਸਰਾਂ ਵਿੱਚ ਪੁਲਿਸ ਦਾ ਕੋਈ ਖ਼ੌਫ਼ ਨਹੀਂ ਹੈ। ਉਨ੍ਹਾਂ ਮੰਗ ਕੀਤੀ ਕਿ ਪੁਲਿਸ ਗਸ਼ਤ ਵਧਾ ਕੇ ਨਿਵਾਸੀਆਂ ਦੀ ਜਾਨ-ਮਾਲ ਦੀ ਰਾਖੀ ਯਕੀਨੀ ਬਣਾਈ ਜਾਵੇ। ਇਸ ਮੌਕੇ ਹਾਜ਼ਰ ਆਮ ਆਦਮੀ ਪਾਰਟ

ਸੰਪਾਦਕੀ

ਜੀਵਨ ਨੂੰ ਪ੍ਰਭਾਵਤ ਕਰਨ ਵਾਲੇ ਸੰਕਟ

ਇਹਨਾਂ ਦਿਨਾਂ ਦੌਰਾਨ ਜੇਕਰ ਤੁਸੀਂ ਆਪਣੇ ਮੋਬਾਇਲ ਫੋਨ 'ਤੇ ਪੰਜਾਬ ਦੀ ਹਵਾ ਦੀ ਸ਼ੁਧਤਾ ਨੂੰ, ਜਿਸ ਨੂੰ ਅਸੀਂ ਏਅਰ ਕੁਆਲਟੀ ਇੰਡੈਕਸ ਕਹਿੰਦੇ ਹਾਂ ਚੈੱਕ ਕਰੋਗੇ ਤਾਂ ਤੁਸੀਂ ਪਾਓਗੇ ਕਿ ਪਿਛਲੇ ਦੋ ਮਹੀਨਿਆਂ ਤੋਂ ਅਸੀਂ ਰੈੱਡ ਜੋਨ 'ਚ ਰਹਿ ਰਹੇ ਹਾਂ। ਹਰ ਸਾਲ ਇਨ੍ਹਾਂ ਦਿਨਾਂ ਦੌਰਾਨ ਸਾਡੀ ਹਵਾ ਇਕ ਖਾਮੋਸ਼ ਕਾਤਲ ਬਣ ਜਾਂਦੀ ਹੈ। ਇਹ ਸਿਲਸਿਲਾ ਹਰ ਸਾਲ ਪਹਿਲਾਂ ਨਾਲੋਂ ਵੱਧ ਘਾਤਕ ਹੋ ਰਿਹਾ ਹੈ ਪਰ ਅਸੀਂ ਸਾਰੇ ਇਸ ਪ੍ਰਤੀ ਬੇਖ਼ਬਰ ਹਾਂ। ਇਸੇ ਸਾਲ ਇਕ ਖ਼ਬਰ ਨੇ ਮੇਰੇ ਜ਼ਿਹਨ 'ਚ ਪਹਿਲਾਂ ਤੋਂ ਚੱਲ ਰਹੀ ਬੇਚੈਨੀ ਨੂੰ ਕਈ ਗੁਣਾਂ ਵਧਾ ਦਿੱਤਾ। ਖ਼ਬਰ ਇਹ ਸੀ ਕਿ ਡੈਨਮਾਰਕ ਦੇ ਵਿਸ਼ਵ ਦੇ ਨੰਬਰ 3 ਖਿਡਾਰੀ ਐਂਡਰਸ ਅਟੋਨਸੇਨ ਨੇ ਕਿਹਾ ਕਿ ਦਿੱਲੀ ਦੇ ਇਨ੍ਹੀਂ ਦਿਨੀ ਗੰਭੀਰ ਪ੍ਰਦੂਸ਼ਣ ਕਾਰਨ ਉਹ ਬੈਡਮਿੰਟਨ ਟੂਰਨਾਮੈਂਟ 'ਚ ਹਿੱਸਾ ਲੈਣ ਨਹੀਂ ਲੈਣਗੇ। ਇਸ ਬੈਡਮਿੰਟਨ ਖਿਡਾਰੀ ਦਾ ਸਾਡੇ ਦੇਸ਼ 'ਚ ਨਾ ਆਉਣ ਦਾ ਕਾਰਨ ਪ੍ਰਦੂਸ਼ਣ ਹੋਵੇ ਜਾਂ ਕੁਝ ਹੋਰ, ਆਪਾਂ ਨੂੰ ਇਸ ਦੀ ਵਿਆਖਿਆ ਕਰਨ ਦੀ ਲੋੜ ਨਹੀਂ। ਇਕ ਗੱਲ ਪੱਕੀ ਜ਼ਰੂਰ ਹੈ ਕਿ ਦਿੱਲੀ ਸਮੇਤ ਉੱਤਰੀ ਭਾਰਤੀ ਰਾਜਾਂ ਜਿਹਨਾਂ 'ਚ ਖ਼ਾਸ ਤੌਰ 'ਤੇ ਪੰਜਾਬ ਤੇ ਹਰਿਆਣਾ ਹੁਣ ਯੂਪੀ ਤੇ ਹਿਮਾਚਲ ਪ੍ਰਦੇਸ਼ ਵੀ ਇਸ ਤੋਂ ਪਾਸੇ ਨਹੀਂ ਰਹੇ ਇਹਨਾਂ ਰਾਜਾਂ 'ਚ ਨਵੰਬਰ 2025 ਤੋਂ ਜਨਵਰੀ 26 ਤੱਕ ਪ੍ਰਦੂਸ਼ਣ ਦਾ ਪੱਧਰ ਖ਼ਤਰਨਾਕ ਹੱਦ ਤੱਕ ਲਗਾਤਾਰ ਬਣਿਆ ਹੋਇਆ ਹੈ। ਏਅਰ ਕੁਆਲਟੀ ਇੰਡੈਕਸ ਜੋ ਸਾਫ ਹਵਾ ਲਈ 50 ਦੇ ਆਸ ਪਾਸ ਹੋਣਾ ਚਾਹੀਦਾ ਹੈ, ਉਹ ਜ਼ਿਆਦਾਤਰ ਇਲਾਕਿਆਂ 'ਚ 200 ਤੋਂ 550 ਤੱਕ ਹੈ। ਇਹ ਖ਼ਤਰਨਾਕ ਸਥਿਤੀ ਪਿਛਲੇ ਦੋ ਮਹੀਨਿਆਂ ਤੋਂ ਬਣੀ ਹੋਈ ਹੈ। ਹਵਾ ਦਾ ਇਹ ਪ੍ਰਦੂਸ਼ਣ ਜੀਵਨ ਲਈ ਇੰਨਾ ਖ਼ਤਰਨਾਕ ਹੈ ਕਿ ਅਸੀਂ ਸਾਰੇ ਇਨ੍ਹਾਂ ਦਿਨਾਂ ਦੌਰਾਨ 16 ਤੋਂ 20 ਸਿਗਰਟਾਂ ਜਿੰਨਾ ਧੂੰਆਂ ਆਪਣੇ ਅੰਦਰ ਖਿੱਚ ਰਹੇ ਹਾਂ। ਸੰਨ 2023 'ਚ ਦੁਨੀਆ ਭਰ 'ਚ ਹਵਾ ਦੇ ਪ੍ਰਦੂਸ਼ਣ ਕਰਕੇ 78 ਲੱਖ ਮੌਤਾਂ ਹੋਈਆਂ। ਉੱਤਰੀ ਭਾਰਤ ਖ਼ਾਸ ਕਰ ਪੰਜਾਬ 'ਚ ਇਸ ਖ਼ਤਰਨਾਕ ਪ੍ਰਦੂਸ਼ਣ ਨਾਲ ਮੌਤਾਂ ਵੀ ਹੋ ਰਹੀਆਂ ਹਨ ਤੇ ਸਾਡੀ ਸਭ ਦੀ ਉਮਰ ਵੀ ਇਸ ਨਾਲ ਘਟ ਹੋ ਰਹੀ ਹੈ। ਇਕ ਵਿਗਿਆਨ ਖੋਜ ਅਨੁਸਾਰ ਹਵਾ ਦਾ ਪ੍ਰਦੂਸ਼ਣ ਜਦੋਂ 200 ਏਕਿਊਆਈ ਤੱਕ ਜਾਂ ਇਸ ਤੋਂ ਉਪਰ ਜਾਂਦਾ ਹੈ ਤਾਂ ਹਵਾ 'ਚ ਜੀਵਨ ਲਈ ਖ਼ਤਰਨਾਕ ਪੀਐੱਮ 2.5 ਅਤੇ ਪੀਐੱਮ 10 ਕਣਾਂ 'ਚ ਵਾਧਾ ਹੋ ਜਾਂਦਾ ਹੈ। ਇਨ੍ਹਾਂ ਸਿਰ ਦੇ ਵਾਲਾਂ ਤੋਂ 30 ਗੁਣਾਂ ਬਰੀਕ ਕਣਾਂ ਦੀ ਜਦੋਂ ਹਵਾ ਭਰਮਾਰ ਹੁੰਦੀ ਹੈ ਤਾਂ ਇਹ ਸਾਹ ਲੈਣ ਨਾਲ ਸਾਡੇ ਅੰਦਰ ਜਾਂਦੇ ਹਨ। ਇਹ ਵੱਡੀ ਪੱਧਰ 'ਤੇ ਲੋਕਾਂ ਲਈ ਹਾਰਟ ਅਟੈਕ, ਸਾਹ, ਦਮਾ, ਬਰੇਨ ਸਟਰੋਕ, ਫੇਫੜਿਆਂ ਦਾ ਕੈਂਸਰ, ਗੁਰਦਿਆਂ ਦੇ ਰੋਗ ਅਤੇ ਬਲੱਡ ਪ੍ਰੈਸ਼ਰ ਵਰਗੇ ਕਈ ਰੋਗਾਂ ਦਾ ਕਾਰਨ ਬਣਦੇ ਹਨ। ਪਲੀਤ ਹਵਾ ਦਾ ਇਹ ਪ੍ਰਕੋਪ ਸਾਡੇ ਹਰ ਇਕ ਦੀ 2.2 ਸਾਲ ਉਮਰ ਘੱਟ ਕਰ ਰਿਹਾ ਹੈ। ਹਵਾ ਦੇ ਪ੍ਰਦੂਸ਼ਣ ਦਾ ਮਾਨਸਿਕ ਬਿਮਾਰੀਆਂ ਨੂੰ ਵਧਾਉਣ 'ਚ ਵੀ ਵੱਡਾ ਹੱਥ ਹੈ। ਇਸ ਨਾਲ ਲੋਕਾਂ ਨੂੰ ਡਿਪਰੈਸ਼ਨ, ਐਂਗਜਾਇਟੀ ਤੇ ਮਾਨਸਿਕ ਤਣਾਅ ਵੱਧਦਾ ਹੈ। ਬਹੁਤ ਸਾਰੇ ਲੋਕਾਂ ਨੂੰ ਇੰਝ ਲੱਗਦਾ ਹੈ ਕਿ ਜਿਵੇਂ ਉਨ੍ਹਾਂ ਨੂੰ ਸਾਹ ਨਹੀਂ ਆ ਰਿਹਾ ਤੇ ਉਹ ਇਸ ਸਥਿਤੀ ਤੋਂ ਡਰ ਕੇ ਮਾਨਸਿਕ ਰੋਗਾਂ ਦਾ ਸ਼ਿਕਾਰ ਬਣ ਜਾਂਦੇ ਹਨ। ਇਸ ਨਾਲ ਵੱਡੀ ਉਮਰ ਦੇ ਲੋਕਾਂ 'ਚ ਡੀਮੈਂਨਸ਼ੀਆ ਤੇ ਅਲਜਾਈਮਰ ਵਰਗੀਆਂ ਬਿਮਾਰੀਆਂ ਅਧਰੰਗ ਵਰਗੀਆਂ ਬਿਮਾਰੀਆਂ ਲੱਗਣ ਦਾ ਖ਼ਤਰਾ ਵਧ ਜਾਂਦਾ ਹੈ। ਲੋਕਾਂ ਦਾ ਇਮਿਊਨ ਸਿਸਟਮ ਕਮਜ਼ੋਰ ਹੋਣ ਲੱਗਦਾ ਹੈ ਤੇ ਕਈ ਤਰ੍ਹਾਂ ਦੀਆਂ ਇਨਫੈਕਸ਼ਨਾਂ ਦਾ ਖ਼ਤਰਾ ਵਧ ਜਾਂਦਾ ਹੈ। ਲੰਮਾਂ ਸਮਾਂ ਪ੍ਰਦੂਸ਼ਤ ਹਵਾ 'ਚ ਰਹਿਣ ਕਰ ਕੇ ਕਿਸੇ ਵੀ ਪਿੱਤੇ 'ਚ ਕੈਂਸਰ ਦੇ ਰੋਗੀਆਂ ਦੀ ਗਿਣਤੀ ਵਧਦੀ ਹੈ। ਇਹ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਕਮਜ਼ੋਰ ਕਰਨ ਤੇ ਇਨ੍ਹਾਂ 'ਚ ਸਿੱਖਣ ਦੀ ਸਮਰੱਥਾ ਨੂੰ ਘੱਟ ਕਰ ਦਿੰਦਾ ਹੈ। ਇਹ ਸਥਿਤੀ ਸਿਗਰਟ ਪੀਣ ਨਾਲੋਂ ਕਿਤੇ ਵੱਧ ਘਾਤਕ ਹੈ ਤੇ ਸ਼ਰਾਬ ਪੀਣ ਨਾਲੋਂ 3 ਗੁਣਾਂ ਵੱਧ ਖ਼ਤਰਨਾਕ ਹੈ। ਉੱਤਰੀ ਭਾਰਤੀ ਰਾਜਾਂ 'ਚ ਜੇਕਰ ਬਾਰਸ਼ ਹੁੰਦੀ ਤੇ ਇਸ ਮਗਰੋਂ ਹਵਾਵਾਂ ਚਲਦੀਆਂ ਤਾਂ ਹਵਾ ਦੀ ਗੁਣਵਤਾ 'ਚ ਕੁਝ ਸੁਧਾਰ ਹੋ ਸਕਦਾ ਸੀ ਪਰ ਜਦੋਂ ਅਜਿਹਾ ਨਹੀਂ ਹੁੰਦਾ ਤਾਂ ਧੀਮੀ ਮੌਤ ਦਾ ਪ੍ਰਕੋਪ ਲਗਾਤਾਰ ਬਰਕਰਾਰ ਹੈ। ਹਰ ਸਾਲ ਮੌਤ ਦੇ ਇਸ ਬਿਰਤਾਂਤ ਦੀ ਸ਼ੁਰੂਆਤ ਨਵੰਬਰ ਮਹੀਨੇ ਤੋਂ ਹੁੰਦੀ ਹੈ। ਇਸੇ ਸਮੇਂ 'ਚ ਹੀ ਦਿਵਾਲੀ ਦੌਰਾਨ ਉੱਤਰੀ ਭਾਰਤ 'ਚ ਬੇਤਹਾਸ਼ਾ ਪਟਾਕੇ ਚਲਾਏ ਜਾਂਦੇ ਹਨ। ਕੀ ਦਿਵਾਲੀ, ਗੁਰਪੁਰਬ ਤੇ ਵਿਆਹ ਸ਼ਾਦੀਆਂ, ਜਨਮ ਦਿਨਾਂ ਦੌਰਾਨ ਚਲਾਏ ਜਾਂਦੇ ਪਟਾਕੇ ਬੰਦ ਨਹੀਂ ਕੀਤੇ ਜਾ ਸਕਦੇ ? ਹੁਣ ਸਮਾਂ ਆ ਗਿਆ ਹੈ ਕਿ ਦੇਸ਼ 'ਚ ਪਟਾਕਿਆਂ ਨੂੰ ਬਣਾਉਣ ਜਾਂ ਇਹਨਾਂ ਦੀ ਵਿਕਰੀ ਤੇ ਪੂਰਨ ਤੌਰ 'ਤੇ ਪਾਬੰਦੀ ਲਾਈ ਜਾਣੀ ਚਾਹੀਦੀ ਹੈ। ਸਾਡੇ ਲੋਕਾਂ ਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਪਟਾਕੇ ਇਤਿਹਾਸਕ ਤੌਰ 'ਤੇ ਕਿਸੇ ਤਿਉਹਾਰ ਨਾਲ ਜੁੜੀ ਹੋਈ ਰਸਮ ਨਹੀਂ ਹਨ। ਦਿਵਾਲੀ ਦੇ ਤਿਉਹਾਰ ਦੌਰਾਨ ਅਸੀਂ ਮਹਾਂਨਗਰਾਂ, ਸ਼ਹਿਰਾਂ, ਕਸਬਿਆਂ ਨੂੰ ਇੰਨਾ ਪਲੀਤ ਕਰ ਦਿੰਦੇ ਹਾਂ ਕਿ ਇਹਨਾਂ ਤੋਂ ਧੂੰਏ ਦੇ ਬੱਦਲਾਂ ਦੇ ਵੱਡੇ ਗੁਬਾਰ ਉੱਠਦੇ ਹਨ ਅਤੇ ਹਵਾ ਵਿੱਚ ਨਮੀ ਹੋਣ ਕਰਕੇ ਇਹ ਧੂੰਆਂ ਫਿਰ ਅਗਲੇ ਮਹੀਨਿਆਂ ਦੌਰਾਨ (ਜਿਵੇਂ ਇਸ ਵਾਰ ਹੋਇਆ ਹੈ) ਉੱਡ ਕੇ ਕਿਸੇ ਪਾਸੇ ਜਾਂਦਾ ਨਹੀਂ ਬਲਕਿ ਸਾਡੀ ਸਭ ਲਈ ਜਾਨ ਦਾ ਖੌਅ ਬਣਕੇ ਸਾਡੇ ਆਲੇ ਦੁਆਲੇ ਮੌਤ ਦਾ ਬਿਰਤਾਂਤ ਸਿਰਜਦਾ ਹੈ। ਇਹਨਾਂ ਹੀ ਦਿਨਾਂ ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗਾਂ ਲੱਗਦੀਆਂ ਹਨ। ਇਸ ਰਾਹੀਂ ਮੀਥੇਨ ਗੈਸ ਵੱਡੀ ਮਾਤਰਾ ਵਿੱਚ ਹਵਾ ਵਿੱਚ ਘੁਲਦੀ ਹੈ। ਚਾਹੀਦਾ ਇਹ ਹੈ ਕਿ ਪਟਾਕਿਆਂ 'ਤੇ ਪੂਰਨ ਤੌਰ ਤੇ ਪਾਬੰਦੀ ਹੋਵੇ ਜਾਂ ਇਹਨਾਂ ਦੀ ਵਿਕਰੀ 'ਤੇ ਇੰਨਾ ਟੈਕਸ ਲਗਾ ਦਿੱਤਾ ਜਾਵੇ ਕਿ ਇਹਨਾਂ ਨੂੰ ਖ਼ਰੀਦਣ ਵਾਲਾ ਸੌ ਵਾਰ ਸੋਚੇ।

ਸੇਵਾ ਤੇ ਸਿਮਰਨ ਦੀ ਮੂਰਤ ਸਾਹਿਬਸ਼੍ਰੀ ਗੁਰੂ ਅੰਗਦ ਦੇਵ ਜੀ

ਸੇਵਾ ਅਤੇ ਸਿਮਰਨ ਦੀ ਮੂਰਤ ਸਾਹਿਬਸ਼੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ 1504 ਨੂੰ ਪਿਤਾ ਭਾਈ ਫੇਰੂ ਮੱਲ ਜੀ ਤੇ ਮਾਤਾ ਰਾਮੋ ਜੀ(ਮਾਤਾ ਦਇਆ ਕੌਰ ਜੀ) ਦੇ ਉੱਦਰ ਤੋਂ ਪਿੰਡ ਮੱਤੇ ਦੀ ਸਰਾਂ ਜਿਲ੍ਹਾ ਫਿਰੋਜ਼ਪੁਰ (ਹੁਣ ਮੁਕਤਸਰ)ਵਿੱਚ ਅੰਮ੍ਰਿਤ ਵੇਲੇ ਹੋਇਆ। ਆਪ ਜੀ ਦਾ ਨਾਂ ਲਹਿਣਾ ਰੱਖਿਆ ਗਿਆ। ਉਹ ਸਮਾਂ ਮੁਗਲ ਰਾਜ ਦਾ ਸਮਾਂ ਸੀ। ਆਪ ਦੇ ਪਿਤਾ ਬਹੁਤ ਹੀ ਨੇਕ ਦਿਲ, ਸਾਊ ਤੇ ਸ਼ਾਂਤ ਸੁਭਾਅ ਦੇ ਮਾਲਕ ਸਨ। ਆਪ ਦੇ ਪਿਤਾ ਇੱਕ ਦੇਵੀ ਭਗਤ ਸਨ। ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਆਪ ਦੇ ਪਿਤਾ ਇੱਕ ਚੰਗੇ ਵਿਦਵਾਨ ਤੇ ਹਿਸਾਬੀ ਕਿਤਾਬੀ ਪੁਰਸ਼ ਸਨ। ਆਪ ਨੇ ਵੀ ਆਪਣੇ ਪਿਤਾ ਪਾਸੋਂ ਹੀ ਵਿਦਿਆ ਪ੍ਰਾਪਤ ਕਰਕੇ ਹਿਸਾਬ, ਸੰਸਕ੍ਰਿਤ ਤੇ ਗੁਰਮੁੱਖੀ ਆਦਿ ਵਿੱਚ ਬਹੁਤ ਚੰਗੀ ਤਰ੍ਹਾਂ ਨਿਪੁੰਨਤਾ ਹਾਸਲ ਕਰ ਲਈ ਸੀ ਤੇ ਆਪਣੇ ਪਿਤਾ ਨਾਲ ਹੀ ਦੁਕਾਨਦਾਰੀ ਦੇ ਕੰਮ ਵਿੱਚ ਹੱਥ ਵਟਾਉਂਦੇ ਸਨ। ਆਪ ਦਾ ਵਿਆਹ ਮਾਤਾ ਖੀਵੀ ਜੀ ਨਾਲ ਹੋ ਗਿਆ। ਮਾਤਾ ਖੀਵੀ ਜੀ ਵੀ ਬਹੁਤ ਹੀ ਨੇਕ ਦਿਲ ਇਸਤਰੀ, ਸ਼ਾਂਤ ਸੁਭਾਅ ਦੇ ਮਾਲਕ ਤੇ ਮਿੱਠ ਬੋਲੜੇ ਸਨ। ਭਾਈ ਲਹਿਣਾ ਜੀ ਦੇ ਘਰ ਮਾਤਾ ਖੀਵੀ ਜੀ ਦੀ ਕੁੱਖੋਂ ਦੋ ਪੁੱਤਰ ਦਾਤੂ ਜੀ,ਦਾਸੂ ਜੀ ਤੇ ਦੋ ਪੁੱਤਰੀਆਂ ਬੀਬੀ ਅਮਰੋ ਜੀ ਤੇ ਬੀਬੀ ਅਨੋਖੀ ਜੀ ਨੇ ਜਨਮ ਲਿਆ। ਜਦ 1526 ਨੂੰ ਬਾਬਰ ਨੇ ਭਾਰਤ ਤੇ ਹਮਲਾ ਕੀਤਾ ਤਾਂ ਆਪ ਦੇ ਪਿੰਡ ਮੱਤੇ ਦੀ ਸਰਾਂ ?ਹ ?ਹ ਤੇ ਵੀ ਬਾਬਰ ਨੇ ਹਮਲਾ ਕਰਕੇ ਪਿੰਡ ਤਹਿਸ ਨਹਿਸ ਕਰ ਦਿੱਤਾ। ਤਬਾਹੀ ਤੋਂ ਬਾਅਦ ਜਦ ਫਿਰ ਪਿੰਡ ਵੱਸਿਆ ਤਾਂ ਇਸ ਪਿੰਡ ਦਾ ਨਾਂ ਬਦਲ ਕੇ ਨਾਗੇ ਦੀ ਸਰਾਇ ਹੋ ਗਿਆ। ਆਪ ਆਪਣੇ ਪਿਤਾ ਵਾਂਗ ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਇੱਕ ਦਿਨ ਆਪ ਦੀ ਦੁਕਾਨ ਅੱਗਿਉਂ ਗੁਰੂ ਨਾਨਕ ਦੇ ਸਿੱਖ ਭਾਈ ਜੋਧਾ ਜੀ ਤੇ ਭਾਈ ਫਿਰਨਾ ਜੀ ਆਸਾ ਦੀ ਵਾਰ ਦਾ ਪਾਠ ਕਰਦੇ ਲੰਘੇ ਤਾਂ ਆਪ ਜੀ ਦੇ ਪੁੱਛਣ ਤੇ ਭਾਈ ਜੋਧਾ ਜੀ ਨੇ ਦੱਸਿਆ ਕਿ ਇਹ ਗੁਰੂ ਨਾਨਕ ਜੀ ਦੀ ਬਾਣੀ ਹੈ ਜੋ ਇਸ ਸਮੇਂ ਕਰਤਾਰਪੁਰ ਵਿੱਚ ਜੀਵਾਂ ਦਾ ਉਧਾਰ ਕਰ ਰਹੇ ਹਨ। ਆਪ ਜੀ ਨੂੰ ਗੁਰੂ ਚਰਨਾਂ ਦੀ ਖਿੱਚ ਹੋਈ ਤੇ ਰਾਤ ਦਿਨ ਆਪ ਦਾ ਮਨ ਗੁਰੂ ਚਰਨਾਂ ਨੂੰ ਬਿਹਬਲ ਹੋ ਉੱਠਿਆ ਕਿ ਜਦ ਜਵਾਲਾ ਜੀ ਦੇ ਦਰਸ਼ਨਾਂ ਨੂੰ ਜਾਵਾਂਗਾ ਤਾਂ ਰਸਤੇ ਵਿੱਚ ਗੁਰੂ ਨਾਨਕ ਦੇਵ ਜੀ ਦੇ ਵੀ ਦਰਸ਼ਨ ਕਰਦਾ ਜਾਵਾਂਗਾ। ਜਦ ਆਪ ਦੇਵੀ ਦਰਸ਼ਨਾਂ ਨੂੰ ਸੰਗਤਾਂ ਨਾਲ ਤੁਰੇ ਤਾਂ ਕਰਤਾਰਪੁਰ ਪਹੁੰਚ ਕੇ ਆਪ ਜੀ ਨੇ ਸਾਥੀਆਂ ਨੂੰ ਅਰਾਮ ਕਰਨ ਲਈ ਕਿਹਾ ਤੇ ਆਪ ਗੁਰੂ ਦਰਸ਼ਨਾਂ ਨੂੰ ਤੁਰ ਪਏ। ਉਧਰ ਜਾਣੀ-ਜਾਣ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਵੀ ਆਪ ਨੂੰ ਅਗਲਵਾਂਡੀ ਲੈਣ ਲਈ ਘਰੋਂ ਤੁਰ ਪਏ। ਰਸਤੇ ਵਿੱਚ ਟਾਕਰਾ ਹੋ ਗਿਆ ਤਾਂ ਆਪ ਨੇ ਗੁਰੂ ਨਾਨਕ ਦੇਵ ਜੀ ਤੋਂ ਹੀ ਉਹਨਾਂ ਦੇ ਘਰ ਦਾ ਰਸਤਾ ਪੁੱਛਿਆ ਤਾਂ ਉਸ ਸਮੇਂ ਆਪ ਘੋੜੀ ਉੱਪਰ ਬੈਠੇ ਹੋਏ ਸਨ ਗੁਰੂ ਨਾਨਕ ਜੀ ਕਹਿਣ ਲੱਗੇ 'ਤੁਸੀ ਮੇਰੇ ਮਗਰ ਆਉ।'ਜਦ ਆਪ ਨੇ ਘਰ ਪਹੁੰਚ ਕੇ ਘੋੜੀ ਕਿੱਲੇ ਨਾਲ ਬੰਨ੍ਹੀ ਤੇ ਅੰਦਰ ਪਹੁੰਚ ਕੇ ਗੁਰੂ ਸਹਿਬਾਂ ਦੇ ਦਰਸ਼ਨ ਕੀਤੇ ਤਾਂ ਬੜੇ ਸ਼ਰਮਸਾਰ ਹੋਏ।ਮਾਫੀ ਮੰਗੀ ਕਿ ਮੇਰੇ ਕੋਲੋਂ ਭੁੱਲ ਹੋ ਗਈ ਹੈ। ਆਪ ਜੀ ਖਿਮਾਂ ਕਰੋ। ਮੈਂ ਘੋੜੀ ਤੇ, ਤੇ ਆਪ ਜੀ ਪੈਦਲ,ਮੈਂ ਅਣਜਾਣ ਸਾਂ ਤਾਂ ਗੁਰੂ ਜੀ ਬੋਲੇ ਕਿ 'ਭਾਈ, ਤੇਰਾ ਨਾਉ ਕੀ ਹੈ ?'ਆਪ ਜੀ ਨੇ ਨਿਮਰਤਾ ਸਹਿਤ ਉੱਤਰ ਦਿੱਤਾ ਕਿ 'ਮੇਰਾ ਨਾਮ ਲਹਿਣਾ ਹੈ' ਤਾਂ ਗੁਰੂ ਨਾਨਕ ਜੀ ਕਹਿਣ ਲੱਗੇ 'ਭਾਈ, ਲਹਿਣੇਦਾਰ ਘੋੜੀਆਂ ਤੇ ਹੀ ਆਉਂਦੇ ਹਨ।'ਆਪ ਨੇ ਰਾਤ ਉੱਥੇ ਹੀ ਵਿਸ਼ਰਾਮ ਕੀਤਾ। ਰਾਤ ਨੂੰ ਆਪ ਨੂੰ ਸੁਪਨਾ ਆਇਆ ਕਿ ਜਿਸ ਦੇਵੀ ਦੇ ਦਰਸ਼ਨਾਂ ਨੂੰ ਆਪ ਜਾਂਦੇ ਸਨ, ਉਹ ਦੇਵੀ ਗੁਰੂ ਨਾਨਕ ਜੀ ਦੇ ਦਰਬਾਰ ਵਿੱਚ ਝਾੜੂ ਲਾ ਰਹੀ ਹੈ।ਲਹਿਣਾ ਜੀ ਦੇ ਪੁੱਛਣ ਤੇ ਉਸ ਦੇਵੀ ਨੇ ਦੱਸਿਆ ਕਿ 'ਮੈਂ ਗੁਰੂ ਨਾਨਕ ਦੇ ਦਰਬਾਰ ਦੀ ਝਾੜੂ ਬਰਦਾਰ ਹਾਂ।'

ਤਬ ਦੇਵੀ ਮੁਖ ਬਚਨ ਪ੍ਰਗਾਸੀ ਗੁਰੂ ਨਾਨਕ ਕੀ ਮੈਂ ਹੌ ਦਾਸੀ।।

ਤਾਂ ਆਪ ਗੁਰੂ ਘਰ ਦੇ ਹੀ ਹੋ ਕੇ ਰਹਿ ਗਏ। ਇਸ ਪਹਿਲੀ ਮਿਲਣੀ ਨੂੰ ਭੱਟ ਕਲ੍ਹਸਾਰ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਹੁ ਸੁੰਦਰ ਤਰੀਕੇ ਨਾਲ ਚਿਤਰਿਆ ਹ:

ਸਤਿਗੁਰੂ ਧੰਨੁ ਨਾਨਕ, ਮਸਤਕਿ ਤੁਮ, ਧਰਿਓ ਜਿਨਿ ਹਥੋ।।
ਤ ਧਰਿਓ ਮਸਤਕਿ ਹਥੁ ਸਹਜਿ, ਅਮਿਉ ਵੁਠਉ ਛਜਿ।।
ਸੁਰ ਨਰ ਗਣ ਮੁਨਿ ਬੋਹਿਯ ਅਗਾਜਿ।।

ਕਿ ਧੰਨ ਹਨ ਸਤਿਗੁਰੂ ਨਾਨਕ ਦੇਵ ਜੀ ਜਿੰਨ੍ਹਾਂ ਗੁਰੂ ਅੰਗਦ ਦੇਵ ਜੀ ਦੇ ਮੱਥੇ ਤੇ ਆਪਣਾ ਪਾਵਨ ਹੱਥ ਰੱਖਿਆ ਅਤੇ ਹੱਥ ਰੱਖਦੇ ਸਾਰ ਹੀ ਹਿਰਦੇ ਵਿੱਚ ਨਾਮ ਅੰਮ੍ਰਿਤ ਦੀ ਛਹਿਬਰ ਲੱਗ ਗਈ। ਉੱਥੇ ਕਾਫੀ ਸਮਾਂ ਗੁਰੂ ਚਰਨਾਂ ਵਿੱਚ ਰਹਿ ਕੇ ਸੇਵਾ ਸਿਮਰਨ ਕੀਤਾ ਤੇ ਗੁਰੂ ਘਰ ਦੀ ਮਹਿਮਾ ਨੂੰ ਹੋਰ ਨੇੜੇ ਤੋਂ ਜਾਣਨ ਦਾ ਸੁਭਾਗ ਪ੍ਰਾਪਤ ਹੋਇਆ। ਜਾਣੀ-ਜਾਣ ਸਤਿਗੁਰੂ ਜੀ ਨੇ ਆਪ ਨੂੰ ਆਪਣੇ ਘਰ ਫੇਰਾ ਮਾਰ ਕੇ ਆਉਣ ਲਈ ਕਿਹਾ।ਆਪ ਨੇ ਘਰ ਵਾਪਸ ਪਹੁੰਚ ਕੇ ਦੁਕਾਨਦਾਰੀ ਦੀ ਜ਼ਿੰਮੇਵਾਰੀ ਵੱਡੇ ਪੁੱਤਰ ਨੂੰ ਸੌਂਪੀ ਤੇ ਬੀਬੀ ਅਮਰੋ ਜੀ ਦਾ ਵਿਆਹ ਪਿੰਡ ਬਾਸਰਕੇ ਭਾਈ ਅਮਰਦਾਸ ਜੀ (ਗੁਰੂ ਅਮਰਦਾਸ ਜੀ) ਦੇ ਛੋਟੇ ਭਰਾ ਮਾਣਕ ਚੰਦ ਜੀ ਦੇ ਪੁੱਤਰ ਬਾਬਾ ਜਸੂ ਜੀ ਨਾਲ ਕੀਤਾ ਤੇ ਵਾਪਸ ਗੁਰੂ ਚਰਨਾਂ ਵਿੱਚ ਆ ਗਏ। ਆਪ ਜੀ ਨੇ ਗੁਰੂ ਨਾਨਕ ਜੀ ਦੇ ਹਰ ਬਚਨ ਨੂੰ ਸਤਿ ਕਹਿ ਕੇ ਮੰਨਿਆ। ਭਾਵੇਂ ਗੁਰੂ ਨਾਨਕ ਜੀ ਦੇ ਦੋਵੇਂ ਪੁੱਤਰ ਉਹਨਾਂ ਦੀ ਘਸਵੱਟੀ ਤੇ ਖਰੇ ਨਹੀ ਉੱਤਰੇ। ਪਰ ਭਾਈ ਲਹਿਣਾ ਜੀ ਹਰ ਵਾਰ ਪਰਖ ਵਿੱਚ ਖਰੇ ਉੱਤਰਦੇ ਰਹੇ। ਭਾਈ ਲਹਿਣਾ ਜੀ ਨੇ ਗੁਰੂ ਨਾਨਕ ਦੇ ਘਰ ਦੀ ਸੱਤ ਸਾਲ ਸੇਵਾ ਕੀਤੀ। ਅੰਤ ਭਾਈ ਲਹਿਣਾ ਜੀ ਦੀ ਸੇਵਾ ਸਫਲ ਹੋਈ ਤੇ ਗੁਰੂ ਨਾਨਕ ਜੀ ਨੇ ਖੁਸ਼ ਹੋ ਕੇ 1539 ਨੂੰ ਇੱਕ ਨਾਰੀਅਲ ਤੇ ਪੰਜ ਪੈਸੇ ਮੱਥਾ ਟੇਕ ਕੇ ਗੁਰਿਆਈ ਦਾ ਤਿਲਕ ਤੇ ਆਪਣੇ ਅੰਗ ਨਾਲ ਲਗਾ ਕੇ 'ਗੁਰੂ ਅੰਗਦ ਦੇਵ' ਬਣਾ ਦਿੱਤਾ। ਭਾਈ ਗੁਰਦਾਸ ਜੀ ਲਿੱਖਦੇ ਹਨ ਕਿ

ਪਾਰਬ੍ਰਮੁ ਪੂਰਨੁ ਬ੍ਰਹਮੁ ਸਬਦੁ ਸੁਰਤਿ ਲਿਵ ਅਲਖ ਲਖਾਇਆ।
ਬਾਬਣੇ ਗੁਰ ਅੰਗਦੁ ਆਇਆ।
ਭਾਵ ਕਿ ਪਾਰਬ੍ਰਹਮ ਪੂਰਨ ਬ੍ਰਹਮ ਨੂੰ ਸ਼ਬਦ ਦੀ ਸੁਰਤ ਵਿਖੇ ਲਿਵ ਲਗਾਕੇ ਅਲਖ ਲਖਾ ਦਿੱਤਾ। ਬਾਬੇ ਦੇ ਸਰੂਪ ਵਿੱਚ ਗੁਰੂ ਅੰਗਦ ਆਇਆ।
ਥਾਪਿਆ ਲਹਿਣਾ ਜੀਵਦੇ ਗੁਰਿਆਈ ਸਿਰਿ ਛਤ੍ਰ ਫਿਰਾਇਆ।
**ਜੋਤੀ ਜੋਤਿ ਮਿਲਾਇ ਕੈ ਸਤਿਗੁਰ ਨਾ

ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਪਰਿਵਾਰਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਲੱਗਾ ਪਹਿਲਾ ਕੈਂਪ

ਗੁਰਦਾਸਪੁਰ, 30 ਸਤੰਬਰ (ਗੁਲਸ਼ਨ ਰਣੀਆਂ) ਮਾਣਯੋਗ ਸ੍ਰੀ ਮੋਹਿੰਦਰ ਭਗਤ, ਕੈਬਨਿਟ ਮੰਤਰੀ, ਰੱਖਿਆ ਸੇਵਾਵਾਂ ਭਲਾਈ ਪੰਜਾਬ ਵੱਲੋਂ ਹੋਏ ਆਦੇਸ਼ਾਂ ਦੇ ਸਨਮੁੱਖ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ, ਨਕਾਰਾ ਸੈਨਿਕਾਂ (ਓਪਰੇਸ਼ਨਾਂ ਦੌਰਾਨ), ਸਾਬਕਾ ਸੈਨਿਕਾਂ, ਵਿਧਵਾਵਾਂ ਅਤੇ ਆਸ਼ਰਿਤਾਂ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤੋਂ ਜਾਣੂ ਕਰਵਾਉਣ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ/ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਗੁਰਦਾਸਪੁਰ ਵਿਖੇ ਪਹਿਲਾ ਕੈਂਪ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਗੁਰਦਾਸਪੁਰ ਵੱਲੋਂ ਲਗਾਇਆ ਗਿਆ।ਇਸ ਕੈਂਪ ਵਿੱਚ ਗੁਰਦਾਸਪੁਰ ਤਹਿਸੀਲ ਦੇ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ।ਸਮਾਗਮ ਦੀ ਸ਼ੁਰੂਆਤ ਕਰਦਿਆਂ ਕਮਾਂਡਰ ਬਲਜਿੰਦਰ ਵਿਰਕ (ਰਿਟਾ.), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ, ਗੁਰਦਾਸਪੁਰ ਵੱਲੋਂ ਪੰਜਾਬ ਸਰਕਾਰ, ਵਿਭਾਗ ਅਤੇ ਦਫ਼ਤਰ ਵੱਲੋਂ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਅਤੇ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਵੱਲੋਂ ਕੈਂਪ ਵਿੱਚ ਪਹੁੰਚੇ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਤੋਂ ਉਨ੍ਹਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਜਾਣਕਾਰੀ ਲਈ ਗਈ। ਇਸ ਮੌਕੇ ਐਸ.ਡੀ.ਐਮ. ਦਫ਼ਤਰ ਦੇ ਨੁਮਾਇੰਦੇ ਵੀ ਹਾਜ਼ਰ ਸਨ, ਜਿਨ੍ਹਾਂ ਨਾਲ ਗੱਲਬਾਤ ਕਰਕੇ ਪ੍ਰਸ਼ਾਸਨ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਵਾਇਆ ਗਿਆ।ਕੈਂਪ ਦੌਰਾਨ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਵੱਲੋਂ ਆਪਣੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਜਾਣੂ ਕਰਵਾਇਆ ਗਿਆ, ਜਿਨ੍ਹਾਂ ਨੂੰ ਮੌਕੇ 'ਤੇ ਹੀ ਹੱਲ ਕਰਨ ਲਈ ਲੋੜੀਂਦੀ ਕਾਰਵਾਈ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਦਫ਼ਤਰ ਤੋਂ ਆਏ ਅਧਿਕਾਰੀ ਨੇ ਖੁਦ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਪ੍ਰਸ਼ਾਸਨ ਪੱਧਰ ਦਾ ਕੋਈ ਦਫ਼ਤਰੀ ਕੰਮ ਹੋਵੇ ਤਾਂ ਉਹ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਆਪਣੀ ਸਮੱਸਿਆ ਦੱਸ ਸਕਦੇ ਹਨ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਉਨ੍ਹਾਂ ਦੇ ਦਫ਼ਤਰ ਵੱਲੋਂ ਪੂਰਜ਼ੋਰ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਅਧਿਕਾਰੀਆਂ ਵੱਲੋਂ ਕੈਂਪ ਵਿੱਚ ਪਹੁੰਚੀਆਂ ਵੀਰ ਨਾਰੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਕਮਾਂਡਰ ਬਲਜਿੰਦਰ ਵਿਰਕ (ਰਿਟਾ.), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ, ਗੁਰਦਾਸਪੁਰ ਵੱਲੋਂ ਪ੍ਰਸ਼ਾਸਨ ਵੱਲੋਂ ਪਹੁੰਚੇ ਅਧਿਕਾਰੀ, ਸਮੂਹ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਆਏ ਹੋਏ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਦੀ ਮੇਜ਼ਬਾਨੀ ਲਈ ਚਾਹ-ਪਾਣੀ ਦਾ ਵੀ ਪ੍ਰਬੰਧ ਕੀਤਾ ਗਿਆ।

ਕੱਚੇ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਅਤੇ ਡੀਏ ਦੇ ਬਕਾਏ ਜਾਰੀ ਕਰਨ ਦੀ ਕੀਤੀ ਮੰਗ

ਹਰਚੋਵਾਲ, 30 ਸਤੰਬਰ (ਪ੍ਰਦੀਪ ਸਿੰਘ ਬੇਦੀ) ਪੰਜਾਬ ਦੇ ਮੁਲਾਜ਼ਮ ਵਰਗ ਦੀਆਂ ਮੰਗਾਂ ਨੂੰ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਆਗੂ ਭਾਈ ਮਨਵਿੰਦਰ ਸਿੰਘ ਦਕੋਹਾ ਨੇ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਮੁਲਾਜ਼ਮ ਵਰਗ ਦੀਆਂ ਸਮੱਸਿਆਵਾਂ ਨੂੰ ਅਣਗੌਲਿਆ ਕਰਨ ਦੀ ਬਜਾਏ ਉਨ੍ਹਾਂ ਨਾਲ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕਰਕੇ ਮਸਲਿਆਂ ਦਾ ਹੱਲ ਕਰਨਾ ਚਾਹੀਦਾ ਹੈ। ਭਾਈ ਮਨਵਿੰਦਰ ਸਿੰਘ ਦਕੋਹਾ ਨੇ ਕਿਹਾ ਕਿ ਪੰਜਾਬ ਦੇ ਸਾਰੇ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ, ਤਾਂ ਜੋ ਸਾਲਾਂ ਤੋਂ ਸਰਕਾਰੀ ਵਿਭਾਗਾਂ ਵਿੱਚ ਸੇਵਾਵਾਂ ਨਿਭਾਅ ਰਹੇ ਕਰਮਚਾਰੀਆਂ ਨੂੰ ਨੌਕਰੀ ਦੀ ਸੁਰੱਖਿਆ ਮਿਲ ਸਕੇ। ਪੰਜਾਬ ਸਰਕਾਰ ਵੱਲੋਂ ਕੁਝ ਸ਼੍ਰੇਣੀਆਂ ਦੇ ਕੱਚੇ ਅਤੇ ਠੇਕਾ ਮੁਲਾਜ਼ਮਾਂ ਦੀ ਸੇਵਾ ਸੁਰੱਖਿਆ ਸਬੰਧੀ ਨੀਤੀਆਂ ਪਹਿਲਾਂ ਵੀ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਮੁਲਾਜ਼ਮਾਂ ਦੇ ਰੁਕੇ ਹੋਏ ਡੀਏ ਦੇ ਬਕਾਏ ਤੁਰੰਤ ਜਾਰੀ ਕਰਨਾ ਅਤੇ ਠੇਕਾ ਪ੍ਰਥਾ ਖ਼ਤਮ ਕਰਕੇ ਮੁਲਾਜ਼ਮਾਂ ਨੂੰ ਸਨਮਾਨਜਨਕ ਤਨਖ਼ਾਹ ਦੇਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮ ਆਪਣੇ ਹੱਕਾਂ ਅਤੇ ਮੰਗਾਂ ਲਈ ਲੰਬੇ ਸਮੇਂ ਤੋਂ ਆਵਾਜ਼ ਉਠਾ ਰਹੇ ਹਨ, ਇਸ ਲਈ ਸਰਕਾਰ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। 'ਮੁਲਾਜ਼ਮ ਜਥੇਬੰਦੀਆਂ ਦੇ ਸੰਘਰਸ਼ ਵਿੱਚ ਦੇਵਾਂਗੇ ਸਾਥ' ਮਨਵਿੰਦਰ ਸਿੰਘ ਦਕੋਹਾ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮੁਲਾਜ਼ਮ ਵਰਗ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਵਾਰਿਸ ਪੰਜਾਬ ਦੀ ਜਥੇਬੰਦੀ ਮੁਲਾਜ਼ਮ ਜਥੇਬੰਦੀਆਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕਰੇਗੀ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਨੂੰ ਸਪੱਸ਼ਟ ਨੀਤੀ ਬਣਾਉਣੀ ਚਾਹੀਦੀ ਹੈ ਅਤੇ ਲੰਬਿਤ ਮਸਲਿਆਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਸਿਰਫ਼ ਭਰੋਸਿਆਂ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੈਨਸ਼ਨ, ਡੀਏ ਦੇ ਬਕਾਏ ਅਤੇ ਠੇਕਾ ਪ੍ਰਥਾ ਨਾਲ ਸਬੰਧਤ ਮਾਮਲਿਆਂ 'ਤੇ ਠੋਸ ਫੈਸਲੇ ਲਏ ਜਾਣ, ਤਾਂ ਜੋ ਮੁਲਾਜ਼ਮ ਵਰਗ ਵਿੱਚ ਪਾਈ ਜਾ ਰਹੀ ਬੇਚੈਨੀ ਨੂੰ ਦੂਰ ਕੀਤਾ ਜਾ ਸਕੇ।

ਕਾਦੀਆਂ-2 ਦੇ ਸਰਕਾਰੀ ਸਕੂਲਾਂ ਵਿੱਚ ਗਾਈਡੈਂਸ ਗਤੀਵਿਧੀਆਂ ਦੀ ਸਮੀਖਿਆ

ਬਟਾਲਾ, 30 ਸਤੰਬਰ (ਅਸ਼ੋਕ, ਕਾਹਲੋ) ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਗਾਈਡੈਂਸ ਕੌਂਸਲਰ ਸ੍ਰੀ ਮੁਕੇਸ਼ ਵਰਮਾ ਵੱਲੋਂ ਕਾਦੀਆਂ-2 ਬਲਾਕ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੰਗੜ ਨੰਗਲ ਅਤੇ ਸ਼ਹੀਦ ਨਾਇਕ ਕੁਲਜਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵੀਲਾ ਵਜੂ ਦਾ ਵਿਸ਼ੇਸ਼ ਵਿਜ਼ਿਟ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਗਾਈਡੈਂਸ ਕੌਂਸਲਰ ਸਰਬਜੀਤ ਸਿੰਘ ਚੱਠਾ ਵੀ ਮੌਜੂਦ ਸਨ। ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਦੀ ਸਕੂਲ ਵਿੱਚ ਪਹਿਲੀ ਵਿਜ਼ਿਟ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੰਗੜ ਨੰਗਲ ਦੀ ਪ੍ਰਿੰਸੀਪਲ ਸ੍ਰੀਮਤੀ ਰੇਨੂ ਬਾਲਾ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਵੱਲੋਂ ਜ਼ਿਲ੍ਹਾ ਗਾਈਡੈਂਸ ਕੌਂਸਲਰ ਦਾ ਸਕੂਲ ਵਿਜ਼ਿਟ ਕਰਨ ਲਈ ਧੰਨਵਾਦ ਵੀ ਕੀਤਾ ਗਿਆ ਅਤੇ ਸਕੂਲ ਵਿੱਚ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਗਾਈਡੈਂਸ ਅਤੇ ਕਰੀਅਰ ਕੌਂਸਲਿੰਗ ਗਤੀਵਿਧੀਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਵਿਜ਼ਿਟ ਦੌਰਾਨ ਦੋਵਾਂ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਗਾਈਡੈਂਸ ਅਤੇ ਕਰੀਅਰ ਕੌਂਸਲਿੰਗ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ। ਇਸ ਦੇ ਨਾਲ ਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਨਾਲ ਸਬੰਧਤ ਰਿਕਾਰਡ ਦੀ ਵੀ ਸਮੀਖਿਆ ਕੀਤੀ ਗਈ। ਇਸ ਮੌਕੇ ਸ਼ਹੀਦ ਨਾਇਕ ਕੁਲਜਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵੀਲਾ ਵਜੂ ਦੇ ਇੰਚਾਰਜ ਸ੍ਰੀ ਕਮਲਜੀਤ ਪਾਲ ਸਿੰਘ ਤੋਂ ਇਲਾਵਾ ਗਾਈਡੈਂਸ ਕੌਂਸਲਰ ਸ੍ਰੀਮਤੀ ਰੁਪਿੰਦਰਜੀਤ ਕੌਰ, ਸ੍ਰੀਮਤੀ ਪਰਮਿੰਦਰ ਕੌਰ, ਸ੍ਰੀਮਤੀ ਗੁਰਪ੍ਰੀਤ ਕੌਰ ਅਤੇ ਸ੍ਰੀਮਤੀ ਬਲਜੀਤ ਕੌਰ ਵੀ ਮੌਜੂਦ ਸਨ। ਇਸ ਮੌਕੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਵੱਲੋਂ ਸਕੂਲਾਂ ਦੇ ਰਿਕਾਰਡ ਦੀ ਸਮੀਖਿਆ ਕਰਦਿਆਂ ਗਾਈਡੈਂਸ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਗਏ। ਬਲਾਕ ਗਾਈਡੈਂਸ ਕੌਂਸਲਰ ਨੇ ਕਿਹਾ ਕਿ ਕਾਦੀਆਂ-2 ਬਲਾਕ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਗਾਈਡੈਂਸ ਅਤੇ ਕੌਂਸਲਿੰਗ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦਾ ਐਲਾਨ ਕਰਵਾਉਣ ਲਈ ਸ਼ਹੀਦ ਧਰਮ ਯੁੱਧ ਮੋਰਚਾ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਸੱਦਾ

ਬਟਾਲਾ, 30 ਸਤੰਬਰ (ਸੰਜੀਵ ਨਈਅਰ) ਸ਼ਹਿਰ ਬਟਾਲਾ ਵਿੱਚ ਸ਼ਹੀਦ ਧਰਮ ਯੁੱਧ ਮੋਰਚੇ ਵੱਲੋਂ ਚਲਾਏ ਜਾ ਰਹੇ ਸੰਘਰਸ਼ ਨੂੰ ਉਸ ਵੇਲੇ ਹੋਰ ਬਲ ਮਿਲਿਆ, ਜਦੋਂ ਰਾਤ ਕਰੀਬ 10 ਵਜੇ ਪ੍ਰੈਸ ਕਲੱਬ 'ਜਾਗਦੀ ਜ਼ਮੀਰ ਪੰਜਾਬ' ਦੀ ਸਮੁੱਚੀ ਟੀਮ ਮੋਰਚੇ ਵਾਲੇ ਸਥਾਨ 'ਤੇ ਪਹੁੰਚੀ। ਇਸ ਦੌਰਾਨ ਛੋਟੇ ਬੱਚਿਆਂ, ਬੀਬੀਆਂ-ਭੈਣਾਂ ਅਤੇ ਸੰਗਤ ਵੱਲੋਂ ਆਨੰਦਮਈ ਕੀਰਤਨ ਕੀਤਾ ਜਾ ਰਿਹਾ ਸੀ, ਜਿਸ ਨਾਲ ਸਮੁੱਚਾ ਮਾਹੌਲ ਗੁਰਬਾਣੀ ਦੇ ਰੰਗ ਵਿੱਚ ਰੰਗਿਆ ਹੋਇਆ ਸੀ। ਇਸ ਮੌਕੇ ਮੋਰਚੇ ਦੇ ਕੋਆਡੀਨੇਟਰ ਭਾਈ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਕਥਿਤ ਤੌਰ 'ਤੇ ਨਰਾਇਣ ਮਹੰਤਾਂ ਦੇ ਵਾਰਸਾਂ ਦੇ ਪ੍ਰਭਾਵ ਤੋਂ ਮੁਕਤ ਕਰਵਾਉਣ ਲਈ ਸਿੱਖ ਸੰਗਤ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਉਨ੍ਹਾਂ 1921 ਦੇ ਸਾਕੇ ਨੂੰ ਯਾਦ ਕਰਦਿਆਂ ਕਿਹਾ ਕਿ ਮਾਝੇ ਦੀ ਧਰਤੀ ਦੇ ਜਥੇਦਾਰ ਭਾਈ ਲਛਮਣ ਸਿੰਘ ਧਾਰੋਵਾਲੀ ਅਤੇ ਉਨ੍ਹਾਂ ਦੇ ਸਾਥੀਆਂ ਨੇ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਮਹਾਨ ਸ਼ਹਾਦਤਾਂ ਦਿੱਤੀਆਂ ਸਨ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਮੇਂ ਸਿਰ ਕਰਵਾਉਣਾ ਸੰਗਤਾਂ ਦਾ ਜਮਹੂਰੀ ਹੱਕ ਹੈ। ਉਨ੍ਹਾਂ ਕੇਂਦਰ ਸਰਕਾਰ ਤੋਂ ਚੋਣਾਂ ਦੀ ਤਾਰੀਖ ਦਾ ਤੁਰੰਤ ਐਲਾਨ ਕਰਨ ਅਤੇ ਪੰਜਾਬ ਸਰਕਾਰ ਤੋਂ ਚੋਣ ਪ੍ਰਕਿਰਿਆ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੀ ਮੰਗ ਕੀਤੀ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਦਰਜ ਕਥਿਤ ਗੰਭੀਰ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਆਗੂਆਂ ਨੇ ਕਿਹਾ ਕਿ ਸਬੰਧਤ ਐੱਫ. ਆਈ.ਆਰ. ਦੀ ਜਾਂਚ ਸੀ.ਬੀ.ਆਈ. ਜਾਂ ਹਾਈਕੋਰਟ ਦੇ ਸਿਟਿੰਗ ਜੱਜ ਦੀ ਨਿਗਰਾਨੀ ਹੇਠ ਕਰਵਾਈ ਜਾਵੇ, ਤਾਂ ਜੋ ਮਾਮਲੇ ਦੀ ਸੱਚਾਈ ਸਪੱਸ਼ਟ ਹੋ ਸਕੇ। ਭਾਈ ਗੁਰਪ੍ਰੀਤ ਸਿੰਘ ਨੇ ਗੁਰੂ ਪਿਆਰੀ ਸੰਗਤ ਨੂੰ ਸ਼ਹੀਦ ਭਾਈ ਸੁੱਖਾ ਸਿੰਘ-ਮਹਿਤਾਬ ਸਿੰਘ ਪਾਰਕ, ਜਲੰਧਰ ਰੋਡ ਬਟਾਲਾ ਵਿਖੇ ਹੋਣ ਵਾਲੇ ਮੋਰਚੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਇਕਜੁੱਟਤਾ ਅਤੇ ਸ਼ਾਂਤਮਈ ਸਹਿਯੋਗ ਨਾਲ ਮੰਗਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਇਆ ਜਾ ਸਕਦਾ ਹੈ। ਇਸ ਮੌਕੇ ਧਰਮੀ ਗ੍ਰੰਥੀ ਸਮਾਣਾ ਮੋਰਚਾ ਤੋਂ ਬਾਬਾ ਗੁਰਦੀਪ ਸਿੰਘ ਭੁੱਲਰ, ਸਤਿਕਾਰ ਕਮੇਟੀ ਬਟਾਲਾ ਦੇ ਭਾਈ ਗੁਰਨਾਮ ਸਿੰਘ, ਸਤਿਕਾਰ ਕਮੇਟੀ ਸਿਆਲਕਾ ਦੇ ਭਾਈ ਨਿਸ਼ਾਨ ਸਿੰਘ, ਭਾਈ ਸ਼ਮਸ਼ੇਰ ਸਿੰਘ ਚੈਨੇਵਾਲ ਅਤੇ ਭਾਈ ਮਹਿੰਦਰ ਸਿੰਘ ਬਟਾਲਾ ਸਮੇਤ ਹੋਰ ਸੇਵਾਦਾਰ ਹਾਜ਼ਰ ਸਨ।

ਪਿੰਡ ਕੁਹਾਲੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੀ ਮੀਟਿੰਗ, ਵੱਖ-ਵੱਖ ਮੁੱਦਿਆਂ 'ਤੇ ਹੋਈ ਵਿਚਾਰ-ਚਰਚਾ

ਸ੍ਰੀ ਹਰਗੋਬਿੰਦਪੁਰ, 30 ਸਤੰਬਰ (ਪ੍ਰਦੀਪ ਸਿੰਘ ਬੇਦੀ) ਪਿੰਡ ਕੁਹਾਲੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਨਾਲ ਸਬੰਧਤ ਇੱਕ ਮੀਟਿੰਗ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਸੇਵਾਦਾਰ ਕਸ਼ਮੀਰ ਸਿੰਘ ਪੰਜਗਰਾਈਆਂ ਦੀ ਅਗਵਾਈ ਹੇਠ ਕਰਵਾਈ ਗਈ। ਮੀਟਿੰਗ ਦੌਰਾਨ ਪਾਰਟੀ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਅਤੇ ਇਲਾਕੇ ਦੇ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਬਲਦੇਵ ਸਿੰਘ, ਸੁਖਵਿੰਦਰ

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਦਾ ਆਯੋਜਨ

ਬਲਾਚੌਰ 30 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ, ਸ਼ਹੀਦ ਭਗਤ ਸਿੰਘ ਨਗਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ਵਿਸ਼ੇ ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸੰਤ ਸਮਾਜ, ਰਾਜਨੀਤਿਕ ਸ਼ਖ਼ਸੀਅਤਾਂ ਅਤੇ ਸਿੱਖਿਆ ਮਾਹਿਰਾਂ ਨੇ ਸ਼ਿਰਕਤ ਕਰਦਿਆਂ ਗੁਰੂ ਜੀ ਦੇ ਮਨੁੱਖਤਾਵਾਦੀ ਵਿਚਾਰਧਾਰਾ, ਸਮਾਜਿਕ ਬਰਾਬਰੀ ਅਤੇ ਆਪਸੀ ਭਾਈਚਾਰੇ ਦੇ ਸੰਦੇਸ਼ ਨੂੰ ਜੀਵਨ ਵਿੱਚ ਅਪਣਾਉਣ ਤੇ ਜ਼ੋਰ ਦਿੱਤਾ।ਸਮਾਗਮ ਦੌਰਾਨ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਸੰਤ ਕੇਵਲ ਸਿੰਘ, ਚਰਨਛੋਹ ਸੱਚਖੰਡ ਬੇਗਮਪੁਰਾ ਤੋਂ ਸੰਤ ਸੁਰਿੰਦਰ ਸਿੰਘ ਅਤੇ ਆਲ ਇੰਡੀਆ ਆਦਿ-ਧਰਮ ਮਿਸ਼ਨ ਦੇ ਕੌਮੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਉਨ੍ਹਾਂ ਕਿਹਾ ਕਿ ਗੁਰੂ ਜੀ ਦੁਆਰਾ ਦਰਸਾਇਆ ਬੇਗਮਪੁਰਾ ਦਾ ਸੰਕਲਪ ਅਜਿਹੇ ਸਮਾਜ ਦੀ ਸਿਰਜਣਾ ਦੀ ਪ੍ਰੇਰਣਾ ਦਿੰਦਾ ਹੈ ਜਿੱਥੇ ਕੋਈ ਭੇਦਭਾਵ, ਡਰ ਜਾਂ ਅਨਿਆਂ ਨਾ ਹੋਵੇ। ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਿਰਫ਼ ਅਧਿਆਤਮਿਕ ਮਾਰਗਦਰਸ਼ਨ ਹੀ ਨਹੀਂ ਦਿੰਦੀ, ਸਗੋਂ ਸਮਾਜਿਕ ਨਿਆਂ ਅਤੇ ਮਾਨਵਤਾ ਦੀ ਸੇਵਾ ਦਾ ਸੁਨੇਹਾ ਵੀ ਦਿੰਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਗੁਰੂ ਜੀ ਦੇ ਦਰਸਾਏ ਮਾਰਗ ਤੇ ਚੱਲਣ ਦੀ ਅਪੀਲ ਕੀਤੀ।ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਅਤੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨਵੀਂ ਪੀੜ੍ਹੀ ਤੱਕ ਗੁਰੂ ਜੀ ਦੀ ਵਿਚਾਰਧਾਰਾ ਪਹੁੰਚਾਉਣ ਲਈ ਵਿੱਦਿਅਕ ਸੰਸਥਾਵਾਂ ਵਿੱਚ ਅਜਿਹੇ ਵਿਚਾਰ-ਵਟਾਂਦਰੇ ਬੇਹੱਦ ਜ਼ਰੂਰੀ ਹਨ। ਵਿਦਿਆਰਥੀਆਂ ਨੂੰ ਗੁਰੂ ਜੀ ਦੀ ਬਾਣੀ ਦਾ ਅਧਿਐਨ ਕਰਕੇ ਸਮਾਜ ਵਿੱਚ ਉਸਾਰੂ ਯੋਗਦਾਨ ਪਾਉਣਾ ਚਾਹੀਦਾ ਹੈ। ਸੈਮੀਨਾਰ ਦੇ ਮੁੱਖ ਬੁਲਾਰੇ ਪ੍ਰੋ. ਅਵਤਾਰ ਸਿੰਘ (ਸਾਬਕਾ ਐਸੋਸੀਏਟ ਪ੍ਰੋਫੈਸਰ, ਰਾਮਗੜ੍ਹੀਆ ਕਾਲਜ ਫਗਵਾੜਾ) ਨੇ ਗੁਰੂ ਜੀ ਦੀ ਬਾਣੀ ਦੇ ਵੱਖ-ਵੱਖ ਪੱਖਾਂ ਤੇ ਵਿਸਥਾਰ ਨਾਲ ਚਾਨਣਾ ਪਾਇਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਡਾ. ਏ. ਐਸ. ਚਾਵਲਾ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਦੱਸਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸੈਮੀਨਾਰ, ਡਾਕੂਮੈਂਟਰੀ ਸ਼ੋਅ ਅਤੇ ਡਰੋਨ ਸ਼ੋਅ ਵਰਗੇ ਕਈ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ, ਪ੍ਰੋ. ਵਾਈਸ ਚਾਂਸਲਰ ਪ੍ਰੋ. ਬੀ. ਐਸ. ਸਤਿਆਲ, ਯੂਨੀਵਰਸਿਟੀ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਜਥੇਦਾਰ ਤੇਜਾ ਸਿੰਘ ਭੁੱਚਰ ਯਾਦਗਾਰੀ ਕਮੇਟੀ ਨੇ ਚਾਵਲਾ ਬਲਾਤਕਾਰ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਦਿੱਤਾ ਨਸੀਹਤਨਾਮਾ

ਅੰਮ੍ਰਿਤਸਰ 30 ਸਤੰਬਰ (ਰਾਜੇਸ਼ ਡੈਨੀ) ਜਥੇਦਾਰ ਤੇਜਾ ਸਿੰਘ ਭੁੱਚਰ ਯਾਦਗਾਰੀ ਕਮੇਟੀ ਵੱਲੋਂ ਅੱਜ ਭਾਈ ਰਘਬੀਰ ਸਿੰਘ ਭੁੱਚਰ ਦੀ ਅਗਵਾਈ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਸੰਗਤੀ ਰੂਪ ਵਿੱਚ ਸਾਂਝਾ ਨਸੀਹਤਨਾਮਾ ਸੌਂਪਿਆ ਗਿਆ, ਜਿਸ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਗੁਰਮਤਿ ਵਿਧੀ-ਵਿਧਾਨ ਅਤੇ ਸੰਗਤ ਦੀਆਂ ਫਰਿਆਦਾਂ ਨਾਲ ਸਬੰਧਤ ਵੱਖ-ਵੱਖ ਗੰਭੀਰ ਮਸਲਿਆਂ ਨੂੰ ਉਠਾਇਆ ਗਿਆ। ਪੰਥਕ ਧਿਰਾਂ, ਜਥੇਬੰਦੀਆਂ ਅਤੇ ਸੰਗਤ ਨੂੰ ਸੰਗਤੀ ਰੂਪ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ ਸੀ, ਜਿਸ ਤਹਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਾਰਟੀ ਦੀ ਮੁੱਖ ਲੀਡਰਸ਼ਿਪ ਵਿੱਚੋਂ ਭਾਈ ਹਰਭਜਨ ਸਿੰਘ ਤੁੜ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਤੋਂ ਇਲਾਵਾ ਭਾਈ ਜਗਨੰਦਨ ਸਿੰਘ ਨਾਰਲੀ, ਸ੍ਰ ਦਲਜੀਤ ਸਿੰਘ, ਸ੍ਰ ਹਰਪਾਲ ਸਿੰਘ, ਮਹਿੰਦਰਪਾਲ ਸਿੰਘ ਤੁੰਗ, ਸ੍ਰ ਭੁਪਿੰਦਰ ਸਿੰਘ, ਸ੍ਰ ਸੁਰਜੀਤ ਸਿੰਘ ਅਤੇ ਭਾਈ ਅਵਤਾਰ ਸਿੰਘ ਪੋਤਰੇ ਮਹਿਤਾਬ ਸਿੰਘ ਬੀਰ ਵੀ ਹਾਜ਼ਰ ਹੋਏ। ਨਸੀਹਤਨਾਮੇ ਵਿੱਚ ਬਹਿਰੀਨ ਤੋਂ ਆਈ ਇੱਕ ਪੀੜਤ ਬੀਬੀ ਦੀ ਫਰਿਆਦ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੰਗਤ ਨੂੰ ਇਨਸਾਫ਼ ਦਿਵਾਉਣ ਨਾਲ ਸਬੰਧਤ ਮਸਲੇ ਨੂੰ ਉਠਾਇਆ ਗਿਆ ਅਤੇ ਇਤਿਹਾਸਕ ਹਵਾਲਿਆਂ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਥਕ ਜ਼ਿੰਮੇਵਾਰੀ ਅਤੇ ਮਰਿਆਦਾ ਦੀ ਮਹੱਤਤਾ ਉਜਾਗਰ ਕੀਤੀ ਗਈ। ਨਸੀਹਤਨਾਮੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਭੂਮਿਕਾ ਬਾਰੇ ਵੀ ਸਵਾਲ ਉਠਾਉਂਦਿਆਂ ਕਿਹਾ ਗਿਆ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਵਾਪਰੇ ਇਨ੍ਹਾਂ ਮਾਮਲਿਆਂ ਵਿੱਚ ਲੋੜੀਂਦੀ ਕਾਰਵਾਈ ਨਾਂ ਹੋਣ ਕਾਰਨ ਸੰਗਤ ਵਿੱਚ ਗੰਭੀਰ ਰੋਸ ਅਤੇ ਨਿਰਾਸ਼ਾ ਹੈ। ਨਸੀਹਤਨਾਮੇ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਵੀ ਇਸ ਮਾਮਲੇ ਵਿੱਚ ਅਲਗਰਜ਼ੀ ਵਰਤਣ ਦਾ ਹਵਾਲਾ ਦਿੰਦਿਆਂ ਕਿਹਾ ਗਿਆ ਕਿ ਉਨ੍ਹਾਂ ਨੂੰ ਨੈਤਿਕ ਤੌਰ 'ਤੇ ਆਪਣੇ ਅਹੁਦੇ ਤੋਂ ਲਾਂਭੇ ਹੋ ਜਾਣਾ ਚਾਹੀਦਾ ਹੈ। ਹਾਜ਼ਰ ਸੰਗਤ ਵੱਲੋਂ ਕਿਹਾ ਗਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਪੰਥਕ ਪਰੰਪਰਾਵਾਂ ਅਤੇ ਸੰਗਤ ਦੀਆਂ ਭਾਵਨਾਵਾਂ ਨਾਲ ਜੁੜੇ ਮਸਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਸ਼ਾਮਿਲ ਸਾਰੇ ਐਸ ਜੀ ਪੀ ਸੀ ਅਧਿਕਾਰੀਆਂ ਤੇ ਢੁੱਕਵੀਂ ਅਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਅਮਿਤ ਸ਼ਾਹ ਦੀ ਜਲੰਧਰ ਰੈਲੀ ਲਈ ਹਰਚੋਵਾਲ ਤੋਂ ਭਾਜਪਾ ਵਰਕਰਾਂ ਦੀ ਬੱਸ ਰਵਾਨਾ

ਸ੍ਰੀ ਹਰਗੋਬਿੰਦਪੁਰ, 30 ਸਤੰਬਰ (ਪ੍ਰਦੀਪ ਸਿੰਘ ਬੇਦੀ) ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਜਲੰਧਰ ਵਿੱਚ ਹੋ ਰਹੀ ਰੈਲੀ ਲਈ ਹਰਚੋਵਾਲ ਤੋਂ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਦੀ ਬੱਸ ਮੰਡਲ ਪ੍ਰਧਾਨ ਅਮਿਤ ਕੁਮਾਰ ਦੀ ਅਗਵਾਈ ਹੇਠ ਰਵਾਨਾ ਹੋਈ। ਅਮਿਤ ਸ਼ਾਹ ਦੀ ਇਹ ਰੈਲੀ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਸਮਾਪਤੀ ਸਮਾਗਮ ਨਾਲ ਸਬੰਧਤ ਹੈ। ਇਸ ਮੌਕੇ ਮੰਡਲ ਪ੍ਰਧਾਨ ਅਮਿਤ ਕੁਮਾਰ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਭਾਜਪਾ ਵੱਲੋਂ 'ਨਸ਼ਾ ਮੁਕਤ ਪੰਜਾਬ' ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿੱਚੋਂ ਨਸ਼ੇ ਦੇ ਖਾਤਮੇ ਲਈ ਕੰਮ ਕਰਨ ਦਾ ਆਪਣਾ ਸੰਕਲਪ ਲੋਕਾਂ ਸਾਹਮਣੇ ਰੱਖ ਰਹੀ ਹੈ। ਜਲੰਧਰ ਵਿੱਚ ਹੋਣ ਵਾਲੀ ਰੈਲੀ ਵੀ ਇਸੇ ਮੁਹਿੰਮ ਦਾ ਹਿੱਸਾ ਹੈ। ਅਮਿਤ ਕੁਮਾਰ ਨੇ ਕਿਹਾ ਕਿ ਰੈਲੀ ਵਿੱਚ ਸ਼ਮੂਲੀਅਤ ਲਈ ਹਰਚੋਵਾਲ ਅਤੇ ਆਸ-ਪਾਸ ਦੇ ਇਲਾਕੇ ਤੋਂ ਭਾਜਪਾ ਵਰਕਰਾਂ ਵਿੱਚ ਉਤਸ਼ਾਹ ਹੈ। ਉਨ੍ਹਾਂ ਦੱਸਿਆ ਕਿ ਵਰਕਰ ਪਾਰਟੀ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਬੱਸ ਰਾਹੀਂ ਜਲੰਧਰ ਲਈ ਰਵਾਨਾ ਹੋਏ ਹਨ। ਇਸ ਮੌਕੇ ਚੇਂਟੂ ਕੁਮਾਰ, ਗੁਰਦੀਪ ਸਿੰਘ, ਸੁਖਦੇਵ ਸਿੰਘ, ਅਵਤਾਰ ਸਿੰਘ ਅਤੇ ਜਗਨ ਸਿੰਘ ਸਮੇਤ ਹੋਰ ਭਾਜਪਾ ਵਰਕਰ ਹਾਜ਼ਰ ਸਨ।

ਸ਼ਿਰੋਮਣੀ ਅਕਾਲੀ ਦਲ 'ਤੇ ਨਸ਼ਿਆਂ ਦੇ ਬੜ੍ਹਾਵੇ ਦੇ ਦੋਸ਼ ਲਗਾਉਣ ਤੋਂ ਪਹਿਲਾਂ 'ਆਪ ਪਾਰਟੀ ਦੀ ਸਰਕਾਰ ਆਪਣੇ ਕਾਰਜਕਾਲ ਵੱਲ ਝਾਤ ਮਾਰੇ: ਕੁਲਦੀਪ ਸਿੰਘ ਬਲਸੁਆ

ਪਠਾਨਕੋਟ 30, ਸਤੰਬਰ (ਤਰੁਣ ਸਣਹੋਤਰਾ) ਸ਼ਿਰੋਮਣੀ ਅਕਾਲੀ ਦਲ ਦੇ ਐਸ. ਓ. ਆਈ. ਵਿੰਗ (ਸਟੂਡੈਂਟ ਆਰਗੇਨਾਈਜ਼ੇਸ਼ਨ ਆਫ ਇੰਡੀਆ) ਦੇ ਜਨਰਲ ਸਕੱਤਰ ਕੁਲਦੀਪ ਸਿੰਘ ਬਲਸੁਆ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਅਕਾਲੀ ਦਲ 'ਤੇ ਨਸ਼ਿਆਂ ਨੂੰ ਬੜ੍ਹਾਵਾ ਦੇਣ ਦੀਆ ਗੱਲਾ ਤੋਂ ਪਹਿਲਾਂ ਮਾਨ ਸਰਕਾਰ ਅਤੇ ਬਾਕੀ ਆਪ ਪਾਰਟੀ ਆਗੂਆਂ ਨੂੰ ਆਪਣੇ ਕਾਰਜਕਾਲ ਦਾ ਹਿਸਾਬ ਪੰਜਾਬ ਦੀ ਜਨਤਾ ਸਾਹਮਣੇ ਰੱਖਣਾ ਚਾਹੀਦਾ ਹੈ। ਕੁਲਦੀਪ ਨੇ ਦੋਸ਼ ਲਗਾਉਂਦਿਆਂ ਕਿਹਾ ਕਿ 'ਆਪ ਪਾਰਟੀ' ਦੀ ਸਰਕਾਰ ਦੇ ਰਾਜ ਦੌਰਾਨ ਨਸ਼ਿਆਂ ਦੀ ਸਮੱਸਿਆ ਖਤਮ ਹੋਣ ਦੀ ਬਜਾਏ ਇੱਕ ਬਹੁਤ ਹੀ ਗੰਭੀਰ ਚੁਣੌਤੀ ਬਣੀ ਹੋਈ ਹੈ ਅਤੇ ਸਰਕਾਰ ਦੇ ਆਪਣੇ ਆਗੂਆਂ ਤੇ ਵਰਕਰਾਂ ਦੇ ਨਾਮ ਵੀ ਨਸ਼ਿਆਂ ਦੇ ਮਾਮਲਿਆਂ ਨਾਲ ਜੋੜ ਕੇ ਸਾਹਮਣੇ ਆਉਂਦੇ ਰਹੇ ਹਨ। ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਇਸ ਸਮੇਂ ਸਿਆਸੀ ਬਹਿਸ ਦਾ ਕੇਂਦਰ ਬਣਿਆ ਹੋਇਆ ਹੈ ਅਤੇ ਸੱਤਾਧਾਰੀ 'ਆਪ' ਤੇ ਵਿਰੋਧੀ ਪਾਰਟੀਆਂ ਇੱਕ-ਦੂਜੇ 'ਤੇ ਦੋਸ਼ ਲਗਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਕਾਨੂੰਨ-ਵਿਵਸਥਾ, ਭ੍ਰਿਸ਼ਟਾਚਾਰ ਅਤੇ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ ਲੋਕਾਂ ਵਿੱਚ ਕਈ ਸਵਾਲ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਵਿਕਾਸ ਦੇ ਵੱਡੇ-ਵੱਡੇ ਦਾਅਵੇ ਤਾਂ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਇਨ੍ਹਾਂ ਦਾਅਵਿਆਂ ਅਤੇ ਹਕੀਕਤ ਵਿਚਕਾਰ ਫਰਕ ਨਜ਼ਰ ਆ ਰਿਹਾ ਹੈ। ਕੁਲਦੀਪ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਬਿਆਨਾਂ ਅਤੇ ਦਾਅਵਿਆਂ ਨਾਲ ਸੰਤੁਸ਼ਟ ਹੋਣ ਵਾਲੇ ਨਹੀਂ ਹਨ, ਸਗੋਂ ਉਹ ਸਰਕਾਰ ਤੋਂ ਨਸ਼ਿਆਂ, ਕਾਨੂੰਨ-ਵਿਵਸਥਾ, ਭ੍ਰਿਸ਼ਟਾਚਾਰ ਅਤੇ ਵਿਕਾਸ ਦੇ ਮਾਮਲੇ 'ਤੇ ਜਵਾਬਦੇਹੀ ਅਤੇ ਠੋਸ ਨਤੀਜੇ ਚਾਹੁੰਦੇ ਹਨ।

ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ

ਗੁਰਦਾਸਪੁਰ (ਗੁਲਸ਼ਨ ਰਣੀਆਂ) ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਸ੍. ਗੁਰਮੀਤ ਸਿੰਘ ਖੁੱਡੀਆਂ ਅਤੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਸ੍ਰੀ ਗੁਰਚਰਨ ਸਿੰਘ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਲਈ 2 ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ ਮਿਤੀ 05-10-2026 ਤੋਂ 16-10-2026 ਤੱਕ ਡੇਅਰੀ ਸਿਖਲਾਈ ਕੇਂਦਰ, ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ-ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ ਮਿਤੀ 01-10-2026 ਤੱਕ ਅਰਜ਼ੀਆਂ ਦੇ ਸਕਦੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ, ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ ਅਤੇ ਪੇਂਡੂ ਖੇਤਰ ਨਾਲ ਸਬੰਧਿਤ ਹੋਣ, ਭਾਗ ਲੈ ਸਕਦੇ ਹਨ।ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫੀਸਦੀ ਜਨਰਲ ਅਤੇ 33 ਫੀਸਦੀ ਅਨੁਸੂਚਿਤ ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਇਸ ਦੇ ਨਾਲ ਕੈਟਲ ਸ਼ੈੱਡ, ਮਿਲਕਿੰਗ ਮਸ਼ੀਨ, ਫੋਡਰ ਹਾਰਵੈਸਟਰ ਅਤੇ ਹੋਰ ਮਸ਼ੀਨਰੀ ਆਦਿ 'ਤੇ ਵੀ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ।ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ, ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।ਜਾਣਕਾਰੀ ਲਈ ਫ਼ੋਨ ਨੰਬਰਾਂ ਤੇ 8054800880, 7508973471, 7888850893, 9878345930, 9417766062 ਸੰਪਰਕ ਕਰੋ

ਜਨਗਣਨਾ ਫੇਜ਼ -2 ਸਬੰਧੀ ਜ਼ਿਲ੍ਹਾ ਗੁਰਦਾਸਪੁਰ ਦੇ ਫੀਲਡ ਟ੍ਰੇਨਰਾਂ ਦੀ ਟ੍ਰੇਨਿੰਗ ਸਮਾਪਤ

ਗੁਰਦਾਸਪੁਰ, 30 ਸਤੰਬਰ (ਗੁਲਸ਼ਨ ਕੁਮਾਰ ਰਣੀਆਂ)ਜਨਗਣਨਾ-2027 ਦੇ ਫੇਜ਼-2 ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਫੀਲਡ ਟ੍ਰੇਨਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਸਫਲਤਾਪੂਰਵਕ ਸਮਾਪਤ ਹੋ ਗਈ ਹੈ। ਇਸ ਟ੍ਰੇਨਿੰਗ ਦੇ ਪਹਿਲੇ ਬੈਚ ਵਿੱਚ 32 ਅਤੇ ਦੂਜੇ ਬੈਚ ਵਿੱਚ 30 ਫੀਲਡ ਟ੍ਰੇਨਰਾਂ ਨੇ ਭਾਗ ਲਿਆ।ਫੀਲਡ ਟ੍ਰੇਨਰਾਂ ਦੀ ਇਹ ਟ੍ਰੇਨਿੰਗ ਪੰ

ਐਸਆਈਟੀ ਵੱਲੋਂ ਅਕਾਲੀ ਆਗੂ ਬਿਕਰਮ ਮਜੀਠੀਆ ਨੂੰ ਤਲਬ

ਚੰਡੀਗੜ੍ਹ, 30 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਬੁੱਧਵਾਰ ਨੂੰ, ਵਿਸ਼ੇਸ਼ ਜਾਂਚ ਟੀਮ ਨੇ 6,000 ਕਰੋੜ ਰੁਪਏ ਦੇ ਨਸ਼ਾ ਤਸਕਰੀ ਮਾਮਲੇ ਦੇ ਸਬੰਧ ਵਿੱਚ ਸੀਨੀਅਰ ਅਕਾਲੀ ਦਲ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਸੰਮਨ ਜਾਰੀ ਕੀਤੇ। ਉਨ੍ਹਾਂ ਨੂੰ 5 ਅਕਤੂਬਰ ਨੂੰ ਪੇਸ਼ ਹੋਣ ਲਈ ਕਿਹਾ ਗਿਆ ਹੈ। ਐਸਆਈਟੀ ਨੇ ਬਰਖ਼ਾਸਤ ਪੰਜਾਬ ਪੁਲਿਸ ਡੀਐਸਪੀ ਜਗਦੀਸ਼ ਸਿੰਘ ਭੋਲਾ ਨੂੰ ਵੀ ਉਸੇ ਦਿਨ ਪੇਸ਼ ਹੋਣ ਲਈ ਸੰਮਨ ਭੇਜੇ ਹਨ। ਇਸ ਗੱਲ ਦੀ ਸੰਭਾਵਨਾ ਹੈ ਕਿ ਦੋਵਾਂ ਤੋਂ ਆਹਮੋ-ਸਾਹਮਣੇ ਬਿਠਾ ਕੇ ਪੁੱਛਗਿੱਛ ਕੀਤੀ ਜਾਵੇਗੀ। ਨਸ਼ਾ ਤਸਕਰੀ ਦੇ ਰੈਕੇਟ ਦੀ ਜਾਂਚ ਵਿੱਚ ਭੋਲਾ ਦਾ ਨਾਂ ਵੀ ਜੁੜਿਆ ਹੋਇਆ ਹੈ। ਨਵੇਂ ਸੰਮਨਾਂ 'ਤੇ ਪ੍ਰਤੀਕਿਰਿਆ ਦਿੰਦਿਆਂ, ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਰਸ਼ਦੀਪ ਸਿੰਘ ਕਲੇਰ ਨੇ ਪੰਜਾਬ ਸਰਕਾਰ 'ਤੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 'ਸੰਮਨਾਂ ਦੀ ਰਾਜਨੀਤੀ' ਕਰਨ ਦਾ ਦੋਸ਼ ਲਗਾਇਆ। ਕਲੇਰ ਨੇ ਦਾਅਵਾ ਕੀਤਾ ਕਿ ਮਜੀਠੀਆ ਵਿਰੁੱਧ ਲੱਗੇ ਦੋਸ਼ਾਂ ਦੀ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਸੁਪਰੀਮ ਕੋਰਟ ਵਿੱਚ ਸੁਣਵਾਈ ਦੌਰਾਨ ਜਾਂਚ ਕੀਤੀ ਜਾ ਚੁੱਕੀ ਹੈ ਅਤੇ ਅਕਾਲੀ ਆਗੂ ਵਿਰੁੱਧ ਕੋਈ ਵੀ ਦੋਸ਼ ਸਾਬਤ ਕਰਨ ਵਾਲਾ ਸਬੂਤ ਨਹੀਂ ਮਿਲਿਆ—ਹਾਲਾਂਕਿ ਇਹ ਕਲੇਰ ਦਾ ਆਪਣਾ ਦਾਅਵਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨਵੇਂ ਸੰਮਨਾਂ ਦੀ ਸਮੀਖਿਆ ਕਰੇਗਾ ਅਤੇ ਅਗਲੀ ਕਾਰਵਾਈ ਬਾਰੇ ਫੈਸਲਾ ਲਵੇਗਾ। ਇਸ ਵਿੱਚ ਇਸ ਕਾਨੂੰਨੀ ਪਹਿਲੂ 'ਤੇ ਵਿਚਾਰ ਕਰਨਾ ਵੀ ਸ਼ਾਮਲ ਹੋਵੇਗਾ ਕਿ ਕੀ ਐਸਆਈਟੀ ਅਜਿਹੇ ਸੰਮਨ ਜਾਰੀ ਕਰ ਸਕਦੀ ਹੈ ਜਦੋਂ ਕਿ ਇਸ ਮਾਮਲੇ ਦੀ ਸੁਣਵਾਈ ਪਹਿਲਾਂ ਹੀ ਸੁਪਰੀਮ ਕੋਰਟ ਵਿੱਚ ਹੋ ਚੁੱਕੀ ਹੈ। 20 ਦਸੰਬਰ 2021 ਨੂੰ, ਪੰਜਾਬ ਪੁਲਿਸ ਦੀ ਕ੍ਰਾਈਮ ਬ੍ਰਾਂਚ ਨੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 25, 27-1 ਅਤੇ 29 ਤਹਿਤ ਬਿਕਰਮ ਮਜੀਠੀਆ ਵਿਰੁੱਧ ਐਫਆਈਆਰ ਦਰਜ ਕੀਤੀ ਸੀ। ਇਹ ਐਫਆਈਆਰ 2018 ਦੀ ਐਸਟੀਐਫ ਰਿਪੋਰਟ 'ਤੇ ਆਧਾਰਿਤ ਸੀ। ਪੁਲਿਸ ਨੇ ਦੋਸ਼ ਲਗਾਇਆ ਸੀ ਕਿ ਮਜੀਠੀਆ ਦੇ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਨਾਲ ਸਬੰਧ ਸਨ। ਐਫਆਈਆਰ ਵਿੱਚ 2004 ਤੋਂ 2014 ਤੱਕ ਦੀਆਂ ਕਥਿਤ ਗਤੀਵਿਧੀਆਂ ਦਾ ਜ਼ਿਕਰ ਕੀਤਾ ਗਿਆ ਸੀ। ਇਸ ਕੇਸ ਵਿੱਚ ਜਗਦੀਸ਼ ਸਿੰਘ ਭੋਲਾ, ਜਗਜੀਤ ਸਿੰਘ ਚਾਹਲ, ਮਨਿੰਦਰ ਸਿੰਘ ਔਲਖ (ਉਰਫ਼ ਬਿੱਟੂ ਔਲਖ) ਅਤੇ ਹੋਰਾਂ ਦੇ ਬਿਆਨਾਂ ਦਾ ਵੀ ਹਵਾਲਾ ਦਿੱਤਾ ਗਿਆ ਸੀ। ਪੰਜਾਬ ਸਰਕਾਰ ਨੇ ਅਦਾਲਤ ਨੂੰ ਦੱਸਿਆ ਸੀ ਕਿ ਇਨ੍ਹਾਂ ਬਿਆਨਾਂ ਅਤੇ ਹੋਰ ਸਮੱਗਰੀ ਦੇ ਆਧਾਰ 'ਤੇ ਮਜੀਠੀਆ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਸੀ। ਹਾਲਾਂਕਿ, ਮਜੀਠੀਆ ਨੇ ਇਸ ਕੇਸ ਦਾ ਕਾਨੂੰਨੀ ਤੌਰ 'ਤੇ ਮੁਕਾਬਲਾ ਕੀਤਾ ਅਤੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਅੰਮ੍ਰਿਤਸਰ ਤੋਂ ਚੋਣ ਮੈਦਾਨ ਵਿੱਚ ਵੀ ਉਤਰੇ। ਇਸ ਤੋਂ ਬਾਅਦ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ ਗਿਆ। ਅਗਸਤ 2022 ਵਿੱਚ ਉਨ੍ਹਾਂ ਨੂੰ ਜ਼ਮਾਨਤ ਮਿਲ ਗਈ ਸੀ। ਮਜੀਠੀਆ ਲਗਾਤਾਰ ਇਸ ਕੇਸ ਦੀਆਂ ਦਲੀਲਾਂ ਅਤੇ ਆਧਾਰ 'ਤੇ ਸਵਾਲ ਉਠਾਉਂਦੇ ਰਹੇ ਹਨ। ਮਜੀਠੀਆ ਦਾ ਕਹਿਣਾ ਹੈ ਕਿ ਇਹ ਐਨਡੀਪੀਐਸ ਦਾ ਅਜਿਹਾ ਮਾਮਲਾ ਹੈ ਜਿਸ ਵਿੱਚ ਪੁਲਿਸ ਵੱਲੋਂ ਕੋਈ ਬਰਾਮਦਗੀ ਨਹੀਂ ਕੀਤੀ ਗਈ ਹੈ। ਹਾਲਾਂਕਿ, ਪੁਲਿਸ ਨੇ ਨਸ਼ਾ ਤਸਕਰੀ ਦੇ ਦੋਸ਼ ਵਿੱਚ ਫੜੇ ਗਏ ਕਈ ਵਿਅਕਤੀਆਂ ਦੇ ਬਿਆਨ ਦਰਜ ਕੀਤੇ ਹਨ।

ਸਫ਼ਾ ਇੱਕ ਦੀਆਂ ਬਾਕੀ...

ਭਾਜਪਾ ਸਰਕਾਰ ਬਣੀ ਤਾਂ.....

ਲਈ ਚਿੱਟੇ ਨੂੰ ਖ਼ਤਮ ਕਰ ਦਿਓ। ਇਸ ਮੌਕੇ 'ਤੇ ਤਰੁਣ ਚੁੱਘ,ਸੰਦੀਪ ਪਾਠਕ, ਰਾਘਵ ਚੱਢਾ, ਸਤਨਾਮ ਸਿੰਘ ਸੰਧੂ, ਅਸ਼ੋਕ ਕੁਮਾਰ ਮਿੱਤਲ, ਵਿਕਰਮ ਸਿੰਘ ਸਾਹਨੀ ਤੇ ਹਰਭਜਨ ਸਿੰਘ ਸਾਰੇ ਮੈਂਬਰ ਰਾਜ ਸਭਾ, ਅਨਿਲ ਸਰੀਨ ਸੁਨੀਲ ਜਾਖੜ, ਮਨਪ੍ਰੀਤ ਸਿੰਘ ਬਾਦਲ, ਵਿਜੈ ਸਾਂਪਲਾ,ਮੰਨੋਰੰਜਨ ਕਾਲੀਆ, ਇਕਬਾਲ ਸਿੰਘ ਲਾਲਪੁਰਾ, ਸਵੇਤ ਮਲਿਕ, ਰਾਣਾ ਗੁਰਮੀਤ ਸਿੰਘ ਸੋਢੀ,ਮਹਾਰਾਣੀ ਪ੍ਰਨੀਤ ਕੌਰ, ਅਵਿਨਾਸ਼ ਰਾਏ ਖੰਨਾ, ਸੋਮ ਪ੍ਰਕਾਸ਼,ਮਨਜਿੰਦਰ ਸਿੰਘ ਸਿਰਸਾ, ਰਵਨੀਤ ਸਿੰਘ ਬਿੱਟੂ, ਦਿਨੇਸ਼ ਬੱਬੂ, ਸੁਸ਼ੀਲ ਰਿੰਕੂ, ਜੀਵਨ ਗਰਗ,ਅਮਨਜੋਤ ਕੌਰ, ਚਰਨਜੀਤ ਸਿੰਘ ਅਟਵਾਲ, ਵਿਨੀਤ ਜ਼ੋਸ਼ੀ ਸਮੇਤ ਪੰਜਾਬ ਦੇ ਭਾਜਪਾ ਨੇਤਾ ਅਤੇ ਸੂਬੇ ਦੇ ਵੱਖ-ਵੱਖ ਕੋਨਿ੍ਆਂ ਤੋਂ ਆਏ ਵੱਡੀ ਗਿਣਤੀ ਵਿੱਚ ਵਰਕਰ ਵੀ ਹਾਜ਼ਰ ਸਨ।

ਐਲਪੀਯੂ ਹਿੰਸਾ ਮਾਮਲੇ 'ਚ.....

ਵੇਰਵੇ 8 ਅਕਤੂਬਰ ਤੱਕ ਪੇਸ਼ ਕੀਤੇ ਜਾਣ। ਇੱਕ ਯੋਜਨਾਬੱਧ ਸਾਜ਼ਿਸ਼ ਜਿਸ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ: ਵਕੀਲ ਜੈਨ ਨੇ ਕਿਹਾ, 'ਮੈਂ ਸਿਰਫ਼ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਘਟਨਾ ਅਤੇ ਇਸ ਕਾਰਨ ਹੋਈ ਚਰਚਾ ਨੂੰ ਦੇਖਦੇ ਹੋਏ, ਅਹਿਮ ਮੁੱਦਾ ਦੋਸ਼ੀਆਂ ਦੀ ਪਛਾਣ ਕਰਨਾ ਹੈ; ਇਹ ਇੱਕ ਯੋਜਨਾਬੱਧ ਸਾਜ਼ਿਸ਼ ਜਾਪਦੀ ਹੈ ਅਤੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਦੀ ਲੋੜ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਸ ਦੇ ਪਿੱਛੇ ਕੌਣ ਹੈ।' ਕਾਨੂੰਨ-ਵਿਵਸਥਾ ਰਾਜ ਦਾ ਵਿਸ਼ਾ ਹੈ; ਇਸ ਲਈ, ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਜਵਾਬ ਦੇਣ ਦੀ ਲੋੜ ਨਹੀਂ ਹੈ। ਯੂਨੀਵਰਸਿਟੀ ਨੂੰ ਅਸਥਿਰ ਕਰਨ ਦੀ ਕੋਸ਼ਿਸ਼: ਪਟੀਸ਼ਨਰ ਨੇ ਦੱਸਿਆ ਕਿ ਇਸ ਮਾਮਲੇ ਦੇ ਸਬੰਧ ਵਿੱਚ ਕੋਈ ਵੀ ਪੀੜਤ ਸਾਹਮਣੇ ਨਹੀਂ ਆਇਆ ਹੈ—ਅਤੇ ਨਾ ਹੀ ਪੁਲਿਸ ਨੇ ਕਿਸੇ ਅਜਿਹੇ ਵਿਅਕਤੀ ਦਾ ਪਤਾ ਲਗਾਇਆ ਹੈ। ਇਹ ਯੂਨੀਵਰਸਿਟੀ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਵੱਲ ਇਸ਼ਾਰਾ ਕਰਦਾ ਹੈ; ਇਹ ਸਾਜ਼ਿਸ਼ ਪ੍ਰਬੰਧਕਾਂ ਨੂੰ ਪ੍ਰੇਸ਼ਾਨ ਕਰਨ ਲਈ ਰਚੀ ਗਈ ਜਾਪਦੀ ਹੈ। ਪੁਲਿਸ ਨੇ ਸਿਰਫ਼ ਇੰਨਾ ਹੀ ਕਿਹਾ ਕਿ ਜਾਂਚ ਚੱਲ ਰਹੀ ਹੈ।

ਟੈਕਸ ਦੀਆਂ ਦਰਾਂ ਵਧਾ.....

ਉਪਲਬਧ ਕਰਵਾ ਕੇ ਆਮ ਲੋਕਾਂ ਦੇ ਜੀਵਨ ਵਿੱਚ ਸੁਧਾਰ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਕਰਦਾਤਾ ਨੂੰ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਸਪੱਸ਼ਟ ਜਾਣਕਾਰੀ ਮਿਲੇ ਅਤੇ ਟੈਕਸ ਦੀ ਪਾਲਣਾ ਉਸ ਲਈ ਸੌਖੀ ਅਤੇ ਪਾਰਦਰਸ਼ੀ ਹੋਵੇ, ਇਹ ਸਰਕਾਰ ਦੀ ਪਹਿਲ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਚਾਲੂ ਵਿੱਤ ਵਰ੍ਹੇ ਦੇ ਪਹਿਲੇ ਪੰਜ ਮਹੀਨਿਆਂ, ਅਪ੍ਰੈਲ ਤੋਂ ਅਗਸਤ ਤੱਕ, ਹਰਿਆਣਾ ਦਾ ਰਾਜ ਵਸਤੂ ਅਤੇ ਸੇਵਾ ਕਰ ਕੁਲੈਕਸ਼ਨ 29 ਫੀਸਦੀ ਵਧ ਕੇ 24,662 ਕਰੋੜ ਰੁਪਏ ਹੋ ਗਿਆ ਹੈ। ਪਿਛਲੇ ਸਾਲ ਇਸੇ ਸਮੇਂ ਦੌਰਾਨ ਇਹ ਕੁਲੈਕਸ਼ਨ 19,174 ਕਰੋੜ ਰੁਪਏ ਸੀ। ਅਗਸਤ 2026 ਵਿੱਚ ਵੀ ਹਰਿਆਣਾ ਦੇ ਐੱਸ.ਜੀ.ਐੱਸ.ਟੀ. ਕੁਲੈਕਸ਼ਨ ਵਿੱਚ 21 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ, ਜਦੋਂ ਕਿ ਰਾਸ਼ਟਰੀ ਔਸਤ ਵਾਧਾ 13 ਫੀਸਦੀ ਰਿਹਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਕੁੱਲ ਜੀ.ਐੱਸ.ਟੀ. ਕਰਦਾਤਾਵਾਂ ਵਿੱਚ ਹਰਿਆਣਾ ਦੀ ਹਿੱਸੇਦਾਰੀ 4 ਫੀਸਦੀ ਤੋਂ ਘੱਟ ਹੈ, ਪਰ ਦੇਸ਼ ਦੇ ਕੁੱਲ ਜੀ.ਐੱਸ.ਟੀ. ਕੁਲੈਕਸ਼ਨ ਵਿੱਚ ਰਾਜ ਦਾ ਯੋਗਦਾਨ ਲਗਭਗ 7.7 ਫੀਸਦੀ ਹੈ। ਹੁਣ ਲੋੜ ਇਸ ਵਾਧੇ ਨੂੰ ਸਥਾਈ ਮਾਲੀ ਸਮਰੱਥਾ ਵਿੱਚ ਬਦਲਣ ਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਖੇਤੀਬਾੜੀ-ਪ੍ਰਧਾਨ ਅਰਥਚਾਰੇ ਤੋਂ ਉਦਯੋਗ ਅਤੇ ਸੇਵਾ ਖੇਤਰ ਅਧਾਰਤ ਅਰਥਚਾਰੇ ਵੱਲ ਤੇਜ਼ੀ ਨਾਲ ਅੱਗੇ ਵਧਿਆ ਹੈ। ਗੁਰੂਗ੍ਰਾਮ ਵਿੱਚ ਗਲੋਬਲ ਕੈਪੇਬਿਲਟੀ ਸੈਂਟਰ, ਆਈ.ਟੀ., ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਸੇਵਾਵਾਂ ਦਾ ਵਿਸਤਾਰ ਹੋ ਰਿਹਾ ਹੈ। ਗੰਨੌਰ ਵਿੱਚ ਇੰਡੀਆ ਇੰਟਰਨੈਸ਼ਨਲ ਹਾਰਟੀਕਲਚਰ ਮਾਰਕੀਟ, ਆਈ.ਐੱਮ.ਟੀ. ਖਰਖੌਦਾ ਵਿੱਚ ਵਾਹਨ ਨਿਰਮਾਣ ਨਿਵੇਸ਼ ਅਤੇ ਰੇਵਾੜੀ, ਹਿਸਾਰ ਅਤੇ ਹੋਰ ਖੇਤਰਾਂ ਵਿੱਚ ਉਦਯੋਗਿਕ ਅਤੇ ਲੌਜਿਸਟਿਕਸ ਪ੍ਰੋਜੈਕਟ ਰਾਜ ਦੀਆਂ ਆਧੁਨਿਕਲ ਗਤੀਵਿਧੀਆਂ ਨੂੰ ਨਵੀਂ ਗਤੀ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਪਾਣੀਪਤ ਦਾ ਟੈਕਸਟਾਈਲ ਉਦਯੋਗ, ਅੰਬਾਲਾ ਦਾ ਵਿਗਿਆਨਕ ਉਪਕਰਣ ਉਦਯੋਗ, ਹਿਸਾਰ ਦਾ ਸਟੀਲ ਉਦਯੋਗ, ਯਮੁਨਾਨਗਰ ਦਾ ਪਲਾਈਵੁੱਡ ਉਦਯੋਗ ਅਤੇ ਰੋਹਤਕ ਦਾ ਨਟ-ਬੋਲਟ ਅਤੇ ਆਟੋ-ਕੰਪੋਨੈਂਟ ਉਦਯੋਗ ਵਰਗੇ ਰਵਾਇਤੀ ਐੱਮ.ਐੱਸ.ਐੱਮ.ਈ. (ਕਲੱਸਟਰ ਵੀ ਰਾਜ ਦੀ ਆਰਥਿਕ ਸ਼ਕਤੀ ਦਾ ਮਹੱਤਵਪੂਰਨ ਆਧਾਰ ਹਨ। ਮੁੱਖ ਮੰਤਰੀ ਨੇ ਕਿਹਾ ਕਿ ਹਰ ਨਵਾਂ ਉਦਯੋਗ, ਨਿਵੇਸ਼ ਅਤੇ ਉੱਦਮ ਰੁਜ਼ਗਾਰ ਦੇ ਨਾਲ-ਨਾਲ ਨਵੇਂ ਮਾਲੀਆ ਆਧਾਰ ਦੀਆਂ ਸੰਭਾਵਨਾਵਾਂ ਵੀ ਪੈਦਾ ਕਰਦਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਦੀ ਆਰਥਿਕ ਸਮਰੱਥਾ ਦੇ ਮੁਕਾਬਲੇ ਹਰਿਆਣਾ ਦਾ ਆਪਣਾ ਕਰ-ਮਾਲੀਆ ਅਜੇ ਜੀ.ਐੱਸ.ਡੀ.ਪੀ. ਦੇ 7 ਫੀਸਦੀ ਤੋਂ ਘੱਟ ਹੈ। ਇਸ ਨੂੰ ਸਾਲ 2030 ਤੱਕ 10 ਫੀਸਦੀ ਅਤੇ ਸਾਲ 2047 ਤੱਕ 15 ਫੀਸਦੀ ਤੱਕ ਲਿਜਾਣ ਦਾ ਟੀਚਾ ਮਿਥਿਆ ਗਿਆ ਹੈ। ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਤੇ ਵਿੱਤ ਵਿਭਾਗ ਦੇ ਵਾਧੂ ਮੁੱਖ ਸਕੱਤਰ ਸ੍ਰੀ ਅਰੁਣ ਗੁਪਤਾ ਨੇ ਕਿਹਾ ਕਿ 'ਵਿਕਸਿਤ ਭਾਰਤ-ਵਿਕਸਿਤ ਹਰਿਆਣਾ' ਦੇ ਟੀਚੇ ਨੂੰ ਸਾਕਾਰ ਕਰਨ ਲਈ ਰਾਜ ਦੇ ਸਰੋਤਾਂ ਨੂੰ ਮਜ਼ਬੂਤ ਅਤੇ ਵਿਸ਼ਾਲ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਰਾਜ ਨੂੰ ਸਰੋਤ ਮੁੱਖ ਤੌਰ 'ਤੇ ਭਾਰਤ ਸਰਕਾਰ ਤੋਂ ਗ੍ਰਾਂਟ ਅਤੇ ਸਹਿਯੋਗ, ਕਰਜ਼ੇ ਅਤੇ ਆਪਣੇ ਖੁਦ ਦੇ ਮਾਲੀਏ ਰਾਹੀਂ ਪ੍ਰਾਪਤ ਹੁੰਦੇ ਹਨ। ਅਜਿਹੇ ਵਿੱਚ ਇਹ ਕਾਨਫਰੰਸ ਰਾਜ ਦੇ ਆਪਣੇ ਮਾਲੀਏ ਨੂੰ ਵਧਾਉਣ, ਮਾਲੀਆ ਇਕੱਠਾ ਕਰਨ ਦੀ ਕਾਰਜਪ੍ਰਣਾਲੀ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਅਤੇ ਨੀਤੀਗਤ ਪੱਧਰ 'ਤੇ ਜ਼ਰੂਰੀ ਬਦਲਾਅ ਕਰਕੇ ਮਾਲੀ ਪ੍ਰਣਾਲੀ ਵਿੱਚ ਮੌਜੂਦ ਸੰਭਾਵੀ ਕਮੀਆਂ ਨੂੰ ਦੂਰ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਸੰਮੇਲਨ ਵਿੱਚ ਪ੍ਰਾਪਤ ਮਾਰਗਦਰਸ਼ਨ ਤੇ ਸੁਝਾਵਾਂ ਨੂੰ ਨੀਤੀਗਤ ਪੱਧਰ ਉਤੇ ਅੱਗੇ ਵਧਾਉਂਦੇ ਹੋਏ ਰਾਜ ਦੇ ਰਾਜਸਵ ਸੰਸਾਧਨਾਂ ਨੂੰ ਮਜ਼ਬੂਤ ਕਰਨ ਅਤੇ ਹਰਿਆਣਾ ਦੇ ਆਰਥਿਕ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਠੋਸ ਯਤਨ ਕੀਤੇ ਜਾਣਗੇ। ਸੁਵਰਨ ਜਯੰਤੀ ਹਰਿਆਣਾ ਇੰਸਟੀਚਿਊਟ ਫਾਰ ਫਿਸਕਲ ਮੈਨੇਜਮੈਂਟ ਦੇ ਡਾਇਰੈਕਟਰ ਜਨਰਲ ਡਾ. ਰਾਜ ਨਹਿਰੂ ਨੇ ਕਿਹਾ ਕਿ ਇਹ ਕਾਨਫਰੰਸ ਕੇਂਦਰ ਸਰਕਾਰ ਦੇ 2047 ਦੇ ਵਿਕਸਿਤ ਭਾਰਤ ਦੇ ਟੀਚੇ ਨੂੰ ਪੂਰਾ ਕਰਨ, ਹਰਿਆਣਾ ਨੂੰ 1.5 ਟ੍ਰਿਲੀਅਨ ਦੀ ਆਰਥਿਕਤਾ ਬਣਾਉਣ, 50 ਲੱਖ ਨਵੇਂ ਰੁਜ਼ਗਾਰ ਪੈਦਾ ਕਰਨ ਅਤੇ ਸੁਸ਼ਾਸਨ ਦੇ ਸੰਕਲਪ ਨੂੰ ਪੂਰਾ ਕਰਨ ਲਈ ਜ਼ਰੂਰੀ ਪਹਿਲੂਆਂ 'ਤੇ ਵਿਚਾਰ-ਵਟਾਂਦਰਾ ਕਰਨ ਅਤੇ ਮਾਹਰਾਂ ਦੇ ਸੁਝਾਵਾਂ ਨੂੰ ਅਪਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕੜੀ ਸਾਬਤ ਹੋਵੇਗੀ।

ਸੁਪਰੀਮ ਕੋਰਟ ਵੱਲੋਂ ਫੈਕਟ.....

ਦੀ ਚੋਣ ਰੱਦ ਕਰ ਕੇ ਫਿਰ ਤੋਂ ਚੋਣ ਕਰਵਾਉਣ ਦੇ ਹੁਕਮ ਜਾਰੀ ਕੀਤੇ ਜਾਣਗੇ। ਫੈਕਟ ਫਾਈਡਿੰਗ ਕਮੇਟੀ ਨੇ ਵਾਰਡ ਨੰ. 1, 12, 32, 33, 36, 41, 43, 44, 45,48,50,51 ਅਤੇ 52 ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਜ਼ਬਰਦਸਤੀ ਰੋਕਣ ਸਬੰਧੀ ਰਿਪੋਰਟ ਵਿਚ ਕਿਹਾ ਗਿਆ ਹੈ। ਇਨ੍ਹਾਂ ਵਾਰਡਾਂ ਦੀ ਚੋਣ ਰੱਦ ਕਰਨ ਯੋਗ ਦੱਸਿਆ ਗਿਆ ਹੈ। ਵਾਰਡ ਨੰਬਰ 4, 6, 14, 16,22, 26, 28, 37, 38, 40, 46, 53, 55 ਅਤੇ 57 ਵਿਚ ਵੀ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਰੋਕਣ ਦੀ ਗੱਲ ਫੈਕਟ ਫਾਈਂਡਿੰਗ ਕਮੇਟੀ ਦੀ ਰਿਪੋਰਟ 'ਚ ਸਾਬਤ ਹੋਈ ਹੈ ਅਤੇ ਇਸ ਨੂੰ ਵੀ ਦੋਸ਼ਪੂਰਨ ਮੰਨਿਆ ਗਿਆ ਹੈ। ਇਸੇ ਤਰ੍ਹਾਂ ਵਾਰਡ ਨੰਬਰ 15 ਅਤੇ 58 'ਚ ਜਾਅਲੀ ਵੋਟਾਂ ਅਤੇ ਚੋਣ 'ਚ ਧਾਂਦਲੀ ਦੇ ਸਬੂਤ ਫੈਕਟ ਫਾਈਂਡਿੰਗ ਕਮੇਟੀ ਦੀ ਨੇ ਮਨਜ਼ੂਰ ਕਰ ਲਿਆ ਹੈ। ਵਾਰਡ ਨੰਬਰ ਰਿਪੋਰਟ 'ਚ ਹਨ, ਉਨ੍ਹਾਂ ਨੂੰ ਵੀ ਅਦਾਲਤ 7, 18 ਅਤੇ 19 ਸਬੰਧੀ ਜੋ ਸਬੂਤ ਦਿੱਤੇ ਗਏ ਸਨ, ਉਸ ਸਬੰਧੀ ਫੈਕਟ ਫਾਈਂਡਿੰਗ ਕਮੇਟੀ ਨੇ ਸਪੱਸ਼ਟ ਕਿਹਾ ਹੈ ਕਿ ਇਨ੍ਹਾਂ 'ਚ ਸਬੂਤਾਂ ਦੀ ਕਮੀ ਹੈ, ਇਸ ਲਈ ਇਹ ਦੋਸ਼ ਸਾਬਤ ਨਹੀਂ ਹੋਏ। ਉਸ ਆਧਾਰ ਵੱਲੋਂ ਨਾਮਜ਼ਦਗੀ ਪੱਤਰ ਨਾ ਭਰਨ ਦੇਣ ਦਾ ਵਾਰਡ ਨੰਬਰ 34 ਦੇ ਗੌਰਵ ਕੁਮਾਰ ਗਰਾਓਡ ਸਾਬਤ ਹੋਇਆ ਹੈ। 'ਤੇ ਚੋਣ ਦੋਸ਼ਪੂਰਨ ਮੰਨੀ ਗਈ ਹੈ ਪਰ ਇਸ ਚ ਜਾਅਲੀ ਵੋਟਾਂ ਪਾਉਣ ਦੇ ਗਰਾਓਡ ਸਾਬਤ ਨਹੀਂ ਹੋਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਆਗੂ ਅਤੇ ਸਾਬਕਾ ਮੇਅਰ ਸੰਜੀਵ ਬਿੱਟੂ ਨੇ ਕਿਹਾ ਕਿ ਕਾਂਗਰਸ ਪਾਰਟੀ ਦਸੰਬਰ 2024 ਕਾਂਗਰਸ ਕਮੇਟੀ ਦੇ ਪ੍ਰਧਾਨ ਨਰੇਸ਼ ਦੁੱਗਲ ਨੇ ਵਿਚ ਹੀ ਸੁਪਰੀਮ ਕੋਰਟ 'ਚ ਚਲੀ ਗਈ ਸੀ, ਜਦੋਂ ਕਿ ਭਾਜਪਾ 2025 'ਚ ਸੁਪਰੀਮ ਕੋਰਟ ਵਿਚ ਗਈ ਸੀ, ਜਿਸ ਤੋਂ ਬਾਅਦ ਉਨ੍ਹਾਂ ਦੇ ਕੇਸ ਵੀ ਕਾਂਗਰਸ ਦੀ ਐੱਸ. ਐੱਲ. ਪੀ. ਨਾਲ ਕਲੱਬ ਹੋ ਗਏ ਸਨ। ਸੰਜੀਵ ਬਿੱਟੂ ਨੇ ਦੱਸਿਆ ਕਿ ਉਹ ਆਪਣੇ ਉਮੀਦਵਾਰ ਕੈਲਾਸ਼ ਪੁਰੋਹਿਤ ਨੂੰ ਲੈ ਕੇ ਸੁਪਰੀਮ ਕੋਰਟ 'ਚ ਗਏ ਸਨ। ਬਿੱਟੂ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਸੀਨੀਅਰ ਵਕੀਲ ਵਿਵੇਕ ਤਿਨਖਾ ਅਤੇ 2 ਹੋਰ ਵਕੀਲ ਪੇਸ਼ ਹੋਏ ਸਨ। ਪੰਜਾਬ ਸਰਕਾਰ

ਆਰ.ਕੇ.ਐੱਸ. ਆਈ.ਪੀ.ਐੱਸ. ਦੇ ਖਿਡਾਰੀਆਂ ਨੇ ਖੇਡਾਂ ਵਿੱਚ 63 ਮੈਡਲ ਜਿੱਤੇ (29 ਸੋਨ, 24 ਚਾਂਦੀ ਤੇ 10 ਕਾਂਸੀ)

ਕੋਟ ਈਸੇ ਖਾਂ, 30 ਸਤੰਬਰ (ਸੰਜੀਵ ਸ਼ੂਦ): ਖੇਡਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਗਤੀਵਿਧੀਆਂ ਹਨ। ਇਹ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਦੇਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਮਿਹਨਤ ਅਤੇ ਮੁਕਾਬਲੇ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਆਰ.ਕੇ.ਐੱਸ. ਆਈ.ਪੀ.ਐੱਸ. ਦੇ ਵਿਦਿਆਰਥੀ-ਖਿਡਾਰੀਆਂ ਨੇ ਪੰਜਾਬ ਸਕੂਲ ਗੇਮ ਅਥਾਰਟੀ ਵੱਲੋਂ ਗਲੋਟੀ ਗਰਾਊਂਡ ਵਿਖੇ ਕਰਵਾਏ ਗਏ ਜ਼ੋਨ ਪੱਧਰੀ ਐਥਲੈਟਿਕਸ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਟੂਰਨਾਮੈਂਟ ਵਿੱਚ ਸਕੂਲ ਵੱਲੋਂ 24 ਚੁਣੀਆਂ ਗਈਆਂ ਲੜਕੀਆਂ ਅਤੇ 15 ਚੁਣੇ ਗਏ ਲੜਕਿਆਂ ਸਮੇਤ ਕੁੱਲ 39 ਵਿਦਿਆਰਥੀ-ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਕੂਲ ਦੇ ਕੁੱਲ 39 ਖਿਡਾਰੀਆਂ ਨੇ 100 ਮੀਟਰ, 1500 ਮੀਟਰ, 3000 ਮੀਟਰ, 4ਗ100 ਮੀਟਰ ਰਿਲੇਅ, ਲੰਮੀ ਛਾਲ, ਹਾਈ ਜੰਪ, ਹੈਮਰ ਥਰੋ, ਟ੍ਰਿਪਲ ਜੰਪ ਅਤੇ ਪੋਲ ਵਾਲਟ ਸਮੇਤ ਵੱਖ-ਵੱਖ ਐਥਲੈਟਿਕਸ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਖਿਡਾਰੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਕੁੱਲ 63 ਮੈਡਲ (29 ਸੋਨ, 24 ਚਾਂਦੀ ਅਤੇ 10 ਕਾਂਸੀ) ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਖਿਡਾਰੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਨੇ ਉਨ੍ਹਾਂ ਦੀ ਸਖ਼ਤ ਮਿਹਨਤ, ਲਗਨ ਅਤੇ ਖੇਡ ਪ੍ਰਤੀ ਸਮਰਪਣ ਨੂੰ ਦਰਸਾਇਆ। ਇਸ ਦੇ ਨਾਲ ਹੀ ਸਕੂਲ ਦੇ 31 ਖਿਡਾਰੀਆਂ ਦੀ ਚੋਣ ਮੋਗਾ ਜ਼ਿਲ੍ਹਾ ਪੱਧਰੀ ਖੇਡਾਂ ਲਈ ਹੋਈ ਹੈ। ਇਨ੍ਹਾਂ ਵਿੱਚ ਕੁਝ ਵਿਦਿਆਰਥੀ-ਖਿਡਾਰੀ ਦੋ-ਦੋ ਈਵੈਂਟਸ ਵਿੱਚ ਵੀ ਚੁਣੇ ਗਏ ਹਨ, ਜੋ ਉਨ੍ਹਾਂ ਦੀ ਬਹੁਪੱਖੀ ਖੇਡ ਪ੍ਰਤਿਭਾ ਨੂੰ ਦਰਸਾਉਂਦਾ ਹੈ। ਇਹ ਖਿਡਾਰੀ ਆਉਣ ਵਾਲੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੱਖ-ਵੱਖ 50 ਈਵੈਂਟਸ ਵਿੱਚ ਭਾਗ ਲੈਣਗੇ। ਸਕੂਲ ਦੇ ਖਿਡਾਰੀਆਂ ਦੀ ਹਰ ਸਾਲ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸ਼ਮੂਲੀਅਤ ਸਕੂਲ ਦੀ ਖੇਡਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਵਿਦਿਆਰਥੀਆਂ ਨੂੰ ਉੱਚ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਪ੍ਰੇਰਿਤ ਕਰਦੀ ਹੈ। ਇਸ ਸ਼ਾਨਦਾਰ ਨਤੀਜੇ ਪਿੱਛੇ ਸਕੂਲ ਦੇ ਪੀ.ਟੀ. ਮਿਸਟਰ ਰਾਜਦੀਪ ਸਿੰਘ ਢੀਂਡਸਾ ਅਤੇ ਮਿਸਿਜ਼ ਕਿਰਨਦੀਪ ਕੌਰ ਦੀ ਸਖ਼ਤ ਮਿਹਨਤ ਅਤੇ ਯੋਗ ਅਗਵਾਈ ਦਾ ਅਹਿਮ ਯੋਗਦਾਨ ਰਿਹਾ। ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਕੇ. ਸਸੀ ਕੁਮਾਰ ਵੱਲੋਂ ਖਿਡਾਰੀਆਂ ਨੂੰ ਲਗਾਤਾਰ ਪ੍ਰੇਰਣਾ, ਉਤਸ਼ਾਹ ਅਤੇ ਖੇਡਾਂ ਲਈ ਉਚਿਤ ਮਾਹੌਲ ਪ੍ਰਦਾਨ ਕੀਤਾ ਗਿਆ। ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸਕੂਲ ਪ੍ਰਬੰਧਨ ਨੇ ਆਸ ਪ੍ਰਗਟਾਈ ਕਿ ਇਹ ਖਿਡਾਰੀ ਆਉਣ ਵਾਲੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਹੋਰ ਉੱਚਾ ਕਰਨਗੇ।

"ਖੇਡਾਂ ਵਤਨ ਪੰਜਾਬ-2026" 60-70 ਉਮਰ ਵਰਗ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਪਰਮਜੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ

ਫ਼ਤਹਿਗੜ੍ਹ ਸਾਹਿਬ, 30 ਸਤੰਬਰ (ਅਭਿਸ਼ੇਕ ਮਲਹੋਤਰਾ): ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਤੇ ਤੀਜੇ ਦਿਨ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੌਰਾਨ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਜ਼ਿਲ੍ਹਾ ਖੇਡ ਅਫਸਰ ਹਰਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਥਲੈਟਿਕਸ ਅੰਡਰ-17 ਲੜਕੀਆਂ ਦੀ 100 ਮੀਟਰ ਦੌੜ ਵਿੱਚ ਕਿਰਨਦੀਪ ਕੌਰ ਨੇ ਪਹਿਲਾ, ਮਨਰੂਪ ਕੌਰ ਨੇ ਦੂਜਾ ਅਤੇ ਸਾਹਿਬਜੋਤਵੀਰ ਜੱਸੜ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-14 ਲੜਕੀਆਂ ਦੀ ਲੰਬੀ ਛਾਲ ਵਿੱਚ ਪ੍ਰਭਦੀਪ ਕੌਰ ਨੇ ਪਹਿਲਾ, ਅੰਚਲਾ ਕੁਮਾਰੀ ਨੇ ਦੂਜਾ ਅਤੇ ਗੁਰਸੀਰਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 60-70 ਉਮਰ ਵਰਗ ਦੀਆਂ ਮਹਿਲਾਵਾਂ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਪਰਮਜੀਤ ਕੌਰ ਨੇ ਪਹਿਲਾ ਅਤੇ ਊਸ਼ਾ ਰਾਣੀ ਨੇ ਦੂਜਾ ਸਥਾਨ ਹਾਸਲ ਕੀਤਾ। 51-60 ਉਮਰ ਵਰਗ ਦੀਆਂ ਮਹਿਲਾਵਾਂ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਰੁਪਪ੍ਰੀਤ ਕੌਰ ਨੇ ਪਹਿਲਾ ਅਤੇ ਹਰਪਾਲ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ 70 ਤੋਂ ਵੱਧ ਉਮਰ ਵਰਗ ਵਿੱਚ ਸ਼ ?ਰੀ ਅਸ਼ੋਕ ਕਾਲੜਾ, ਸ. ਸੁਖਦੇਵ ਸਿੰਘ ਅਤੇ ਸ. ਸੱਜਣ ਸਿੰਘ ਨੇ 100 ਮੀਟਰ ਦੌੜ ਜਿੱਤੀ, 61-70 ਸਾਲ ਉਮਰ ਵਰਗ ਵਿੱਚ ਪਰਮਜੀਤ ਕੌਰ ਨੇ ਸ਼ਾਟਪੁੱਟ 'ਚ ਬਾਜ਼ੀ ਮਾਰੀ। ਉਨ੍ਹਾਂ ਦੱਸਿਆ ਕਿ ਟੇਬਲ ਟੈਨਿਸ:ਅੰਡਰ-21 ਲੜਕੀਆਂ ਦੇ ਮੁਕਾਬਲੇ ਵਿੱਚ ਦਸਤੂਰ ਨੇ ਪਹਿਲਾ, ਸੁਹਾਨੀ ਨੇ ਦੂਜਾ ਅਤੇ ਏਂਜਲ ਤੇ ਕਨਿਸ਼ਕਾ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-21 ਲੜਕਿਆਂ ਦੇ ਮੁਕਾਬਲੇ ਵਿੱਚ ਕੇਸ਼ਵ ਪ੍ਰਤਾਪ ਨੇ ਪਹਿਲਾ, ਜਸਕਰਨ ਨੇ ਦੂਜਾ ਅਤੇ ਨਵਦੀਪ ਤੇ ਤੁਰਮਨ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। 21-30 ਉਮਰ ਵਰਗ ਦੇ ਪੁਰਸ਼ਾਂ ਦੇ ਮੁਕਾਬਲੇ ਵਿੱਚ ਹਰਪ੍ਰੀਤ ਸਿੰਘ ਨੇ ਪਹਿਲਾ, ਦਵਿੰਦਰਪਾਲ ਸਿੰਘ ਨੇ ਦੂਜਾ ਅਤੇ ਦਿਆ ਸਿੰਘ ਤੇ ਅਰਜੁਨ ਸਿੰਘ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਜ਼ਿਲ੍ਹਾ ਖੇਡ ਅਫਸਰ ਨੇ ਦੱਸਿਆ ਕਿ ਪੁਰਸ਼ਾਂ ਦੇ ਟੈਨਿਸ ਬਾਲ ਕ੍ਰਿਕਟ ਮੁਕਾਬਲਿਆਂ ਵਿੱਚ ਬਲਾਕ ਖੇੜਾ ਦੀ ਟੀਮ ਇਸਰਹੇਲ ਨੇ ਖਮਾਣੋਂ ਦੀ ਟੀਮ ਨੂੰ 02 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ। ਇਸੇ ਤਰ੍ਹਾਂ ਬੱਸੀ ਪਠਾਣਾਂ ਦੀ ਟੀਮ ਨੇ ਮਹਿਮਦਪੁਰ ਦੀ ਟੀਮ ਨੂੰ 22 ਦੌੜਾਂ ਨਾਲ ਹਰਾਇਆ।

ਕਰਾਟੇ ਗੇਮ ਦੇ ਟਰਾਇਲ ਅੱਜ ਸਵੇਰੇ 8 ਵਜੇ ਏ.ਵੀ.ਐਮ ਸਕੂਲ ਬਟਾਲਾ ਵਿਖੇ ਹੋਣਗੇ

ਗੁਰਦਾਸਪੁਰ, 30 ਸਤੰਬਰ (ਗੁਲਸ਼ਨ ਕੁਮਾਰ ਰਣੀਆਂ, ਸੰਜੀਵ ਨਈਅਰ): ਖੇਡਾਂ ਵਤਨ ਪੰਜਾਬ' ਦੀਆਂ ਸ਼ੀਜਨ 4 ਤਹਿਤ ਜ਼ਿਲ੍ਹਾ ਜਿਲ੍ਹਾ ਪੱਧਰੀ ਟੂਰਨਾਮੈਂਟ ਕਰਾਟੇ ਗੇਮ ਦੇ ਟਰਾਇਲ ਪ੍ਰਬੰਧਕੀ ਕਾਰਨਾਂ ਕਰਕੇ ਵੈਨਿਊ ਬਦਲ ਦਿੱਤਾ ਗਿਆ ਹੈ, ਹੁਣ ਕਰਾਟੇ ਗੇਮ ਦੇ ਟਰਾਇਲ ਮਿਤੀ 01 ਅਕਤੂਬਰ (ਲੜਕੇ/ਲੜਕੀਆਂ) ਸਵੇਰੇ 08:00 ਵਜੇ ਏ.ਵੀ.ਐਮ ਸੀਨੀਅਰ ਸੈਕੰਡਰੀ ਸਕੂਲ, ਨੇੜੇ ਠਠਿਆਰੀ ਗੇਟ, ਬਟਾਲਾ ਵਿਖੇ ਕਰਵਾਏ ਜਾਣੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਗੁਰਵੰਤ ਸਿੰਘ 98552- 59592 ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਦੱਸਿਆ ਕੀ ਖੇਡ ਵਿਭਾਗ ਵੱਲੋਂ ਸੂਬੇ ਵਿੱਚ ਖਿਡਾਰੀਆਂ ਦੀ ਹੁਨਰ ਦੀ ਸ਼ਨਾਖਤ, ਖੇਡਾਂ ਪੱਖੀ ਮਾਹੌਲ ਸਿਰਜਣ ਅਤੇ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਦੇ ਮੰਤਵ ਤਹਿਤ ਪੰਜਾਬ ਖੇਡਾਂ ਵਤਨ ਪੰਜਾਬ ਦੀਆਂ- 2026 (ਸੀਜ਼ਨ-4) ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਅੰਡਰ 14 ਤੋਂ 70 ਸਾਲ ਤੱਕ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।

ਗੁਰਦਮਨਦੀਪ ਬਰਾੜ ਬਣੇ ਕੈਨੇਡਾ 'ਚ ਬੈਰਿਸਟਰ ਐਂਡ ਸੋਲਿਸਿਟਰ

ਸ੍ਰੀ ਮੁਕਤਸਰ ਸਾਹਿਬ, 30 ਸਤੰਬਰ (ਆਦੇਸ਼): ਸ੍ਰੀ ਮੁਕਤਸਰ ਸਾਹਿਬ ਦੇ ਜੰਮਪਲ ਗੁਰਦਮਨਦੀਪ ਸਿੰਘ ਬਰਾੜ ਨੇ ਕੈਨੇਡਾ 'ਚ ਵਕਾਰੀ ਕਾਨੂੰਨੀ ਪ੍ਰੀਖਿਆਵਾਂ 'ਚ ਸ਼ਾਨਦਾਰ ਸਫਲਤਾ ਹਾਸਲ ਕਰ ਕੇ 'ਬੈਰਿਸਟਰ ਐਂਡ ਸੋਲਿਸਿਟਰ' ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਪਿਤਾ ਅਵਤਾਰ ਸਿੰਘ ਬਰਾੜ ਤੇ ਮਾਤਾ ਬਲਜਿੰਦਰ ਕੌਰ ਦੇ ਘਰ 15 ਮਈ 1992 ਨੂੰ ਜਨਮੇ ਗੁਰਦਮਨਦੀਪ ਸਿੰਘ ਬਰਾੜ ਬਚਪਨ ਤੋਂ ਹੀ ਪੜ੍ਹਾਈ 'ਚ ਕਾਫ਼ੀ ਰੁਚੀ ਰੱਖਦੇ ਸਨ। ਉਹ ਇਕ ਪੜ੍ਹੇ-ਲਿਖੇ ਤੇ ਅਨੁਸ਼ਾਸਨਬੱਧ ਪਰਿਵਾਰ ਨਾਲ ਸਬੰਧ ਰੱਖਦੇ ਹਨ। ਉਨ੍ਹਾਂ ਦੇ ਦਾਦਾ ਨਿਰਮਲ ਸਿੰਘ (ਰਿਟਾਇਰਡ ਕਾਨੂੰਗੋ) ਤੇ ਤਾਇਆ ਪ੍ਰਤਾਪ ਸਿੰਘ (ਰਿਟਾਇਰਡ ਪ੍ਰਿੰਸੀਪਲ) ਹਨ। ਗੁਰਦਮਨਦੀਪ ਨੇ ਦਸਵੀਂ ਤੱਕ ਦੀ ਪੜ੍ਹਾਈ ਟੈਗੋਰ ਮਾਡਲ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਅਤੇ 1, 2 ਦੀ ਸਿੱਖਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਓਦੇਕਰਨ (ਸ੍ਰੀ ਮੁਕਤਸਰ ਸਾਹਿਬ) ਤੋਂ ਪ੍ਰਾਪਤ ਕੀਤੀ। ਇਸ ਤੋਂ ਬਾਅਦ ਸਾਲ 2014 'ਚ ਬਾਬਾ ਫ਼ਰੀਦ ਲਾਅ ਕਾਲਜ, ਫ਼ਰੀਦਕੋਟ ਤੋਂ ਬੀਏ ਐੱਲਐੱਲਬੀ ਦੀ ਡਿਗਰੀ ਹਾਸਲ ਕੀਤੀ। ਕੈਨੇਡਾ ਵਿੱਚ ਵਕਾਲਤ ਦਾ ਲਾਇਸੈਂਸ ਪ੍ਰਾਪਤ ਕਰਨ ਲਈ ਉਨ੍ਹਾਂ ਕਾਨੂੰਨ ਦੀਆਂ 7 ਸਖ਼ਤ ਪ੍ਰੀਖਿਆਵਾਂ ਪਾਸ ਕੀਤੀਆਂ। ਇਸ ਤੋਂ ਇਲਾਵਾ, 1 ਸਾਲ ਦਾ ਸੀ.ਪੀ.ਐੱਲ.ਈ.ਡੀ. ਕੋਰਸ ਤੇ ਇਕ ਸਾਲ 'ਕਵਰਪ੍ਰੀਤ ਬਰਾੜ ਬੈਰਿਸਟਰ ਐਂਡ ਸੋਲਿਸਿਟਰ, ਸੋਲਿਊਸ਼ਨ ਲਾਅ ਐਡਮੰਟਨ ਅਲਬਰਟਾ' ਕੋਲ 1 ਸਾਲ ਦੀ ਟਰੇਨਿੰਗ ਪੂਰੀ ਕਰਕੇ ਕਾਨੂੰਨ ਦਾ ਲਾਇਸੈਂਸ ਹਾਸਲ ਕਰ ਲਿਆ। 23 ਸਤੰਬਰ 2026 ਨੂੰ ਮਾਨਯੋਗ ਜਸਟਿਸ ਬਾਰਬਰਾ ਬੀ. ਜੌਨਸਟਨ, ਕੋਰਟ ਆਫ਼ ਕਿੰਗਜ਼ ਬੈਂਚ ਕੈਲਗਰੀ ਅਲਬਰਟਾ ਦੀ ਅਦਾਲਤ 'ਚ ਗੁਰਦਮਨਦੀਪ ਸਿੰਘ ਨੇ 'ਬੈਰਿਸਟਰ ਐਂਡ ਸੋਲਿਸਿਟਰ' ਵਜੋਂ ਆਪਣੇ ਅਹੁਦੇ ਦੀ ਸਹੁ ਚੁੱਕੀ ਤੇ ਕੈਨੇਡਾ 'ਚ ਬਤੌਰ ਅਭਿਆਸੀ ਵਕੀਲ ਵਜੋਂ ਸੋਲਿਊਸ਼ਨ ਲਾਅ ਕੈਲਗਰੀ ਅਲਬਰਟਾ ਵਿਖੇ ਆਪਣੀ ਵਕਾਲਤ ਦੀ ਸ਼ੁਰੂਆਤ ਕਰ ਰਹੇ ਹਨ। ਇਸ ਮੌਕੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਗੁਰਦਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਉਹ ਆਪਣੀਆਂ ਸੇਵਾਵਾਂ ਰਾਹੀਂ ਪੰਜਾਬੀ ਭਾਈਚਾਰੇ ਦਾ ਨਾਮ ਰੋਸ਼ਨ ਕਰਨਗੇ ਅਤੇ ਹਰ ਲੋੜਵੰਦ ਦੀ ਮਦਦ ਲਈ ਹਮੇਸ਼ਾ ਤਤਪਰ ਰਹਿਣਗੇ।

ਬਗੇਸ਼ਵਰ ਧਾਮ ਦੇ ਬਾਬਾ ਧੀਰੇਂਦਰ ਸ਼ਾਸਤਰੀ ਦਾ ਗੋਸ਼ਾ ਨੇ ਸਿਰੋਪਾਓ ਤੇ ਸ੍ਰੀ ਸਾਹਿਬ ਭੇਟ ਕਰ ਕੀਤਾ ਸਨਮਾਨ

ਲੁਧਿਆਣਾ, 29 ਸਤੰਬਰ (ਸਰਬਜੀਤ ਸੂਫ਼ੀ): ਬਾਬਾ ਬਾਗੇਸ਼ਵਰ ਧਾਮ ਦੇ ਪੀਠਾਧੀਸ਼ਵਰ ਧੀਰੇਂਦਰ ਸ਼ਾਸਤਰੀ ਜੀ ਦੇ ਲੁਧਿਆਣਾ ਪਹੁੰਚਣ 'ਤੇ ਭਾਜਪਾ ਆਗੂ ਗੁਰਦੀਪ ਸਿੰਘ ਗੋਸ਼ਾ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸ੍ਰੀ ਸਾਹਿਬ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਗੋਸ਼ਾ ਨੇ ਕਿਹਾ ਕਿ ਧੀਰੇਂਦਰ ਸ਼ਾਸਤਰੀ ਵੱਲੋਂ ਸਿੱਖ ਪੰਥ, ਸ੍ਰੀ ਗੁਰੂ ਸਾਹਿਬਾਨ ਅਤੇ ਸਿੱਖ ਇਤਿਹਾਸ ਪ੍ਰਤੀ ਪ੍ਰਗਟ ਕੀਤੀ ਸ਼ਰਧਾ ਤੇ ਸਤਿਕਾਰ ਸ਼ਲਾਘਾਯੋਗ ਹੈ। ਗੋਸ਼ਾ ਨੇ ਕਿਹਾ ਕਿ ਪੰਜਾਬ ਵਿੱਚ ਸਾਰੇ ਧਰਮਾਂ ਦਾ ਸਤਿਕਾਰ ਅਤੇ ਆਪਸੀ ਭਾਈਚਾਰਾ ਇਸ ਦੀ ਪਛਾਣ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਚਾਰ ਰੋਜ਼ਾ ਧਾਰਮਿਕ ਸਮਾਗਮ ਦੇ ਪ੍ਰਬੰਧ ਲਈ ਅਮਿਤ ਸਿੰਗਲਾ, ਅਰੁਣ ਬਾਂਸਲ ਅਤੇ ਭਾਜਪਾ ਕੌਂਸਲਰ ਵਰਿੰਦਰ ਸਹਿਗਲ ਦਾ ਧੰਨਵਾਦ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਐਸ.ਐਸ.ਪੀ. ਨੇ ਨਾਕਿਆਂ 'ਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਨੂੰ ਚੌਕਸ ਰਹਿਣ ਦੇ ਦਿੱਤੇ ਨਿਰਦੇਸ਼

ਲੁਧਿਆਣਾ, 30 ਸਤੰਬਰ (ਝੱਜ ਉਮੇਦਪੁਰ): ਸੀਨੀਅਰ ਪੁਲਿਸ ਕਪਤਾਨ ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਅਤੇ ਪੁਲਿਸ ਮੁਲਾਜ਼ਮਾਂ ਦੀ ਕਾਰਜਸ਼ੀਲ ਤਿਆਰੀ ਨੂੰ ਪਰਖਣ ਲਈ ਖੰਨਾ ਪੁਲਿਸ ਜ਼ਿਲ੍ਹੇ ਅਧੀਨ ਵੱਖ-ਵੱਖ ਨਾਕਿਆਂ ਦੀ ਦੇਰ ਰਾਤ ਅਚਨਚੇਤ ਜਾਂਚ ਕੀਤੀ। ਇਸ ਦੌਰਾਨ ਉਨ੍ਹਾਂ ਨੇ ਨਾਕਿਆਂ 'ਤੇ ਤਾਇਨਾਤ ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਗੱਲਬਾਤ ਕਰਕੇ ਡਿਊਟੀ ਸਬੰਧੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਨਿਰੀਖਣ ਦੌਰਾਨ ਐਸ.ਐਸ.ਪੀ. ਨੇ ਪੁਲਿਸ ਮੁਲਾਜ਼ਮਾਂ ਨੂੰ ਹਰ ਸਮੇਂ ਚੌਕਸ, ਸੁਚੇਤ ਅਤੇ ਕਿਸੇ ਵੀ ਸਥਿਤੀ ਨਾਲ ਤੁਰੰਤ ਨਜਿੱਠਣ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੌਜੂਦਾ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਨਾਕਿਆਂ 'ਤੇ ਸਖ਼ਤ ਨਿਗਰਾਨੀ ਰੱਖਣ ਦੇ ਨਾਲ-ਨਾਲ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਜਾਂਚ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੁਰੱਖਿਆ ਨਾਲ ਸਬੰਧਤ ਕਿਸੇ ਵੀ ਘਟਨਾ ਜਾਂ ਸ਼ੱਕੀ ਗਤੀਵਿਧੀ ਦੀ ਸੂਚਨਾ ਮਿਲਣ 'ਤੇ ਤੁਰੰਤ ਅਤੇ ਲੋੜੀਂਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਪੁਲਿਸ ਮੁਲਾਜ਼ਮਾਂ ਨੂੰ ਆਪਣੀਆਂ ਡਿਊਟੀਆਂ ਪੂਰੀ ਅਨੁਸ਼ਾਸਨ, ਪੇਸ਼ੇਵਰਾਨਾ ਢੰਗ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਲਈ ਵੀ ਪ੍ਰੇਰਿਤ ਕੀਤਾ। ਐਸ.ਐਸ.ਪੀ. ਨੇ ਕਿਹਾ ਕਿ ਲੋ

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ: ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਗਵਾਈ ਹੇਠ ਬੋਰਡ ਵੱਲੋਂ ਸਬ ਜੇਲ ਮੋਗਾ ਦਾ ਨਿਰੀਖਣ

ਮੋਗਾ, 29 ਸਤੰਬਰ (ਜਗਰਾਜ ਸਿੰਘ ਸੰਘਾ) ਸ੍ਰੀਮਤੀ ਨੀਲਮ ਅਰੋੜਾ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਦੀ ਅਗਵਾਈ ਹੇਠ ਸ੍ਰੀ ਸਿਮਰਨ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਸਮੇਤ ਬੋਰਡ ਆਫ਼ ਵਿਜ਼ਿਟਰਜ਼ ਵੱਲੋਂ ਸਬ ਜੇਲ, ਮੋਗਾ ਦਾ ਬਰੀਕੀ ਨਾਲ ਨਿਰੀਖਣ ਕੀਤਾ ਗਿਆ। ਇਹ ਨਿਰੀਖਣ ਜੇਲ੍ਹਾਂ ਵਿੱਚ ਬੁਨਿਆਦੀ ਸਹੂਲਤਾਂ ਦੀ ਜਾਂਚ ਲਈ ਨਿਯਮਤ ਨਿਰੀਖਣ ਕਰਨ ਦੇ ਉਦੇਸ਼ ਨਾਲ ਕੀਤਾ ਗਿਆ। ਨਿਰੀਖਣ ਦੌਰਾਨ ਬੋਰਡ ਵੱਲੋਂ ਜੇਲ੍ਹ ਦੀਆਂ ਵੱਖ-ਵੱਖ ਬੈਰਕਾਂ, ਲੰਗਰ/ਕਿਚਨ ਅਤੇ ਮੈਡੀਕਲ ਦੀਆਂ ਸਹੂਲਤਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ। ਜੇਲ੍ਹ ਵਿੱਚ ਬੁਨਿਆਦੀ ਸਹੂਲਤਾਂ, ਸਫ਼ਾਈ, ਬੰਦੀਆਂ ਦੀ ਰਿਹਾਇਸ਼, ਭੋਜਨ, ਸੁਰੱਖਿਆ, ਅਨੁਸ਼ਾਸਨ,

ਮੈਡੀਕਲ ਸਹੂਲਤਾਂ, ਅਤੇ ਬੰਦੀਆਂ ਦੀ ਭਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਬੋਰਡ ਵੱਲੋਂ ਬੰਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਭਲਾਈ ਅਤੇ ਸਮੱਸਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ। ਬੋਰਡ ਵੱਲੋਂ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਗਈ ਕਿ ਜੇਲ੍ਹ ਅੰਦਰ ਜਾਤੀ, ਲਿੰਗ, ਅਪੰਗਤਾ ਜਾਂ ਕਿਸੇ ਹੋਰ ਆਧਾਰ 'ਤੇ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਾ ਹੋਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਦੇ ਨਾਲ ਹੀ ਸਫ਼ਾਈ, ਸੁਰੱਖਿਆ, ਅਨੁਸ਼ਾਸਨ, ਭੋਜਨ ਦੀ ਗੁਣਵੱਤਾ, ਮੈਡੀਕਲ ਦੇਖਭਾਲ ਅਤੇ ਬੰਦੀਆਂ ਦੀ ਭਲਾਈ ਦੇ ਮਿਆਰਾਂ ਨੂੰ ਲਗਾਤਾਰ ਕਾਇਮ ਰੱਖਿਆ ਜਾਵੇ ਅਤੇ ਬੰਦੀਆਂ ਦੀਆਂ ਜਾਇਜ਼ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾਵੇ। ਸ੍ਰ. ਜਸਪਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ ਮੋਗਾ, ਸ੍ਰੀਮਤੀ ਮਮਤਾ ਕੱਕੜ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਮੋਗਾ, ਡਾ. ਜਯੋਤੀ ਸਹਾਇਕ ਸਿਵਲ ਸਰਜਨ ਮੋਗਾ, ਸ੍ਰੀ ਬਲਰਾਜ ਸਿੰਘ ਕੈਰੀਅਰ ਕਾਊਂਸਲਰ, ਮੋਗਾ, ਸ਼੍ਰੀ ਤੇਜਿੰਦਰ ਸਿੰਘ ਸੀਨੀਅਰ ਇੰਡਸਟਰੀਅਲ ਪ੍ਰੋਮੋਸ਼ਨ ਅਫਸਰ ਮੋਗਾ, ਸ਼੍ਰੀ ਅਸ਼ੀਸ਼ ਕੁਮਾਰ ਸ਼ਰਮਾ ਜਿਲਾ ਸਿੱਖਿਆ ਅਫਸਰ (ਸੈਕੰਡਰੀ) ਮੋਗਾ ਅਤੇ ਸ਼੍ਰੀ ਪ੍ਰੀਤਮਪਾਲ ਸਿੰਘ ਡਿਪਟੀ ਸੁਪਰਡੈਂਟ ਸਬ ਜੇਲ ਮੋਗਾ ਹਾਜ਼ਰ ਸਨ। ਨਿਰੀਖਣ ਤਸੱਲੀਬਖਸ਼ ਢੰਗ ਨਾਲ ਸੰਪੰਨ ਹੋਇਆ। ਬੋਰਡ ਵੱਲੋਂ ਜੇਲ੍ਹ ਪ੍ਰਸ਼ਾਸਨ ਨੂੰ ਬੰਦੀਆਂ ਲਈ ਸਾਫ਼-ਸੁਥਰਾ, ਸੁਰੱਖਿਅਤ, ਸਿਹਤਮੰਦ ਅਤੇ ਭੇਦਭਾਵ-ਰਹਿਤ ਮਾਹੌਲ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ ਗਏ।

ਸਿਵਲ ਸਰਜਨ ਡਾ. ਕਵਿਤਾ ਸਿੰਘ ਨੇ ਆਮ ਆਦਮੀ ਕਲੀਨਿਕਾਂ ਲਈ ਮੈਡੀਕਲ ਅਫ਼ਸਰਾਂ ਅਤੇ ਕਲੀਨੀਕਲ ਅਸੀਸਟੈਂਟ ਨੂੰ ਦਿੱਤੇ ਨਿਯੁਕਤੀ ਪੱਤਰ

ਫ਼ਾਜ਼ਿਲਕਾ 30 ਸਤੰਬਰ (ਮਨੋਜ ਕੁਮਾਰ) ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ। ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਸਿਹਤ ਸੁਵਿਧਾਵਾਂ ਦੇਣ ਦੇ ਮੰਤਵ ਨਾਲ ਰਾਜ ਵਿੱਚ ਆਮ ਆਦਮੀ ਕਲੀਨਿਕ ਸਥਾਪਿਤ ਕੀਤੇ ਗਏ ਹਨ, ਜਿਸ ਵਿੱਚ ਵੱਖ ਵੱਖ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਡਾ. ਕਵਿਤਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਮਿਤੀ 03 ਅਕਤੂਬਰ 2026 ਨੂੰ 06 ਨਵੇਂ ਆਮ ਆਦਮੀ ਕਲੀਨਿਕ ਪਿੰਡ ਢਿਗਾਂਵਾਲੀ, ਬਹਿਕ ਖਾਸ, ਘੱਲੂ, ਬੇਗਾਂਵਾਲੀ, ਆਸਫਵਾਲਾ ਅਤੇ ਸਾਬੂਆਣਾ ਵਿਖੇ ਸ਼ੁਰੂ ਕੀਤੇ ਜਾ ਰਹੇ ਹਨ। ਅੱਜ ਇਹਨਾਂ ਕਲੀਨਿਕਾਂ ਲਈ ਕੈਂਡੀਡੇਟਸ ਨੂੰ ਬਤੌਰ ਮੈਡੀਕਲ ਅਫਸਰ ਡਾ. ਸੁਖਮਨਪ੍ਰੀਤ ਸਿੰਘ, ਡਾ. ਵਿਕਰਮ ਅਤੇ

ਕਲੀਨਿਕ ਅਸਿਸਟੈਂਟ ਵਜੋਂ ਸੁਮਨ ਰਾਣੀ, ਅਨੀਤਾ ਰਾਣੀ, ਰੇਨੂੰ ਬਾਲਾ, ਸ਼ਸ਼ਿੰਦਰ ਕੌਰ, ਸ਼ਰਨਜੀਤ ਕੌਰ ਅਤੇ ਨੀਤੂ ਰਾਣੀ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਇਸ ਸਮੇਂ ਡਾ ਰਿੰਕੂ ਚਾਵਲਾ ਜਿਲ੍ਹਾ ਟੀਕਾਕਰਣ ਅਫ਼ਸਰ, ਡੀ.ਪੀ.ਐਮ ਰਾਜੇਸ਼ ਕੁਮਾਰ, ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਨਾ, ਮਨਬੀਰ ਸਿੰਘ, ਦਿਵੇਸ਼ ਕੁਮਾਰ, ਅਮਨ ਕੰਬੋਜ਼, ਸੁਖਦੇਵ ਸਿੰਘ, ਰੋਹਿਤ ਸਟੈਨੋ ਅਤੇ ਆਕਾਸ਼ ਕੁਮਾਰ ਹਾਜ਼ਰ ਸਨ। ਡਾਕਟਰ ਕਵਿਤਾ ਸਿੰਘ ਨੇ ਦੱਸਿਆ ਕਿ ਜਿਲ੍ਹਾ ਫਾਜਿਲਕਾ ਵਿੱਚ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਿੱਧ ਹੋ ਰਹੇ ਹਨ ਅਤੇ ਲੋਕ ਇਨ੍ਹਾਂ ਕਲੀਨਿਕਾਂ ਵਿੱਚ ਵਿਸ਼ਵਾਸ ਰੱਖ ਕੇ ਇਲਾਜ ਕਰਵਾ ਰਹੇ ਹਨ। ਉਹਨਾਂ ਦੱਸਿਆ ਕਿ ਜਿਲ੍ਹਾ ਫਾਜਿਲਕਾ ਵਿੱਚ ਇਹਨਾਂ 6 ਕਲੀਨਿਕਾਂ ਦੇ ਖੁੱਲਣ ਨਾਲ ਆਮ ਆਦਮੀ ਕਲੀਨਿਕਾਂ ਦੀ ਗਿਣਤੀ ਵੱਧ ਕੇ 39 ਹੋ ਜਾਵੇਗੀ। ਇਹਨਾਂ ਕਲੀਨਿਕ ਵਿੱਚ ਮੌਕੇ ਤੇ ਹੀ ਮਰੀਜਾਂ ਦਾ ਚੈੱਕਅੱਪ ਕਰਕੇ ਲੋੜੀਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ। ਆਮ ਆਦਮੀ ਕਲੀਨਿਕ ਵਿੱਚ 46 ਤਰ੍ਹਾਂ ਦੇ ਲੈਬ ਟੈਸਟ ਅਤੇ ਲਗਭਗ 100 ਤਰ੍ਹਾਂ ਦੀਆਂ ਜਰੂਰੀ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ, ਗਰਭਵਤੀ ਦਾ ਇਲਾਜ, ਮੁਫਤ ਅਲਟਰਾ ਸਾਊਂਡ ਲਈ ਰੈਫਰ, ਰੇਬੀਜ਼ ਦੀ ਵੈਕਸੀਨ, ਟੀਕਾਕਰਣ ਕੀਤਾ ਜਾਂਦਾ ਹੈ। ਮਰੀਜਾਂ ਦਾ ਆਨਲਾਇਨ ਰਿਕਾਰਡ ਰੱਖਿਆ ਜਾ ਰਿਹਾ ਹੈ। ਸਿਵਲ ਸਰਜਨ ਡਾ. ਕਵਿਤਾ ਸਿੰਘ ਨੇ ਨਵਨਿਯੁਕਤ ਮੈਡੀਕਲ ਅਫ਼ਸਰਾਂ ਅਤੇ ਕਲੀਨੀਕਲ ਅਸਿਸਟੈਂਟ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਮਰੀਜਾਂ ਅਤੇ ਲੋਕਾਂ ਨੂੰ ਤਨਦੇਹੀ ਨਾਲ ਸਿਹਤ ਸੇਵਾਵਾਂ ਦੇਣ ਲਈ ਕਿਹਾ।

ਪਰਾਲੀ ਸਾੜਨ ਤੋਂ ਰੋਕਣ ਲਈ ਜਾਗਰੂਕਤਾ ਮੁਹਿੰਮ ਸ਼ੁਰੂ / ਏਡੀਸੀ (ਜ) ਅਰਸ਼ਦੀਪ ਸਿੰਘ ਨੇ ਪ੍ਰਚਾਰ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

ਪਠਾਨਕੋਟ 30, ਸਤੰਬਰ (ਤਰੁਣ ਸਣਹੋਤਰਾ) ਡਿਪਟੀ ਕਮਿਸ਼ਨਰ ਡਾ. ਪੱਲਵੀ ਦੀ ਰਹਿਨੁਮਾਈ ਹੇਠ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਅਤੇ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਜ)ਸ੍ਰੀ ਅਰਸ਼ਦੀਪ ਸਿੰਘ ਵੱਲੋਂ ਪ੍ਰਚਾਰ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ ਡਾ. ਵਿਨੈ ਕੁਮਾਰ ਸਮੇਤ ਖੇਤੀਬਾੜੀ ਵਿਭਾਗ ਦਾ ਸਟਾਫ ਹਾਜ਼ਰ ਸੀ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ(ਜ)ਸ੍ਰੀ ਅਰਸ਼ਦੀਪ ਸਿੰਘ ਨੇ ਦੱਸਿਆ ਕਿ ਇਹ ਪ੍ਰਚਾਰ ਵੈਨ ਲਗਭਗ 40 ਦਿਨਾਂ ਤੱਕ ਪੂਰੇ ਪਠਾਨਕੋਟ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ

ਕਰੇਗੀ। ਵੈਨ ਰਾਹੀਂ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸੰਭਾਲ ਦੇ ਤਰੀਕਿਆਂ ਅਤੇ ਪਰਾਲੀ ਨੂੰ ਖੇਤ ਵਿੱਚ ਹੀ ਵਾਹੁਣ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਦੇ ਨਾਲ-ਨਾਲ ਧੂੰਏਂ ਕਾਰਨ ਸੜਕ ਹਾਦਸਿਆਂ ਦਾ ਖਤਰਾ ਵੀ ਵਧਦਾ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਕਿਸਾਨਾਂ ਨੂੰ ਜਾਗਰੂਕ ਕਰਨ ਲਈ ਬਲਾਕ ਅਤੇ ਪਿੰਡ ਪੱਧਰ 'ਤੇ ਕੈਂਪਾਂ ਤੋਂ ਇਲਾਵਾ ਸਕੂਲੀ ਮੁਕਾਬਲੇ, ਨੁੱਕੜ ਨਾਟਕ, ਕਿਸਾਨ ਮੀਟਿੰਗਾਂ ਅਤੇ ਸਰਪੰਚਾਂ ਨੂੰ ਸਿਖਲਾਈ ਦੇਣ ਸਮੇਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਨੂੰ ਖੇਤ ਵਿੱਚ ਹੀ ਵਾਹ ਕੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਪ੍ਰਬੰਧਨ ਲਈ ਸਬਸਿਡੀ 'ਤੇ ਮਸ਼ੀਨਰੀ ਵੀ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਦਾ ਕਿਸਾਨ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਸਹਿਯੋਗ ਨਾਲ ਪਰਾਲੀ ਸਾੜਨ ਦੀ ਸਮੱਸਿਆ ਨੂੰ ਘਟਾਉਣ ਦੇ ਨਾਲ-ਨਾਲ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਜਾ ਸਕਦਾ ਹੈ। ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਡਾ. ਪ੍ਰਿਤਪਾਲ, ਏਡੀਓ ਡਾ. ਅਰਜਨ, ਏਡੀਓ ਡਾ. ਅਰਪਨਾ, ਏਡੀਓ ਡਾ. ਰਾਜਨੀਸ਼ ਕੁਮਾਰ, ਏਡੀਓ ਸ੍ਰੀ ਅਕਾਸ਼ਦੀਪ ਸਿੰਘ, ਰਜਤ ਕੁਮਾਰ ਆਦਿ ਵੀ ਹਾਜ਼ਰ ਸਨ।

ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚਾ ਵੱਲੋਂ ਰੋਸ ਮਾਰਚ 2 ਤੇ 3 ਨੂੰ

ਸ਼ਾਹਕੋਟ/ਮਲਸੀਆਂ, 30 ਸਤੰਬਰ (ਕੁਲਜੀਤ ਸਿੰਘ ਖਿੰਡਾ) ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਚੰਡੀਗੜ੍ਹ ਦੀਆਂ ਬਰੂਹਾਂ 'ਤੇ ਚੱਲ ਰਹੇ ਕੌਮੀ ਇਨਸਾਫ਼ ਮੋਰਚੇ ਵੱਲੋਂ 2 ਅਤੇ 3 ਅਕਤੂਬਰ ਨੂੰ ਇਤਿਹਾਸਕ ਧਰਤੀ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ) ਤੱਕ ਵਿਸ਼ਾਲ ਰੋਸ ਮਾਰਚ ਕੀਤਾ ਜਾ ਰਿਹਾ ਹੈ। ਗੱਲਬਾਤ ਕਰਦਿਆਂ ਕੌਮੀ ਇਨਸਾਫ਼ ਮੋਰਚੇ ਦੇ ਕਨਵੀਨਰ ਭਾਈ ਪਾਲ ਸਿੰਘ ਫਰਾਂਸ ਅਤੇ ਸਰਪ੍ਰਸਤ ਬਾਪੂ ਗੁਰਚਰਨ ਸਿੰਘ ਹਵਾਰਾ ਨੇ ਦੱਸਿਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਲੰਮੇ ਸਮੇਂ ਤੋਂ ਸਿੱਖ ਕੌਮ ਦੀਆਂ ਜਾਇਜ਼ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਜੇਲ੍ਹਾਂ ਵਿੱਚ ਬੰਦ ਰੱਖਣਾ ਮਨੁੱਖੀ ਅਧਿਕਾਰਾਂ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦਾ ਘਾਣ ਹੈ। ਉਨ੍ਹਾਂ ਕਿਹਾ ਕਿ ਇਹ ਮਾਰਚ ਸਰਕਾਰਾਂ ਦੇ ਅੜੀਅਲ

ਵਤੀਰੇ ਨੂੰ ਝੰਜੋੜਨ ਅਤੇ ਪੰਜਾਬ ਦੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਉਲੀਕਿਆ ਗਿਆ ਹੈ। 2 ਅਕਤੂਬਰ ਨੂੰ ਸਵੇਰੇ 10 ਵਜੇ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਮਾਰਚ ਦੀ ਰਵਾਨਗੀ ਹੋਵੇਗੀ। ਇਹ ਕਾਫ਼ਲਾ ਮਾਲਵਾ ਖੇਤਰ ਦੇ ਵੱਖ-ਵੱਖ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚੋਂ ਲੰਘੇਗਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਸੁਨੇਹਾ ਘਰ-ਘਰ ਪਹੁੰਚਾਇਆ ਜਾਵੇਗਾ। ਪਹਿਲੇ ਦਿਨ ਦਾ ਪੜਾਅ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਮੁਕੰਮਲ ਕਰਨ ਉਪਰੰਤ ਅਗਲੇ ਦਿਨ 3 ਅਕਤੂਬਰ ਨੂੰ ਇਹ ਮਾਰਚ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਪਹੁੰਚ ਕੇ ਸੰਪੰਨ ਹੋਵੇਗਾ। ਭਾਈ ਪਾਲ ਸਿੰਘ ਤੇ ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਕੌਮੀ ਇਨਸਾਫ਼ ਮੋਰਚਾ ਪਿਛਲੇ ਲੰਮੇ ਸਮੇਂ ਤੋਂ ਮੁਹਾਲੀ ਦੀਆਂ ਬਰੂਹਾਂ 'ਤੇ ਸ਼ਾਂਤਮਈ ਤੇ ਜਮਹੂਰੀ ਢੰਗ ਨਾਲ ਡਟਿਆ ਹੋਇਆ ਹੈ। ਇਹ ਲੜਾਈ ਕਿਸੇ ਇੱਕ ਧਿਰ ਦੀ ਨਹੀਂ, ਸਗੋਂ ਸਮੁੱਚੀ ਸਿੱਖ ਕੌਮ ਅਤੇ ਹੱਕ-ਸੱਚ ਲਈ ਲੜਨ ਵਾਲੇ ਹਰੇਕ ਇਨਸਾਫ਼-ਪਸੰਦ ਇਨਸਾਨ ਦੀ ਸਾਂਝੀ ਲੜਾਈ ਹੈ। ਉਨ੍ਹਾਂ ਸਮੂਹ ਇਨਸਾਫ਼ ਪਸੰਦ ਧਿਰਾਂ ਤੇ ਸੰਗਤ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ 2 ਤੇ 3 ਅਕਤੂਬਰ ਦੇ ਇਸ ਰੋਸ ਮਾਰਚ ਵਿੱਚ ਵੱਡੇ ਕਾਫ਼ਲਿਆਂ ਸਮੇਤ ਪਹੁੰਚਣ ਤਾਂ ਜੋ ਸਰਕਾਰ ਦੇ ਕੰਨਾਂ ਤੱਕ ਕੌਮ ਦੀ ਆਵਾਜ਼ ਪਹੁੰਚਾਈ ਜਾ ਸਕੇ। ਉਨ੍ਹਾਂ ਸੰਗਤਾਂ ਨੂੰ ਮਾਰਚ ਦੌਰਾਨ ਪੂਰਨ ਅਨੁਸ਼ਾਸਨ ਅਤੇ ਸ਼ਾਂਤੀ ਬਣਾਈ ਰੱਖਣ ਦੀ ਤਾਕੀਦ ਵੀ ਕੀਤੀ ।

ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਦੇ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਨਿਰਦੇਸ਼ਾਂ ਤੋਂ ਬਾਅਦ ਅੰਤ੍ਰਿੰਗ ਕਮੇਟੀ ਮੈਂਬਰ ਮਿੱਠੂ ਸਿੰਘ ਕਾਹਨੇਕੇ ਨੂੰ ਮੀਟਿੰਗ ਹਾਲ ਚੋ ਬਾਹਰ ਕਢਿਆ

ਅੰਮ੍ਰਿਤਸਰ 30 ਸਤੰਬਰ (ਮੋਹਕਮ ਸਿੰਘ) ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਲੋ ਸਕਤਰੇਤ ਇੰਚਾਰਜ ਬਗੀਚਾ ਸਿੰਘ ਦੇ ਦਸਤਖਤਾਂ ਹੇਠ ਜਾਰੀ ਇਕ ਪੱਤਰ ਰਾਹੀ ਅੰਤ੍ਰਿੰਗ ਕਮੇਟੀ ਮੈਂਬਰ ਮਿੱਠੂ ਸਿੰਘ ਕਾਹਨੇਕੇ, ਜ਼ਸਵੰਤ ਸਿੰਘ ਪੁੜੈਣ ਅਤੇ ਬਾਬਾ ਲੱਖਾ ਸਿੰਘ ਨਾਨਕਸਰ ਪਾਸੋ ਲਿਖਤੀ ਸ਼ਪਸ਼ਟੀਕਰਨ ਮੰਗ ਲਿਆ ਹੈ। ਇਸ ਪੱਤਰ ਦੇ ਕਾਰਨ ਸ੍ ਮਿੱਠੂ ਸਿੰਘ ਕਾਹਨੇਕੇ ਤੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿਗ ਕਮੇਟੀ ਦੀ ਮੀਟਿੰਗ ਵਿਚ ਸ਼ਾਮਲ ਹੋਣ ਤੇ ਵੀ ਰੋਕ ਲਗਾ ਦਿੱਤੀ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਤੋ ਜਾਰੀ ਪੱਤਰਾਂ ਵਿਚ ਕਿਹਾ ਗਿਆ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋ 15 ਜੂਨ 2026 ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ ਕਰਾਰ ਦਿੱਤਾ ਗਿਆ ਸੀ।ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਅਣਗੌਲਿਆਂ ਕਰਦਿਆਂ ਇਹ ਦੋਵੇ ਮੈਂਬਰ ਭਗਵੰਤ ਮਾਨ ਨੂੰ ਮਿਲੇ। ਜਥੇਦਾਰ ਦੇ ਆਦੇਸ਼ ਮੁਤਾਬਿਕ ਇਨਾਂ ਦੋਹਾਂ ਮੈਂਬਰਾਂ ਤੇ ਸ਼੍ਰੋਮਣੀ ਕਮੇਟੀ ਦੀ ਕਿਸੇ ਮੀਟਿੰਗ

ਖੇਡਾਂ ਵਤਨ ਪੰਜਾਬ ਦੀਆਂ 'ਚ ਮਾਤਾ ਸੁੰਦਰੀ ਕਾਲਜ ਢੱਡੇ ਦੀਆਂ ਖਿਡਾਰਨਾਂ ਨੇ ਮਾਰੀਆਂ ਮੱਲਾਂ

ਰਾਮਪੁਰਾ ਫੂਲ, 30 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ) : ਮਾਲਵਾ ਖੇਤਰ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਢੱਡੇ ਦੀ ਇਕਾਈ ਮਾਤਾ ਸੁੰਦਰੀ ਕਾਲਜ, ਢੱਡੇ ਦੀਆਂ ਖਿਡਾਰਨਾਂ ਨੇ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀਆਂ ਖਿਡਾਰਨਾਂ ਨੇ ਵੱਖ-ਵੱਖ ਭਾਰ ਵਰਗਾਂ ਵਿੱਚ ਤਗਮੇ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ, ਐਮ. ਡੀ. ਗੁਰਬਿੰਦਰ ਸਿੰਘ ਬੱਲੀ ਅਤੇ ਡਾਇਰੈਕਟਰ ਐਡਮਨਿਸਟ ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਖਿਡਾਰਨਾਂ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਵਿਦਿਆਰਥਣਾਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਵਿੱਚ ਖੇਡਾਂ ਦਾ ਅਹਿਮ ਯੋਗਦਾਨ ਹੁੰਦਾ ਹੈ। ਇਸੇ ਉਦੇਸ਼ ਨੂੰ ਮੁੱਖ ਰੱਖਦਿਆਂ ਸੰਸਥਾ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਦਿਆਰਥੀ ਜੀਵਨ ਦਾ ਅਨਿੱਖੜਵਾਂ ਅੰਗ ਬਣਾਇਆ ਗਿਆ ਹੈ।

ਵਿਦਿਆਰਥਣਾਂ ਨੂੰ ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ, ਤਾਂ ਜੋ ਉਨ੍ਹਾਂ ਵਿੱਚ ਅਨੁਸ਼ਾਸਨ, ਆਤਮ- ਵਿਸ਼ਵਾਸ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਦਾ ਵਿਕਾਸ ਹੋ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਸੰਸਥਾ ਦੀਆਂ ਬਹੁਤ ਸਾਰੀਆਂ ਵਿਦਿਆਰਥਣਾਂ ਨੇ ਇੱਥੋਂ ਦੇ ਖੇਡ ਮੈਦਾਨ ਵਿੱਚ ਸਿਖਲਾਈ ਪ੍ਰਾਪਤ ਕਰਕੇ ਪੰਜਾਬ ਪੁਲਿਸ, ਬੀ.ਐੱਸ.ਐੱਫ. ਅਤੇ ਭਾਰਤੀ ਫ਼ੌਜ ਵਿੱਚ ਭਰਤੀ ਹੋ ਕੇ ਸੰਸਥਾ ਦਾ ਮਾਣ ਵਧਾਇਆ ਹੈ। ਇਹ ਪ੍ਰਾਪਤੀਆਂ ਸੰਸਥਾ ਵੱਲੋਂ ਖੇਡਾਂ ਨੂੰ ਦਿੱਤੀ ਜਾਂਦੀ ਵਿਸ਼ੇਸ਼ ਮਹੱਤਤਾ ਦਾ ਪ੍ਰਮਾਣ ਹਨ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਕਿਹਾ ਕਿ ਸੰਸਥਾ ਵੱਲੋਂ ਵਿਦਿਆਰਥਣਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਉੱਚ ਪੱਧਰ 'ਤੇ ਆਪਣੀ ਯੋਗਤਾ ਦਾ ਪ੍ਰਦਰਸ਼ਨ ਕਰਨ ਲਈ ਲੋੜੀਂਦੀਆਂ ਸਹੂਲਤਾਂ ਅਤੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਸੰਸਥਾ ਦੀਆਂ ਕਈ ਮਾਣਮੱਤੀਆਂ ਪ੍ਰਾਪਤੀਆਂ ਹਨ ਅਤੇ ਇਨ੍ਹਾਂ ਨੂੰ ਬਰਕਰਾਰ ਰੱਖਣਾ ਸੰਸਥਾ ਦੀ ਅਹਿਮ ਜ਼ਿੰਮੇਵਾਰੀ ਹੈ। ਇਸੇ ਉਦੇਸ਼ ਤਹਿਤ ਸੰਸਥਾ ਦੇ ਖੇਡ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਕੁਸ਼ਤੀ ਅਤੇ ਬਾਕਸਿੰਗ ਦੀਆਂ ਟੀਮਾਂ ਤਿਆਰ ਕੀਤੀਆਂ ਗਈਆਂ ਅਤੇ ਖਿਡਾਰਨਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਗਈ। ਸੰਸਥਾ ਦੇ ਖੇਡ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ ਨੇ ਖਿਡਾਰਨਾਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁਸ਼ਤੀ ਮੁਕਾਬਲਿਆਂ ਵਿੱਚ ਅਮਿਤ ਕੌਰ ਨੇ 65 ਕਿਲੋਗ੍ਰਾਮ, ਭਵਨਜੋਤ ਕੌਰ ਨੇ 69 ਕਿਲੋਗ੍ਰਾਮ ਅਤੇ ਸੁਖਮਨਪ੍ਰੀਤ ਕੌਰ ਨੇ 73 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਸੰਸਥਾ ਦੀ ਝੋਲੀ ਪਾਏ। ਇਸੇ ਤਰ੍ਹਾਂ ਸਮਰਪ੍ਰੀਤ ਕੌਰ ਨੇ 49 ਕਿਲੋਗ੍ਰਾਮ, ਹਰਮਨਜੋਤ ਕੌਰ ਨੇ 65 ਕਿਲੋਗ੍ਰਾਮ ਅਤੇ ਪਰਨੀਤ ਕੌਰ ਨੇ 53 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦੇ ਤਗਮੇ ਜਿੱਤ ਕੇ ਸੰਸਥਾ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਸੰਸਥਾ ਦੇ ਸਕੂਲ ਦੀਆਂ ਵਿਦਿਆਰਥਣਾਂ ਜਸਵਿੰਦਰ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ ਵੀ ਕੁਸ਼ਤੀ ਮੁਕਾਬਲਿਆਂ ਵਿੱਚ ਕਾਂਸੀ ਦੇ ਤਗਮੇ ਹਾਸਲ ਕੀਤੇ। ਇਸ ਤਰ੍ਹਾਂ ਸੰਸਥਾ ਦੀਆਂ ਖਿਡਾਰਨਾਂ ਨੇ ਕੁੱਲ 8 ਤਗਮੇ ਜਿੱਤ ਕੇ ਸ਼ਾਨਦਾਰ ਪ੍ਰਾਪਤੀ ਕੀਤੀ। ਇਨ੍ਹਾਂ ਵਿੱਚੋਂ ਤਿੰਨ ਖਿਡਾਰਨਾਂ ਦੀ ਚੋਣ ਸਟੇਟ ਪੱਧਰੀ ਮੁਕਾਬਲਿਆਂ ਲਈ ਵੀ ਹੋਈ ਹੈ, ਜੋ ਸੰਸਥਾ ਲਈ ਮਾਣ ਵਾਲੀ ਗੱਲ ਹੈ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਵਿੱਚ ਪ੍ਰੋ. ਕਰਨਵੀਰ ਸਿੰਘ ਅਤੇ ਮੈਡਮ ਸਤਵੀਰ ਕੌਰ ਨੇ ਵਿਸ਼ੇਸ਼ ਯੋਗਦਾਨ ਪਾਇਆ। ਖੇਡ ਵਿਭਾਗ ਦੇ ਇਸ ਉਪਰਾਲੇ ਅਤੇ ਖਿਡਾਰਨਾਂ ਦੀ ਸਫਲਤਾ ਦੀ ਸ਼ਲਾਘਾ ਕਰਦਿਆਂ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਅਤੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੇ ਸਮੂਹ ਸਟਾਫ਼ ਅਤੇ ਜੇਤੂ ਖਿਡਾਰਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਸੰਸਥਾ ਦੇ ਸਮੂਹ ਖੇਡ ਵਿਭਾਗ ਵੱਲੋਂ ਵੀ ਖਿਡਾਰਨਾਂ ਅਤੇ ਉਨ੍ਹਾਂ ਨੂੰ ਸਿਖਲਾਈ ਦੇਣ ਵਾਲੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

70ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਵਿੱਚ ਗਗਨਦੀਪ ਸਿੰਘ ਨੇ ਬਾਕਸਿੰਗ 'ਚ ਜਿੱਤਿਆ ਸੋਨੇ ਦਾ ਤਮਗਾ

ਲਹਿਰਾਗਾਗਾ, 30 ਸਤੰਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਉਪਰਾਲਿਆਂ ਰਾਹੀਂ ਸੂਬੇ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਸਕੂਲ ਪੱਧਰ 'ਤੇ ਖਿਡਾਰੀਆਂ ਵੱਲੋਂ ਕੀਤੀਆਂ ਜਾ ਰਹੀਆਂ ਪ੍ਰਾਪਤੀਆਂ ਪੰਜਾਬ ਵਿੱਚ ਖੇਡ ਪ੍ਰਤਿਭਾ ਨੂੰ ਅੱਗੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ 70 ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਸੈਸ਼ਨ 2026-27 ਤਹਿਤ ਕਰਵਾਏ ਗਏ ਬਾਕਸਿੰਗ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਸੈਂਟ ਸੋਲਜਰ ਪਬਲਿਕ ਸਕੂਲ ਲਹਿਰਾਗਾਗਾ ਦੇ ਵਿਦਿਆਰਥੀ ਗਗਨਦੀਪ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਜਿੱਤ ਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਗਗਨਦੀਪ ਸਿੰਘ ਨੇ ਮੁਕਾਬਲਿਆਂ ਦੌਰਾਨ ਆਪਣੀ ਖੇਡ ਕਲਾ, ਮਿਹਨਤ ਅਤੇ ਹੌਸਲੇ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਉਸ ਦੀ ਇਸ ਉਪਲਬਧੀ 'ਤੇ ਸਕੂਲ ਪ੍ਰਬੰਧਕਾਂ, ਅਧਿਆਪਕਾਂ, ਮਾਪਿਆਂ ਅਤੇ ਵਿਦਿਆਰਥੀਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਗਗਨਦੀਪ ਸਿੰਘ ਦੇ ਪਿਤਾ ਤਪਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਪੁੱਤਰ ਦੀ ਇਸ ਪ੍ਰਾਪਤੀ 'ਤੇ ਬੇਹੱਦ ਮਾਣ ਅਤੇ ਖੁਸ਼ੀ ਹੈ। ਉਨ੍ਹਾਂ ਕਿਹਾ ਕਿ ਗਗਨਦੀਪ ਨੇ ਸਖ਼ਤ ਮਿਹਨਤ ਅਤੇ ਲਗਨ ਨਾਲ ਇਹ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਸਕੂਲ ਦੇ ਅਧਿਆਪਕਾਂ ਅਤੇ ਕੋਚ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਗਗਨਦੀਪ ਨੂੰ ਖੇਡਾਂ ਲਈ ਲਗਾਤਾਰ

ਉਤਸ਼ਾਹਿਤ ਕੀਤਾ ਗਿਆ ਅਤੇ ਉਸ ਦੀ ਤਿਆਰੀ ਵਿੱਚ ਅਹਿਮ ਯੋਗਦਾਨ ਪਾਇਆ ਗਿਆ ਸਕੂਲ ਦੇ ਐਮ.ਡੀ. ਰਜਿੰਦਰ ਕੁਮਾਰ ਨੇ ਕਿਹਾ ਕਿ ਗਗਨਦੀਪ ਸਿੰਘ ਵੱਲੋਂ ਬਾਕਸਿੰਗ ਅੰਡਰ-14 ਵਿੱਚ ਸੋਨ ਤਮਗਾ ਜਿੱਤਣਾ ਸਕੂਲ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਹਰ ਸੰਭਵ ਸਹੂਲਤ ਅਤੇ ਉਤਸ਼ਾਹ ਦਿੱਤਾ ਜਾਂਦਾ ਹੈ। ਉਨ੍ਹਾਂ ਗਗਨਦੀਪ ਸਿੰਘ, ਉਸ ਦੇ ਮਾਪਿਆਂ ਅਤੇ ਕੋਚ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਉਸ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਗਗਨਦੀਪ ਦੀ ਇਹ ਜਿੱਤ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ ਅਤੇ ਸਕੂਲ ਦੇ ਵਿਦਿਆਰਥੀ ਭਵਿੱਖ ਵਿੱਚ ਵੀ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਦੇ ਰਹਿਣਗੇ।

ਇੱਕ ਨਜ਼ਰ...

ਨੰਬਰਦਾਰ ਯੂਨੀਅਨ ਵੱਲੋਂ ਐਸਡੀਐਮ ਨਾਭਾ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ

ਨਾਭਾ, 30 ਸਤੰਬਰ (ਰਾਕੇਸ਼ ਜਿੰਦਲ/ਸ਼ੁਭਮ ਜਿੰਦਲ) : ਸੰਯੁਕਤ ਕਿਸਾਨ ਮੋਰਚਾ ਨਾਭਾ ਅਤੇ ਨੰਬਰਦਾਰ ਯੂਨੀਅਨ ਵੱਲੋਂ ਐਸਡੀਐਮ ਨਾਭਾ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਕਿਉ ਕਿ ਕੁਝ ਦਿਨ ਪਹਿਲਾਂ ਹਾਕਮ ਸਿੰਘ ਨੰਬਰਦਾਰ ਪਿੰਡ ਬੋੜਾ ਦੇ ਬੇਟੇ ਦੀ ਲੁੱਟ ਖੋਹ ਹੋਈ ਸੀ ਜਿਸ ਦੀ ਪੁਲਿਸ ਵਿੱਚ ਰੀਪੋਰਟ ਕਰਨ ਤੇ ਦੁਬਾਰਾ ਰੋਕ ਕੇ ਜਾਨੀ ਹਮਲਾ ਕੀਤਾ ਗਿਆ ਜਿਸ ਵਿੱਚ 3 ਸਾਲ ਦੀ ਬੱਚੀ ਨੂੰ ਵੀ ਨਹੀਂ ਬਖਸ਼ਿਆ ਗਿਆ ਇਸ ਹਮਲੇ ਵਿੱਚ ਬੱਚੀ ਦੇ ਗਰਦਨ ਵਿੱਚ ਕਿਰਚ ਮਾਰ ਦਿੱਤੀ ਗਈ ਜੋ ਕਿ ਪੀ ਜੀ ਆਈ ਜੇਰੇ ਇਲਾਜ ਹੈ ਅਤੇ ਜਿੰਦਗੀ ਮੌਤ ਦੀ ਲੜਦੀ ਲੜ ਰਹੀ ਹੈ ਓਸ ਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ । ਜੋ ਕਿ ਅਜੇ ਵੀ ਅਜ਼ਾਦ ਘੁੰਮ ਰਹੇ ਹਨ । ਧਰਨੇ ਵਿੱਚ ਨੈਬ ਤਹਿਸੀਲਦਾਰ ਜਗਦੀਸ਼ ਸਿੰਘ ਅਤੇ ਐੱਸ ਐੱਚ ਉ ਸਦਰ ਥਾਣਾ ਨਾਭਾ ਨੇ ਪਹੁੰਚ ਕੇ ਵਿਸ਼ਵਾਸ਼ ਦਿਵਾਇਆ ਕਿ ਜਲਦੀ ਹੀ ਮੁਲਜ਼ਮਾ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਧਰਨੇ ਵਿੱਚ ਜਗਪਾਲ ਸਿੰਘ ਉਧਾ ਮਹਿਦਰ ਸਿੰਘ ਬਿਨਾਹੇੜੀ, ਜਸਵਿੰਦਰ ਸਿੰਘ ਸਾਲੂਵਾਲ ਅੱਛਰ ਸਿੰਘ ਭੋਜੋ ਮਾਜਰੀ ਹਰਮੇਲ ਸਿੰਘ ਤੁੰਗਾਂ ਗੁਰਮੀਤ ਸਿੰਘ ਛੱਜੂਭੱਟ ਅਮਨ ਦਿਓਲ ਅਮਨਦੀਪ ਕੌਰ ਪਰਮਿੰਦਰ ਸਿੰਘ ਬਨੇਰਾ ਹਰਪ੍ਰੀਤ ਕੌਰ ਹਰਵਿੰਦਰ ਸਿੰਘ ਹਰਪ੍ਰੀਤ ਕੌਰ ਹਾਕਮ ਸਿੰਘ ਮਨਮੋਹਨ ਸਿੰਘ ਗੁਣਤੇਕੇ ਗੁਰਬਖਸ਼ੀਸ਼ ਸਿੰਘ ਗੋਪੀ ਕੌਲ ਨਿਰਮਲ ਸਿੰਘ ਨਰਮਾਣਾ ਹਰਜੀਤ ਸਿੰਘ ਅਗੋਲ ਪਰਮਾਤ ਸਿੰਘ ਨਾਭਾ ਗੁਰਚਰਨ ਸਿੰਘ ਖਾਣੀਵਾਲ, ਸਤਨਾਮ ਸਿੰਘ ਧਨੌਰਾ, ਅਮਰੀਕ ਸਿੰਘ ਕਨਸੂਹਾ,ਕਾਕਾ ਸਿੰਘ ਕੋਟ ਰਜਿੰਦਰ ਸਿੰਘ ਅਵਤਾਰ ਸਿੰਘ ਦੋਦਾ ਪ੍ਰਿਤਪਾਲ ਸਿੰਘ ਢਿੰਗੀ ਗਮਦੂਰ ਸਿੰਘ ਬਾਬਰ ਪੁਰ ਧਰਮਪਾਲ ਸਿੰਘ ਆਦਿ ਸ਼ਾਮਲ ਹੋਏ।

ਭੁੱਚੋ ਮੰਡੀ 'ਚ ਅਕਾਲੀ ਦਲ ਦੀ ਯੂਥ ਮੀਟਿੰਗ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ 'ਤੇ ਦਿੱਤਾ ਜ਼ੋਰ

ਭੁੱਚੋ ਮੰਡੀ, 30 ਸਤੰਬਰ (ਚਰਨਜੀਤ ਖੁਰਮੀ) : ਸ਼੍ਰੋਮਣੀ ਅਕਾਲੀ ਦਲ ਦੀ ਯੂਥ ਵਿੰਗ ਵੱਲੋਂ ਭੁੱਚੋ ਮੰਡੀ ਵਿਖੇ ਜਗਸੀਰ ਸਿੰਘ ਕਲਿਆਣ ਅਤੇ ਡਾ. ਦਲਜੀਤ ਸਿੰਘ ਗੁਰੂ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਇਸ ਮੌਕੇ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਨੌਜਵਾਨਾਂ ਨਾਲ ਸਬੰਧਤ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪਰਮਜੀਤ ਸਿੰਘ ਪੰਮਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਡਾ. ਦਲਜੀਤ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਅਕਸ ਸਾਫ਼-ਸੁਥਰਾ ਹੈ ਅਤੇ ਉਹ ਪੰਜਾਬ ਦੇ ਮੁੱਦਿਆਂ ਪ੍ਰਤੀ ਚਿੰਤਤ ਹਨ। ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਲਈ ਹੁਣ ਤੱਕ ਜੋ ਗ੍ਰਾਂਟਾਂ ਆਈਆਂ ਹਨ, ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਆਈਆਂ ਸਨ, ਜਦਕਿ ਪਿਛਲੇ ਸਮੇਂ ਦੌਰਾਨ ਗਰਾਊਂਡਾਂ ਦੀ ਸਾਂਭ-ਸੰਭਾਲ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ। ਇਸ ਮੌਕੇ ਜਗਸੀਰ ਸਿੰਘ ਕਲਿਆਣ ਅਤੇ ਡਾ. ਦਲਜੀਤ ਸਿੰਘ ਗੁਰੂ ਨੇ ਕਿਹਾ ਕਿ ਨਸ਼ਿਆਂ ਦਾ ਮੁੱਦਾ ਪੰਜਾਬ ਲਈ ਗੰਭੀਰ ਚੁਣੌਤੀ ਹੈ ਅਤੇ ਨੌਜਵਾਨਾਂ ਨੂੰ ਇਸ ਤੋਂ ਬਚਾਉਣ ਲਈ ਖੇਡਾਂ, ਰੁਜ਼ਗਾਰ ਅਤੇ ਹੋਰ ਉਸਾਰੂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ। ਇਸ ਮੌਕੇ ਸ਼ਿਵਨੰਦਨ ਗਰਗ, ਰਾਜ ਕੁਮਾਰ ਐੱਸ ਸੀ. ਵਿੰਗ ਪ੍ਰਧਾਨ, ਪਰਮਜੀਤ ਪੰਮਾ ਯੂਥ ਸਰਕਲ ਪ੍ਰਧਾਨ, ਗੌਰਵ ਲਡਵਾਲ ਵਾਈਸ ਪ੍ਰਧਾਨ ਯੂਥ ਸਰਕਲ ਭੁੱਚੋ, ਰਾਕੇਸ਼ ਕੇਸ਼ਾ ਸਾਬਕਾ ਪ੍ਰਧਾਨ ਨਗਰ ਕੌਂਸਲ ਭੁੱਚੋ, ਹਰਵਿੰਦਰ ਸਿੰਘ ਹਿੰਦੋ, ਨਵਦੀਪ ਕੁਮਾਰ ਆਈ.ਟੀ. ਵਿੰਗ ਇੰਚਾਰਜ ਭੁੱਚੋ, ਹਲਕਾ ਇੰਚਾਰਜ ਡਾ. ਦਲਜੀਤ ਸਿੰਘ, ਬਠਿੰਡਾ ਜ਼ਿਲ੍ਹਾ ਦਿਹਾਤੀ ਪ੍ਰਧਾਨ ਜਗਸੀਰ ਸਿੰਘ ਕਲਿਆਣ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਅਤੇ ਵਰਕਰ ਹਾਜ਼ਰ ਸਨ।

ਹੇਰਾਂ 'ਚ ਐਨ.ਆਰ.ਆਈ. ਦੀ ਕੋਠੀ 'ਤੇ ਫਾਇਰਿੰਗ ਨਾਲ ਸਹਿਮੇ ਲੋਕ

ਜਗਰਾਉਂ, 30 ਸਤੰਬਰ (ਜਗਦੀਪ ਸਿੰਘ) : ਪਿੰਡ ਹੇਰਾਂ ਵਿੱਚ ਅੱਜ ਤੜਕਸਾਰ ਕਰੀਬ 4:19 ਵਜੇ ਰਾਜੋਆਣਾ ਲਿੰਕ ਰੋਡ ਨੇੜੇ ਇੱਕ ਐਨ.ਆਰ.ਆਈ. ਦੀ ਬੰਦ ਕੋਠੀ ਨੂੰ ਨਿਸ਼ਾਨਾ ਬਣਾ ਕੇ ਚਿੱਟੇ ਰੰਗ ਦੀ ਕਾਰ ਵਿੱਚ ਆਏ ਅਣਪਛਾਤੇ ਹਮਲਾਵਰਾਂ ਵੱਲੋਂ ਦੋ ਰਾਊਂਡ ਫਾਇਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਗੋਲੀਆਂ ਦੀ ਆਵਾਜ਼ ਨਾਲ ਪੂਰੇ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਘਟਨਾ ਦੀ ਸੀ.ਸੀ.ਟੀ.ਵੀ. ਫੁਟੇਜ ਵੀ ਸਾਹਮਣੇ ਆਈ ਹੈ, ਜਿਸ ਵਿੱਚ ਚਿੱਟੀ ਕਾਰ ਵਿੱਚ ਆਏ ਵਿਅਕਤੀਆਂ ਵੱਲੋਂ ਕੋਠੀ ਦੇ ਮੁੱਖ ਗੇਟ ਨੂੰ ਨਿ

ਪਰਾਲੀ ਸਾੜਨ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਤਾਇਨਾਤ ਕਲੱਸਟਰ ਅਧਿਕਾਰੀ ਆਪਣੇ-ਆਪਣੇ ਖੇਤਰਾਂ ਵਿੱਚ ਸਰਗਰਮੀ ਨਾਲ ਕੰਮ ਕਰਨ-ਡਿਪਟੀ ਕਮਿਸ਼ਨਰ

• ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਤੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਕੀਤੀ ਸਖ਼ਤ ਹਦਾਇਤ

ਫਾਜ਼ਿਲਕਾ, 30 ਸਤੰਬਰ (ਮਨੋਜ ਕੁਮਾਰ) ਫਾਜ਼ਿਲਕਾ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਹਰ ਸੰਭਵ ਸਹਿਯੋਗ ਮੁਹੱਈਆ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਪ੍ਰਧਾਨਗੀ ਹੇਠ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੇ ਕਲੱਸਟਰ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਖੇਤਾਂ ਵਿੱਚ ਪਰਾਲੀ ਨਾ ਸਾੜਨ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਕਿਸਾਨਾਂ ਦੀਆਂ ਸੁਵਿਧਾਵਾਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਸਾੜਨ ਦੀ ਰੋਕਥਾਮ ਲਈ ਤਾਇਨਾਤ ਕਲੱਸਟਰ ਅਧਿਕਾਰੀ ਆਪਣੇ-ਆਪਣੇ ਖੇਤਰਾਂ ਵਿੱਚ ਸਰਗਰਮੀ ਨਾਲ ਕੰਮ ਕਰਨ ਅਤੇ ਕਿਸਾਨਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ। ਉਨ੍ਹਾਂ ਕਲੱਸਟਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਬੰਧਤ ਸੀਨੀਅਰ ਅਧਿਕਾਰੀਆਂ, ਖ਼ਾਸ ਕਰਕੇ ਐੱਸ.ਡੀ.ਐੱਮਜ਼ ਨਾਲ ਲਗਾਤਾਰ ਤਾਲਮੇਲ ਕਰਕੇ ਖੇਤਰੀ ਪੱਧਰ 'ਤੇ ਆ ਰਹੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕਰਨ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਪਿੰਡਾਂ ਵਿੱਚ ਨਿਗਰਾਨੀ ਲਈ ਸੁਪਰਵਾਈਜ਼ਰ ਵੀ ਲਗਾਏ ਜਾਣਗੇ। ਉਨ੍ਹਾਂ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਨੂੰ ਹਦਾਇਤ ਕੀਤੀ ਕਿ ਐਸਡੀਐਮ ਜਲਾਲਾਬਾਦ ਨਾਲ ਰਾਬਤਾ ਕਰਕੇ ਝਿਪਾਲਕੇ ਪਿੰਡ ਵਿਖੇ ਪਰਾਲੀ ਸਟੋਰੇਜ਼ ਲਈ ਜਮੀਨ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਉਪਲਬਧ ਮਸ਼ੀਨਰੀ ਅਤੇ ਹੋਰ ਸਹੂਲਤਾਂ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਜਿੱਥੇ ਵੀ ਲੋੜ ਹੋਵੇ, ਉਨ੍ਹਾਂ ਦੀ ਮਦਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਧਿਕਾਰੀ ਇਹ ਵੀ ਯਕੀਨੀ ਬਣਾਉਣ ਕਿ ਕਿਸਾਨਾਂ ਤੱਕ ਸਰਕਾਰੀ ਹਦਾਇਤਾਂ ਅਤੇ ਪਰਾਲੀ ਪ੍ਰਬੰਧਨ ਦੇ ਬਦਲਾਂ ਦੀ ਜਾਣਕਾਰੀ ਸਮੇਂ ਸਿਰ ਪਹੁੰਚੇ।ਮੀਟਿੰਗ ਦੌਰਾਨ ਟੋਲ ਪਲਾਜ਼ਿਆਂ 'ਤੇ ਕਿਸਾਨਾਂ ਨੂੰ ਬੇਲੋੜੀ ਪ੍ਰੇਸ਼ਾਨੀ ਨਾ ਆਉਣ ਦੇਣ ਸਬੰਧੀ ਵੀ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਕਿਸਾਨਾਂ ਨਾਲ ਸਨਮਾਨਜਨਕ ਵਿਵਹਾਰ ਕੀਤਾ ਜਾਵੇ ਅਤੇ ਕਿਸੇ ਵੀ ਪੱਧਰ 'ਤੇ ਅਜਿਹੀ ਸਥਿਤੀ ਪੈਦਾ ਨਾ ਹੋਣ ਦਿੱਤੀ ਜਾਵੇ ਜਿਸ ਕਾਰਨ ਕਿਸਾਨ ਆਪਣੇ ਆਪ ਨੂੰ ਪ੍ਰੇਸ਼ਾਨ ਮਹਿਸੂਸ ਕਰਨ। ਡਿਪਟੀ ਕਮਿਸ਼ਨਰ ਨੇ ਕਣਕ ਦੀ ਖਰੀਦ ਸਬੰਧੀ ਵੀ ਅਧਿਕਾਰੀਆਂ ਨੂੰ ਵਿਸ਼ੇਸ਼ ਹਦਾਇਤਾਂ ਦਿੰਦਿਆਂ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸੇ ਵੀ ਕਿਸਾਨ ਨੂੰ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਮੰਡੀਆਂ ਵਿੱਚ ਖਰੀਦ ਪ੍ਰਬੰਧ ਸੁਚਾਰੂ ਢੰਗ ਨਾਲ ਚਲਾਉਣ, ਕਿਸਾਨਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਅਤੇ ਕਿਸਾਨ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਅਤੇ ਕਣਕ ਦੀ ਖਰੀਦ ਦੋਵਾਂ ਮਾਮਲਿਆਂ ਵਿੱਚ ਪ੍ਰਸ਼ਾਸਨ ਦਾ ਉਦੇਸ਼ ਕਿਸਾਨਾਂ ਨੂੰ ਸਹਿਯੋਗ ਦੇਣਾ ਅਤੇ ਉਨ੍ਹਾਂ ਲਈ ਪ੍ਰਕਿਰਿਆ ਨੂੰ ਸੁਖਾਲਾ ਬਣਾਉਣਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨ.) ਡਾ. ਮਨਦੀਪ ਕੌਰ, ਸਹਾਇਕ ਕਮਿਸ਼ਨਰ ਹਰਬੰਸ ਸਿੰਘ, ਮੁੱਖ ਖੇਤੀਬਾੜੀ ਅਫਸਰ ਡਾ ਕੁਲਵੰਤ ਸਿੰਘ, ਖੇਤੀਬਾੜੀ ਅਫਸਰ ਮਮਤਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

ਉੱਘੇ ਸਮਾਜ ਸੇਵੀ ਤੇ ਕਾਰੋਬਾਰੀ ਸੁਖਦੇਵ ਸਿੰਘ ਪੰਜੇਟਾ ਦਾ ਬਿਹਾਰ ਦੇ ਕੈਬਨਿਟ ਮੰਤਰੀ ਸੰਜੇ ਪਾਸਵਾਨ ਵੱਲੋਂ ਵਿਸ਼ੇਸ਼ ਸਨਮਾਨ

ਪਟਿਆਲਾ, 30 ਸਤੰਬਰ (ਰਾਜਿੰਦਰ ਸਿੰਘ ਥਿੰਦ) ਉੱਘੇ ਸਮਾਜ ਸੇਵੀ ਅਤੇ ਕਾਰੋਬਾਰੀ ਸੁਖਦੇਵ ਸਿੰਘ ਪੰਜੇਟਾ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜਯੰਤੀ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਬਿਹਾਰ ਦੇ ਕੈਬਨਿਟ ਮੰਤਰੀ ਸੰਜੇ ਪਾਸਵਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ, ਸੰਘਰਸ਼ ਅਤੇ ਸਮਾਜ ਲਈ ਉਨ੍ਹਾਂ ਵੱਲੋਂ ਪਾਏ ਗਏ ਯੋਗਦਾਨ ਨੂੰ ਯਾਦ ਕੀਤਾ ਗਿਆ। ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਬਾਬਾ ਸਾਹਿਬ ਨੇ ਸਿੱਖਿਆ, ਸਮਾਜਿਕ ਬਰਾਬਰੀ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਇਤਿਹਾਸਕ ਯੋਗਦਾਨ ਪਾਇਆ। ਸੁਖਦੇਵ ਸਿੰਘ ਪੰਜੇਟਾ ਨੂੰ ਸਨਮਾਨਿਤ ਕਰਦਿਆਂ ਸੰਜੇ ਪਾਸਵਾਨ ਵੱਲੋਂ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਅਤੇ ਲੋਕ ਭਲਾਈ ਨਾਲ ਜੁੜੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਪੰਜੇਟਾ ਨੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਦੇ ਵਿਚਾਰ ਅੱਜ ਵੀ ਸਮਾਜ ਨੂੰ ਬਰਾਬਰੀ, ਸਿੱਖਿਆ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ।ਉਨ੍ਹਾਂ ਕਿਹਾ ਕਿ ਸਮਾਜ ਦੇ ਲੋੜਵੰਦ ਵਰਗਾਂ ਦੀ ਮਦਦ ਕਰਨਾ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਯੋਗਦਾਨ ਪਾਉਣਾ ਹਰ ਸਮਰੱਥ ਵਿਅਕਤੀ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਸਿੱਖਿਆ ਹਾਸਲ ਕਰਨ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਉਸਾਰੂ ਕਾਰਜਾਂ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਵੱਲੋਂ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸੁਖਦੇਵ ਸਿੰਘ ਪੰਜੇਟਾ ਦੇ ਸਨਮਾਨ ਨੂੰ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਪ੍ਰਤੀ ਸਨਮਾਨ ਵਜੋਂ ਦੱਸਿਆ ਗਿਆ।

ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਸਹਾਇਕ ਕਮਿਸ਼ਨਰ ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਆਯੋਜਿਤ

ਸਕੂਲ ਮੁਖੀ ਨਿੱਜੀ ਤੇ ਨੈਤਿਕ ਜ਼ਿੰਮੇਵਾਰੀ ਸਮਝਦਿਆਂ 'ਸੇਫ ਸਕੂਲ ਵਾਹਨ ਪਾਲਿਸੀ' ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ

ਮਾਲੇਰਕੋਟਲਾ 30 ਸਤੰਬਰ (ਮੁਨਸ਼ੀ ਫ਼ਾਰੂਕ)- ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਨਿਯਮਾਂ ਦੀ ਪ੍ਰਭਾਵਸ਼ਾਲੀ ਪਾਲਣਾ ਯਕੀਨੀ ਬਣਾਉਣ ਅਤੇ 'ਸੇਫ ਸਕੂਲ ਵਾਹਨ ਪਾਲਿਸੀ' ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਸਹਾਇਕ ਕਮਿਸ਼ਨਰ ਮਾਲੇਰਕੋਟਲਾ ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਸਹਾਇਕ ਕਮਿਸ਼ਨਰ ਨੇ ਕਿਹਾ ਕਿ ਸੜਕ ਸੁਰੱਖਿਆ ਸਿੱਧੇ ਤੌਰ 'ਤੇ ਮਨੁੱਖੀ ਜੀਵਨ ਨਾਲ ਜੁੜਿਆ ਵਿਸ਼ਾ ਹੈ, ਇਸ ਲਈ ਕਮੇਟੀ ਦੇ ਸਾਰੇ ਮੈਂਬਰ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦਿਆਂ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਅਣਅਧਿਕਾਰਤ ਪਾਰਕਿੰਗ, ਤੇਜ਼ ਰਫ਼ਤਾਰ, ਓਵਰਲੋਡ ਵਾਹਨਾਂ, ਹੈਲਮਟ ਅਤੇ ਸੀਟ ਬੈਲਟ ਦੀ ਵਰਤੋਂ ਸਮੇਤ ਟਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣ ਦੇ ਨਿਰਦੇਸ਼ ਦਿੱਤੇ। ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਵਿਸ਼ੇਸ਼ ਤਰਜੀਹ ਦਿੰਦਿਆਂ ਮਨਦੀਪ ਕੌਰ ਨੇ ਕਿਹਾ ਕਿ ਸਕੂਲਾਂ ਦੇ ਪ੍ਰਿੰਸੀਪਲ ਅਤੇ ਪ੍ਰਬੰਧਕ ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਨੂੰ ਆਪਣੀ ਨਿੱਜੀ ਅਤੇ ਨੈਤਿਕ ਜ਼ਿੰਮੇਵਾਰੀ ਸਮਝਣ। ਸਕੂਲੀ ਵਾਹਨਾਂ ਦੀ ਨਿਯਮਤ ਜਾਂਚ ਦੇ ਨਾਲ ਡਰਾਈਵਰਾਂ ਦੀ ਸਿਹਤ ਜਾਂਚ, ਵਾਹਨਾਂ ਦੇ ਦਸਤਾਵੇਜ਼, ਸੁਰੱਖਿਆ ਉਪਕਰਨ ਅਤੇ ਨਿਰਧਾਰਤ ਸਮਰੱਥਾ ਦੀ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਹਰੇਕ ਸਕੂਲ ਨਾਲ ਰਾਬਤਾ ਕਰਕੇ ਬੱਚਿਆਂ ਨੂੰ ਸਕੂਲ ਲਿਆਉਣ ਅਤੇ ਘਰ ਛੱਡਣ ਵਾਲੇ ਵਾਹਨਾਂ ਅਤੇ ਚਾਲਕਾਂ ਦੀ ਮੁਕੰਮਲ ਜਾਣਕਾਰੀ ਇਕੱਤਰ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਸਕੂਲੀ ਵਾਹਨਾਂ ਦੀ ਚੈਕਿੰਗ ਦਾ ਮੰਤਵ ਸਿਰਫ਼ ਚਲਾਨ ਕਰਨਾ ਨਹੀਂ, ਸਗੋਂ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਅਤੇ ਸਕੂਲ ਪ੍ਰਬੰਧਕਾਂ ਨੂੰ ਜਾਗਰੂਕ ਕਰਨਾ ਹੈ ਸਹਾਇਕ ਕਮਿਸ਼ਨਰ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਚਿਆਂ ਲਈ ਵਰਤੇ ਜਾਣ ਵਾਲੇ ਵਾਹਨਾਂ ਦੀ ਮੌਜੂਦਾ ਸਥਿਤੀ ਅਤੇ ਸੁਰੱਖਿਆ ਪ੍ਰਬੰਧਾਂ ਦੀ ਖੁਦ ਜਾਂਚ ਕਰਕੇ ਹੀ ਵਾਹਨ ਦੀ ਵਰਤੋਂ ਸਬੰਧੀ ਤਸੱਲੀ ਕਰਨ। ਉਨ੍ਹਾਂ ਈ-ਡਾਰ ਪੋਰਟਲ 'ਤੇ ਸਮਾਂਬੱਧ ਡਾਟਾ ਅਪਲੋਡ ਕਰਨ, ਸੜਕ ਹਾਦਸਿਆਂ ਦੇ ਪੀੜਤਾਂ ਨੂੰ ਕੈਸ਼ਲੈੱਸ ਟਰੀਟਮੈਂਟ ਸਕੀਮ ਤਹਿਤ ਲਾਭ ਦੇਣ ਅਤੇ ਹਾਦਸਿਆਂ ਦੇ ਜ਼ਖ਼ਮੀਆਂ ਲਈ ਤੁਰੰਤ ਐਂਬੂਲੈਂਸ ਅਤੇ ਇਲਾਜ ਦੀ ਵਿਵਸਥਾ ਯਕੀਨੀ ਬਣਾਉਣ ਦੀ ਵੀ ਹਦਾਇਤ ਕੀਤੀ। ਇਸ ਮੌਕੇ ਡੀ.ਐੱਸ.ਪੀ. ਸੁਮਿਤ ਸੂਦ, ਜ਼ਿਲ੍ਹਾ ਖੇਤਰੀ ਟਰਾਂਸਪੋਰਟ ਅਫ਼ਸਰ ਕਰਨਵੀਰ ਸਿੰਘ ਛੀਨਾ, ਸਹਾਇਕ ਟਰਾਂਸਪੋਰਟ ਅਫ਼ਸਰ ਸਹਿਨਾਜ ਪਰਵੀਨ, ਨਾਇਬ ਤਹਿਸੀਲਦਾਰ ਅਮਰਗੜ੍ਹ ਪ੍ਰਵੀਨ ਕੁਮਾਰ, ਕਾਰਜ ਸਾਧਕ ਅਫਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਕਾਰਜ ਸਾਧਕ ਅਫਸਰ ਅਸੀਸ਼ ਕੁਮਾਰ, ਡੀ.ਐਫ.ਪੀ.ਓ ਡਾ. ਸੀਮਾਂ ਜੱਸਲ, ਐਕਸ਼ੀਅਨ ਪੰਚਾਇਤੀ ਰਾਜ ਹਿਰਦੈਪਾਲ ਸਿੰਘ, ਜ਼ਿਲ੍ਹਾ ਨਗਰ ਯੋਜਨਾਕਾਰ ਗੁਰਮੀਤ ਸਿੰਘ ਬਰਾੜ, ਐਨ.ਜੀ.ਓ ਮੌਲਾਨਾ ਅਜਾਦ ਤੋਂ ਮੁਹੰਮਦ ਤਾਹਿਰ, ਐਨ.ਜੀ.ਓ ਅਲਮਾਇਟੀ ਤੋਂ ਮੁਹੰਮਦ ਅਸ਼ਰਫ਼ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਸਰਕਾਰੀ ਮੈਡੀਕਲ ਹਸਪਤਾਲ ਫਰੀਦਕੋਟ ਵਿੱਚ ਮੁੱਖ ਅਤੇ ਮਾਹਿਰ ਡਾਕਟਰਾਂ ਦੀਆਂ ਬਾਹਰੀ ਮਰੀਜ਼ ਸੇਵਾਵਾਂ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਕੀਤੀਆਂ ਜਾਣ - ਅਰਸ਼ ਸੱਚਰ

ਫਰੀਦਕੋਟ 30 ਸਤੰਬਰ ਗੁਰਪ੍ਰੀਤ ਸਿੰਘ ਔਲਖ) : ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਨੂੰ ਲੋਕ ਹਿੱਤ ਵਿੱਚ ਬੇਨਤੀ ਕੀਤੀ ਹੈ ਕਿ ਸਰਕਾਰੀ ਮੈਡੀਕਲ ਹਸਪਤਾਲ, ਫਰੀਦਕੋਟ ਵਿੱਚ ਮੁੱਖ ਅਤੇ ਮਾਹਿਰ ਡਾਕਟਰਾਂ ਦੀਆਂ ਬਾਹਰੀ ਮਰੀਜ਼ ਸੇਵਾਵਾਂ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਯਕੀਨੀ ਬਣਾਇਆ ਜਾਵੇ।ਅਰਸ਼ ਸੱਚਰ ਨੇ ਕਿਹਾ ਕਿ ਸਰਕਾਰੀ ਮੈਡੀਕਲ ਹਸਪਤਾਲ ਫਰੀਦਕੋਟ ਸਿਰਫ਼ ਫਰੀਦਕੋਟ ਸ਼ਹਿਰ ਜਾਂ ਜ਼ਿਲ੍ਹੇ ਤੱਕ ਸੀਮਤ ਨਹੀਂ ਹੈ, ਸਗੋਂ ਆਸ-ਪਾਸ ਦੇ ਵੱਡੇ ਖੇਤਰ ਦੇ ਪਿੰਡਾਂ ਅਤੇ ਸ਼ਹਿਰਾਂ ਤੋਂ ਵੀ ਵੱਡੀ ਗਿਣਤੀ ਵਿੱਚ ਮਰੀਜ਼ ਇੱਥੇ ਇਲਾਜ ਲਈ ਆਉਂਦੇ ਹਨ। ਕਈ ਮਰੀਜ਼ਾਂ ਨੂੰ ਮਾਹਿਰ ਡਾਕਟਰਾਂ ਤੋਂ ਇਲਾਜ ਕਰਵਾਉਣ ਲਈ 50 ਤੋਂ 100 ਕਿਲੋਮੀਟਰ ਤੱਕ ਦਾ ਸਫ਼ਰ ਕਰਕੇ ਫਰੀਦਕੋਟ ਪਹੁੰਚਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਦੂਰ-ਦੁਰਾਡੇ ਤੋਂ ਆਉਣ ਵਾਲੇ ਮਰੀਜ਼ਾਂ, ਬਜ਼ੁਰਗਾਂ, ਦਿਵਿਆਂਗ ਵਿਅਕਤੀਆਂ, ਔਰਤਾਂ, ਬੱਚਿਆਂ ਅਤੇ ਸਰਕਾਰੀ ਆਵਾਜਾਈ ਉੱਤੇ ਨਿਰਭਰ ਪਰਿਵਾਰਾਂ ਲਈ ਸੀਮਤ ਸਮੇਂ ਅੰਦਰ ਹਸਪਤਾਲ ਪਹੁੰਚ ਕੇ ਪਰਚੀ ਬਣਵਾਉਣ, ਡਾਕਟਰ ਨੂੰ ਦਿਖਾਉਣ, ਜਾਂਚਾਂ ਕਰਵਾਉਣ ਅਤੇ ਦਵਾਈ ਲੈਣ ਦੀ ਪੂਰੀ ਪ੍ਰਕਿਰਿਆ ਮੁਕੰਮਲ ਕਰਨੀ ਕਈ ਵਾਰ ਮੁਸ਼ਕਲ ਹੋ ਜਾਂਦੀ ਹੈ।ਅਰਸ਼ ਸੱਚਰ ਨੇ ਮੰਗ ਕੀਤੀ ਕਿ ਮੁੱਖ ਅਤੇ ਮਾਹਿਰ ਡਾਕਟਰਾਂ ਦੀ ਉਪਲਬਧਤਾ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਢੁਕਵੀਂ ਵਾਰੀ-ਵਾਰ ਡਿਊਟੀ ਪ੍ਰਣਾਲੀ ਰਾਹੀਂ ਯਕੀਨੀ ਬਣਾਈ ਜਾਵੇ, ਤਾਂ ਜੋ ਕਿਸੇ ਇੱਕ ਡਾਕਟਰ ਉੱਤੇ ਵਾਧੂ ਬੋਝ ਨਾ ਪਵੇ ਅਤੇ ਨਾਲ ਹੀ ਐਮਰਜੈਂਸੀ, ਆਪਰੇਸ਼ਨ, ਵਾਰਡਾਂ ਦੀ ਦੇਖਭਾਲ ਅਤੇ ਮੈਡੀਕਲ ਸਿੱਖਿਆ ਦਾ ਕੰਮ ਵੀ ਪ੍ਰਭਾਵਿਤ ਨਾ ਹੋਵੇ।ਇਸ ਦੇ ਨਾਲ ਹੀ ਮਰੀਜ਼ਾਂ ਦੀ ਸਹੂਲਤ ਲਈ ਪਰਚੀ ਕਾਊਂਟਰ, ਜਾਂਚ ਘਰ, ਐਕਸ-ਰੇ ਅਤੇ ਹੋਰ ਜਾਂਚ ਸੇਵਾਵਾਂ ਅਤੇ ਸਰਕਾਰੀ ਦਵਾਈ ਕੇਂਦਰ ਵੀ ਇਸ ਪ੍ਰਬੰਧ ਦੇ ਅਨੁਸਾਰ ਚਲਾਏ ਜਾਣ, ਤਾਂ ਜੋ ਦੂਰੋਂ ਆਏ ਮਰੀਜ਼ ਨੂੰ ਇੱਕੋ ਦਿਨ ਵੱਧ ਤੋਂ ਵੱਧ ਸਿਹਤ ਸੇਵਾਵਾਂ ਮਿਲ ਸਕਣ।ਅਰਸ਼ ਸੱਚਰ ਨੇ ਕਿਹਾ, '50 ਤੋਂ 100 ਕਿਲੋਮੀਟਰ ਦਾ ਸਫ਼ਰ ਕਰਕੇ ਸਰਕਾਰੀ ਹਸਪਤਾਲ ਪਹੁੰਚਣ ਵਾਲੇ ਮਰੀਜ਼ ਨੂੰ ਸਿਰਫ਼ ਸਮਾਂ ਲੰਘ ਜਾਣ ਕਾਰਨ ਬਿਨਾਂ ਇਲਾਜ ਵਾਪਸ ਨਹੀਂ ਮੁੜਨਾ ਚਾਹੀਦਾ। ਸਰਕਾਰੀ ਸਿਹਤ ਸੇਵਾਵਾਂ ਦਾ ਮਕਸਦ ਮਰੀਜ਼ ਨੂੰ ਵੱਧ ਤੋਂ ਵੱਧ ਸਹੂਲਤ ਅਤੇ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣਾ ਹੋਣਾ ਚਾਹੀਦਾ ਹੈ।ਉਨ੍ਹਾਂ ਮੁੱਖ ਮੰਤਰੀ ਪੰਜਾਬ ਨੂੰ ਬੇਨਤੀ ਕੀਤੀ ਕਿ ਇਸ ਮਾਮਲੇ ਨੂੰ ਪੂਰੀ ਤਰ੍ਹਾਂ ਲੋ

ਮਾਲਵਿਕਾ ਸੂਦ ਨੂੰ 39ਵੇਂ ਵਿਸ਼ਾਲ ਦੁਸਹਿਰਾ ਸਮਾਗਮ ਲਈ ਦਿੱਤਾ ਸੱਦਾ

ਮੋਗਾ, 30 ਸਤੰਬਰ (ਜਗਰਾਜ ਸਿੰਘ ਸੰਘਾ) ਅੱਜ ਮਾਲਵਿਕਾ ਸੂਦ ਨੂੰ 39ਵੇਂ ਵਿਸ਼ਾਲ ਦੁਸਹਿਰਾ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ। ਇਹ ਦੁਸਹਿਰਾ ਸਮਾਗਮ 20 ਅਕਤੂਬਰ 2026, ਦਿਨ ਮੰਗਲਵਾਰ, ਦੁਪਹਿਰ 3 ਵਜੇ ਰਾਮ ਚੰਦਰ ਜੀ ਦੇ ਜੀਵਨ ਤੇ ਆਧਾਰਿਤ ਵਿਸ਼ਨੂੰ ਅਵਤਾਰ ਡਰਾਮੈਟਿਕ ਕਲੱਬ ਦੁਸਹਿਰਾ ਕਮੇਟੀ ਵੱਲੋਂ ਕਰਵਾਇਆ ਜਾ ਰਿਹਾ ਹੈ। ਸਮਾਗਮ ਦੌਰਾਨ ਸ਼੍ਰੀ ਰਾਮ ਜੀ ਦੇ ਜੀਵਨ ਤੇ ਆਧਾਰਿਤ ਰਾਮਲੀਲਾ ਅਤੇ ਦੁਸਹਿਰਾ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਮਾਲਵਿਕਾ ਸੂਦ ਨੂੰ ਸਮਾਗਮ ਵਿੱਚ ਪਹੁੰਚ ਕੇ ਪ੍ਰੋਗਰਾਮ ਦੀ ਸ਼ੋਭਾ ਵਧਾਉਣ ਲਈ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ।

ਬੇਸਹਾਰਾ ਗਊਧਾਮ ਵਿਖੇ ਸਵਾਮਣੀ ਦਾ ਭੋਗ ਲਵਾਇਆ

ਸਰਦੂਲਗੜ੍ਹ 30 ਸਤੰਬਰ (ਧਰਮ ਚੰਦ ਸਿੰਗਲਾ) ਸਥਾਨਕ ਘੱਗਰ ਪੁਲ ਨੇੜੇ ਸਥਿਤ ਬੇਸਹਾਰਾ ਗਊਧਾਮ ਵਿਖੇ ਯੂਕੋ ਬੈਂਕ ਦੇ ਮੈਨੇਜਰ ਰਾਜੀਵ ਸ਼ਰਮਾ ਵੱਲੋਂ ਸਵਾਮਣ ਮਿੱਠੇ ਦਲੀਏ ਦਾ ਭੋਗ ਲਵਾਇਆ ਗਿਆ ਉਨ੍ਹਾਂ ਵੱਲੋਂ ਮਿੱਠਾ ਦਲੀਆ ਤਿਆਰ ਕਰਵਾ ਕੇ ਗਊਧਾਮ ਵਿੱਚ ਮੌਜੂਦ ਛੋਟੀਆਂ ਬੱਛੀਆਂ ਨੂੰ ਖਵਾਇਆ ਗਿਆ।ਇਸ ਮੌਕੇ ਰਾਜੀਵ ਸ਼ਰਮਾ ਨੇ ਕਿਹਾ ਕਿ ਗਊ ਸੇਵਾ ਸਾਡੇ ਧਾਰਮਿਕ ਅਤੇ ਸਮਾਜਿਕ ਜੀਵਨ ਦਾ ਅਹਿਮ ਹਿੱਸਾ ਹੈ। ਬੇਸਹਾਰਾ ਗਊਆਂ ਦੀ ਸੇਵਾ ਕਰਨਾ ਮਨੁੱਖੀ ਫਰਜ਼ ਹੈ ਅਤੇ ਹਰ ਵਿਅਕਤੀ ਨੂੰ ਆਪਣੀ ਸਮਰੱਥਾ ਅਨੁਸਾਰ ਇਸ ਸੇਵਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਗਊਧਾਮ ਦੇ ਪ੍ਰਧਾਨ ਬੋਬੀ ਸਿੰਗਲਾ, ਸੰਦੀਪ ਸ਼ਰਮਾ,ਬਿੰਦਰ ਸੋਨੀ,ਧਰਮ ਚੰਦ,ਮੰਨਾ ਸਿੰਗਲਾ,ਠੇਕੇਦਾਰ,ਹਨੀ,ਦਰਸ਼ਨ,ਬੱਬਲੂ. ਕਾਕਾ ਘੰਡ ਸਮੇਤ ਹੋਰ ਸੇਵਾਦਾਰ ਹਾਜ਼ਰ ਸਨ।

ਡੀ.ਬੀ.ਯੂ. ਦੇ ਐਗਰੀਕਲਚਰ ਵਿਦਿਆਰਥੀਆਂ ਨੇ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸਿਖਲਾਈ ਕੈਂਪ ਵਿੱਚ ਲਿਆ ਹਿੱਸਾ

ਫ਼ਤਹਿਗੜ੍ਹ ਸਾਹਿਬ, 30 ਸਤੰਬਰ (ਅਭਿਸ਼ੇਕ ਮਲਹੋਤਰਾ): ਦੇਸ਼ ਭਗਤ ਯੂਨੀਵਰਸਿਟੀ (ਡੀ.ਬੀ.ਯੂ.) ਦੇ ਫੈਕਲਟੀ ਆਫ਼ ਐਗਰੀਕਲਚਰ ਐਂਡ ਲਾਈਫ਼ ਸਾਇੰਸਿਜ਼ ਦੇ ਵਿਦਿਆਰਥੀਆਂ ਨੇ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਯੋਜਿਤ ਪਰਾਲੀ ਸਾੜਨ ਅਤੇ ਇਨ-ਸੀਟੂ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਸਿਖਲਾਈ ਕੈਂਪ ਵਿੱਚ ਵਿਦਿਅਕ ਦੌਰਾ ਕੀਤਾ।ਇਸ ਸਿਖਲਾਈ ਪ੍ਰੋਗਰਾਮ ਦੌਰਾਨ ਵਿਗਿਆਨਕ ਢੰਗ ਨਾਲ ਇਨ-ਸੀਟੂ ਪਰਾਲੀ ਪ੍ਰਬੰਧਨ, ਫ਼ਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ, ਮਿੱਟੀ ਦੀ ਸਿਹਤ ਦੀ ਸੰਭਾਲ, ਵਾਤਾਵਰਣ ਸੁਰੱਖਿਆ ਅਤੇ ਟਿਕਾਊ ਖੇਤੀਬਾੜੀ ਪ੍ਰਥਾਵਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਮੌਕੇ ਸ੍ਰੀ ਰਵਿੰਦਰ ਨੇ ਜਾਣਕਾਰੀ ਭਰਪੂਰ ਮੁੱਖ ਭਾਸ਼ਣ ਦਿੰਦਿਆਂ ਕਿਸਾਨਾਂ ਅਤੇ ਵਿਦਿਆਰਥੀਆਂ ਨੂੰ ਪਰਾਲੀ ਪ੍ਰਬੰਧਨ ਦੇ ਪ੍ਰਭਾਵਸ਼ਾਲੀ ਤਰੀਕਿਆਂ, ਇਨ-ਸੀਟੂ ਤਕਨੀਕਾਂ ਅਤੇ ਆਧੁਨਿਕ ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਅਤੇ ਡਾਇਰੈਕਟਰ ਐਗਰੀਕਲਚਰ ਡਾ. ਐਚ. ਕੇ. ਸਿੱਧੂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅਤੇ ਕਿਸਾਨ ਭਾਈਚਾਰੇ ਵਿੱਚ ਵਾਤਾਵਰਣ-ਪੱਖੀ ਅਤੇ ਟਿਕਾਊ ਖੇਤੀਬਾੜੀ ਪ੍ਰਥਾਵਾਂ ਸਬੰਧੀ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਮਹੱਤਵਪੂਰਨ ਲੋੜ ਹੈ। ਇਸ ਵਿਦਿਅਕ ਦੌਰੇ ਦੌਰਾਨ ਡੀ.ਬੀ.ਯੂ ਦੇ ਵਿਦਿਆਰਥੀਆਂ ਨੂੰ ਕਿਸਾਨਾਂ ਅਤੇ ਖੇਤੀਬਾੜੀ ਮਾਹਿਰਾਂ ਨਾਲ ਸਿੱਧੀ ਗੱਲਬਾਤ ਕਰਨ ਦਾ ਮੌਕਾ ਮਿਲਿਆ। ਇਸ ਨਾਲ ਉਨ੍ਹਾਂ ਦੀ ਫ਼ਸਲੀ ਰਹਿੰਦ-ਖੂੰਹਦ ਦੇ ਟਿਕਾਊ ਪ੍ਰਬੰਧਨ ਅਤੇ ਵਾਤਾਵਰਣ-ਪੱਖੀ ਖੇਤੀਬਾੜੀ ਪ੍ਰਥਾਵਾਂ ਸਬੰਧੀ ਵਿਹਾਰਕ ਸਮਝ ਵਿੱਚ ਵਾਧਾ ਹੋਇਆ।

ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਗਵਾਈ ਹੇਠ ਬੋਰਡ ਵੱਲੋਂ ਸਬ ਜੇਲ ਮੋਗਾ ਦਾ ਨਿਰੀਖਣ

ਬੋਰਡ ਆਫ ਵਿਜਟਰਸ ਨੇ ਬੈਰਕਾਂ, ਮੈਡੀਕਲ ਸਹੂਲਤਾਂ, ਸਫਾਈ ਤੇ ਸੁਰੱਖਿਆ ਪ੍ਰਬੰਧਾਂ ਆਦਿ ਦਾ ਲਿਆ ਜਾਇਜਾ

ਮੋਗਾ, 29 ਸਤੰਬਰ (ਜਗਰਾਜ ਸਿੰਘ ਸੰਘਾ) ਸ੍ਰੀਮਤੀ ਨੀਲਮ ਅਰੋੜਾ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਦੀ ਅਗਵਾਈ ਹੇਠ ਸ੍ਰੀ ਸਿਮਰਨ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਸਮੇਤ ਬੋਰਡ ਆਫ਼ ਵਿਜ਼ਿਟਰਜ਼ ਵੱਲੋਂ ਸਬ ਜੇਲ, ਮੋਗਾ ਦਾ ਬਰੀਕੀ ਨਾਲ ਨਿਰੀਖਣ ਕੀਤਾ ਗਿਆ। ਇਹ ਨਿਰੀਖਣ ਜੇਲ੍ਹਾਂ ਵਿੱਚ ਬੁਨਿਆਦੀ ਸਹੂਲਤਾਂ ਦੀ ਜਾਂਚ ਲਈ ਨਿਯਮਤ ਨਿਰੀਖਣ ਕਰਨ ਦੇ ਉਦੇਸ਼ ਨਾਲ ਕੀਤਾ ਗਿਆ। ਨਿਰੀਖਣ ਦੌਰਾਨ ਬੋਰਡ ਵੱਲੋਂ ਜੇਲ੍ਹ ਦੀਆਂ ਵੱਖ-ਵੱਖ ਬੈਰਕਾਂ, ਲੰਗਰ/ਕਿਚਨ ਅਤੇ ਮੈਡੀਕਲ ਦੀਆਂ ਸਹੂਲਤਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ। ਇਸ ਮੌਕੇ ਜੇਲ੍ਹ ਵਿੱਚ ਬੁਨਿਆਦੀ ਸਹੂਲਤਾਂ, ਸਫ਼ਾਈ, ਬੰਦੀਆਂ ਦੀ ਰਿਹਾਇਸ਼, ਭੋਜਨ, ਸੁਰੱਖਿਆ, ਅਨੁਸ਼ਾਸਨ, ਮੈਡੀਕਲ ਸਹੂਲਤਾਂ, ਅਤੇ ਬੰਦੀਆਂ ਦੀ ਭਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਬੋਰਡ ਵੱਲੋਂ ਬੰਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਭਲਾਈ ਅਤੇ ਸਮੱਸਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ। ਬੋਰਡ ਵੱਲੋਂ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਗਈ ਕਿ ਜੇਲ੍ਹ ਅੰਦਰ ਜਾਤੀ, ਲਿੰਗ, ਅਪੰਗਤਾ ਜਾਂ ਕਿਸੇ ਹੋਰ ਆਧਾਰ 'ਤੇ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਾ ਹੋਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਦੇ ਨਾਲ ਹੀ ਸਫ਼ਾਈ, ਸੁਰੱਖਿਆ, ਅਨੁਸ਼ਾਸਨ, ਭੋਜਨ ਦੀ ਗੁਣਵੱਤਾ, ਮੈਡੀਕਲ ਦੇਖਭਾਲ ਅਤੇ ਬੰਦੀਆਂ ਦੀ ਭਲਾਈ ਦੇ ਮਿਆਰਾਂ ਨੂੰ ਲਗਾਤਾਰ ਕਾਇਮ ਰੱਖਿਆ ਜਾਵੇ ਅਤੇ ਬੰਦੀਆਂ ਦੀਆਂ ਜਾਇਜ਼ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾਵੇ। ਇਸ ਮੌਕੇ ਸ੍ਰ. ਜਸਪਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ ਮੋਗਾ, ਸ਼੍ਰੀਮਤੀ ਮਮਤਾ ਕੱਕੜ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਮੋਗਾ, ਡਾ. ਜਯੋਤੀ ਸਹਾਇਕ ਸਿਵਲ ਸਰਜਨ ਮੋਗਾ, ਸ੍ਰੀ ਬਲਰਾਜ ਸਿੰਘ ਕੈਰੀਅਰ ਕਾਊਂਸਲਰ, ਮੋਗਾ, ਸ਼੍ਰੀ ਤੇਜਿੰਦਰ ਸਿੰਘ ਸੀਨੀਅਰ ਇੰਡਸਟਰੀਅਲ ਪ੍ਰੋਮੋਸ਼ਨ ਅਫਸਰ ਮੋਗਾ, ਸ਼੍ਰੀ ਅਸ਼ੀਸ਼ ਕੁਮਾਰ ਸ਼ਰਮਾ ਜਿਲਾ ਸਿੱਖਿਆ ਅਫਸਰ (ਸੈਕੰਡਰੀ) ਮੋਗਾ ਅਤੇ ਸ਼੍ਰੀ ਪ੍ਰੀਤਮਪਾਲ ਸਿੰਘ ਡਿਪਟੀ ਸੁਪਰਡੈਂਟ ਸਬ ਜੇਲ ਮੋਗਾ ਹਾਜ਼ਰ ਸਨ। ਨਿਰੀਖਣ ਤਸੱਲੀਬਖਸ਼ ਢੰਗ ਨਾਲ ਸੰਪੰਨ ਹੋਇਆ। ਬੋਰਡ ਵੱਲੋਂ ਜੇਲ੍ਹ ਪ੍ਰਸ਼ਾਸਨ ਨੂੰ ਬੰਦੀਆਂ ਲਈ ਸਾਫ਼-ਸੁਥਰਾ, ਸੁਰੱਖਿਅਤ, ਸਿਹਤਮੰਦ ਅਤੇ ਭੇਦਭਾਵ-ਰਹਿਤ ਮਾਹੌਲ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ ਗਏ।

ਪੰਡਿਤ ਜੇ.ਪੀ. ਜੋਸ਼ੀ ਸਰਬ ਸੰਮਤੀ ਨਾਲ ਬਣੇ ਜਨ ਕਲਿਆਣ ਗੜਵਾਲ ਸਭਾ ਨਾਭਾ ਦੇ ਪ੍ਰਧਾਨ

ਨਾਭਾ ਸਤੰਬਰ 30 ਰਾਕੇਸ਼ ਜਿੰਦਲ ਅੱਜ ਮਿਤੀ 27 ਸਤੰਬਰ 2026, ਦਿਨ ਐਤਵਾਰ ਨੂੰ ਜਨ-ਕਲਿਆਣ ਗੜਵਾਲ ਸਭਾ ਨਾਭਾ ਦੀ ਚੁਨਾਵ ਦੀ ਪ੍ਰਕਿਰਿਆ ਸਭਾ ਦੇ ਸਰਪ੍ਰਸਤਾਂ ਦੇ ਸਾਹਮਣੇ ਪੂਰੀ ਕੀਤੀ ਗਈ। ਜਿਸ ਵਿੱਚ ਸਾਰਿਆਂ ਦੀ ਸਹਿਮਤੀ ਨਾਲ ਪੰਡਿਤ ਜੇ.ਪੀ.ਜੋਸ਼ੀ ਜੀ ਨੂੰ ਦੁਆਰਾ ਤੋਂ ਜਨ ਕਲਿਆਣ ਗੜਵਾਲ ਸਭਾ,ਨਾਭਾ ਦਾ ਪ੍ਰਧਾਨ ਬਣਾਇਆ ਗਿਆ,ਅਤੇ ਸ਼੍ਰੀ ਗੰਗਾ ਸਿੰਘ ਨੇਗੀ ਜੀ ਨੂੰ ਉਪ ਪ੍ਰਧਾਨ,ਸ੍ਰੀ ਰਜਿੰਦਰ ਸਿੰਘ ਜੀ ਨੂੰ ਸੈਕਟਰੀ ਤੇ ਸ੍ਰੀ ਹੁਕਮ ਸਿੰਘ ਪੰਵਾਰ ਜੀ ਨੂੰ ਖ਼ਜ਼ਾਨਚੀ ਬਣਾਇਆ ਗਿਆ। ਪ੍ਰਧਾਨ ਜੀ ਵੱਲੋਂ ਸਾਰੇ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਜੈ ਉੱਤਰਾਖੰਡ,ਜੈ ਭਾਰਤ

ਸਤੰਬਰ ਮਹੀਨੇ ਦੇ ਜਨਮਦਿਨ ਵਾਲੇ ਮਦਰਾਈਟਸ ਨੇ ਸੇਵਾ ਤੇ ਖੁਸ਼ੀ ਨਾਲ ਮਨਾਇਆ ਜਨਮਦਿਨ

ਬਰਨਾਲਾ 30 , ਸਤੰਬਰ (ਅਵਤਾਰ ਸਿੰਘ ਫਰਵਾਹੀ): ਮਦਰ ਟੀਚਰ ਸਕੂਲ (ਐਮ.ਟੀ.ਐਸ.) ਬਰਨਾਲਾ ਦੇ ਪਲੇ ਵੇਅ ਤੋਂ ਦੂਜੀ ਜਮਾਤ ਤੱਕ ਦੇ ਸਤੰਬਰ ਮਹੀਨੇ ਵਿੱਚ ਜਨਮੇ ਨੰਨ੍ਹੇ ਮਦਰਾਈਟਸ ਨੇ ਆਪਣੇ ਜਨਮਦਿਨ ਨੂੰ ਖੁਸ਼ੀ ਦੇ ਨਾਲ-ਨਾਲ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਦਿਆਂ ਵਿਲੱਖਣ ਢੰਗ ਨਾਲ ਮਨਾਇਆ। ਇਸ ਮੌਕੇ ਬੱਚਿਆਂ ਨੇ ਬਰਨਾਲਾ ਗਊਸ਼ਾਲਾ ਦਾ ਦੌਰਾ ਕਰਕੇ ਗਊਆਂ ਨੂੰ ਪਿਆਰ ਨਾਲ ਚਾਰਾ ਖੁਆਇਆ ਅਤੇ ਪਸ਼ੂਆਂ ਪ੍ਰਤੀ ਦਇਆ ਤੇ ਸਨੇਹ ਦਾ ਸੰਦੇਸ਼ ਦਿੱਤਾ।ਇਸ ਤੋਂ ਇਲਾਵਾ ਬੱਚਿਆਂ ਨੇ ਲੋੜਵੰਦਾਂ ਦੀ ਮਦਦ ਕਰਕੇ ਖੁਸ਼ੀਆਂ ਸਾਂਝੀਆਂ ਕੀਤੀਆਂ। ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦਾ ਸੰਦੇਸ਼ ਦਿੰਦਿਆਂ ਉਨ੍ਹਾਂ ਨੇ ਪੌਦੇ ਲਗਾਏ ਅਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਲਿਆ।ਸਕੂਲ ਵਿੱਚ ਵਾਪਸੀ 'ਤੇ ਕੇਕ ਕੱਟਣ, ਮਨੋਰੰਜਕ ਸੰਗੀਤ ਅਤੇ ਨਾਚ ਨਾਲ ਜਨਮਦਿਨ ਦੀ ਖੁਸ਼ੀ ਨੂੰ ਚਾਰ ਚੰਨ ਲੱਗ ਗਏ। ਇਸ ਪਹਿਲ ਦਾ ਉਦੇਸ਼ ਬੱਚਿਆਂ ਨੂੰ ਜਨਮਦਿਨ ਨੂੰ ਸਿਰਫ਼ ਮਨੋਰੰਜਨ ਨਹੀਂ, ਸਗੋਂ ਸੇਵਾ, ਦਇਆ ਅਤੇ ਕੁਦਰਤ ਪ੍ਰਤੀ ਪਿਆਰ ਨਾਲ ਮਨਾਉਣ ਲਈ ਪ੍ਰੇਰਿਤ ਕਰਨਾ ਸੀ।

ਬਾਗੇਸ਼ਵਰ ਧਾਮ ਬਾਬਾ ਨੇ ਮਾਂ ਬਗਲਾਮੁਖੀ ਧਾਮ ਵਿੱਚ ਮੱਥਾ ਟੇਕਿਆ, 261 ਘੰਟਿਆਂ ਦੇ ਅਖੰਡ ਮਹਾਯੱਗ ਵਿੱਚ ਹੋਣਗੇ ਸ਼ਾਮਲ

ਸਰਬਜੀਤ ਸੂਫ਼ੀ ਲੁਧਿਆਣਾ। ਬਾਗੇਸ਼ਵਰ ਧਾਮ ਦੇ ਪੀਠਾਧੀਸ਼ਵਰ ਪੰਡਿਤ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ ਜੀ ਨੇ ਮਾਂ ਬਗਲਾਮੁਖੀ ਧਾਮ ਪਹੁੰਚ ਕੇ ਮਾਂ ਬਗਲਾਮੁਖੀ ਦੀ ਪੂਜਾ-ਅਰਚਨਾ ਕੀਤੀ। ਇਸ ਮੌਕੇ ਮਹੰਤ ਪ੍ਰਵੀਣ ਚੌਧਰੀ ਦੇ ਸਾਨਿਧ ਵਿੱਚ ਭਗਤਾਂ ਵੱਲੋਂ ਉਨ੍ਹਾਂ ਦਾ ਪਰੰਪਰਾਗਤ ਢੰਗ ਨਾਲ ਭ ਸਵਾਗਤ ਕੀਤਾ ਗਿਆ। ਪੰਡਿਤ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ ਨੇ ਆਉਣ ਵਾਲੇ 261 ਘੰਟਿਆਂ ਦੇ ਅਖੰਡ ਮਹਾਯੱਗ ਵਿੱਚ ਸ਼ਾਮਲ ਹੋਣ ਦਾ ਸੱਦਾ ਸਵੀਕਾਰ ਕਰਦਿਆਂ ਇਸ ਦੀ ਸਫਲਤਾ ਅਤੇ ਵਿਸ਼ਵ ਸ਼ਾਂਤੀ ਲਈ ਮਾਂ ਬਗਲਾਮੁਖੀ ਦੇ ਚਰਨਾਂ ਵਿੱਚ ਪ੍ਰਾਰਥਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਆਯੋਜਨ ਅਧਿਆਤਮਿਕ ਆਸਥਾ, ਸਨਾਤਨ ਸੰਸਕ੍ਰਿਤੀ ਦੇ ਪ੍ਰਚਾਰ ਅਤੇ ਜਨਕਲਿਆਣ ਦਾ ਮਾਧਿਅਮ ਬਣਦੇ ਹਨ। ਇਸ ਮੌਕੇ ਮਹੰਤ ਪ੍ਰਵੀਣ ਚੌਧਰੀ ਨੇ ਦੱਸਿਆ ਕਿ ਜਲਦ ਹੀ ਬਾਗੇਸ਼ਵਰ ਬਾਬਾ ਦੇ ਸਾਨਿਧ ਵਿੱਚ ਸ਼੍ਰੀ ਹਨੁਮੰਤ ਕਥਾ ਦਾ ਵੀ ਆਯੋਜਨ ਕੀਤਾ ਜਾਵੇਗਾ।

ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਦੇ ਡੀ.ਫਾਰਮ ਵਿਦਿਆਰਥੀਆਂ ਦੀ ਪਲੇਸਮੈਂਟ

ਮੋਗਾ, 30 ਸਤੰਬਰ (ਜਗਰਾਜ ਸਿੰਘ ਸੰਘਾ) : ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਵਿਖੇ ਡੀ.ਫਾਰਮ ਦੇ ਵਿਦਿਆਰਥੀਆਂ ਦੀ ਵੱਖ-ਵੱਖ ਅਹੁਦਿਆਂ 'ਤੇ ਨੌਕਰੀਆਂ ਲਈ ਚੋਣ ਹੋਈ ਹੈ। ਪਲੇਸਮੈਂਟ ਹੈੱਡ ਡਾ. ਅਮਨਦੀਪ ਸਿੰਘ ਨੇ ਦੱਸਿਆ ਕਿ ਹਾਲ ਹੀ ਵਿੱਚ ਡੀ.ਫਾਰਮੇਸੀ ਦੇ ਅੱਠ ਵਿਦਿਆਰਥੀਆਂ ਦੀ ਵੱਖ-ਵੱਖ ਕੰਪਨੀਆਂ ਅਤੇ ਹਸਪਤਾਲਾਂ ਵਿੱਚ ਚੋਣ ਹੋਈ ਹੈ। ਉਨ੍ਹਾਂ ਦੱਸਿਆ ਕਿ ਪੁਸ਼ਕਰ ਪਾਂਡੇ, ਰਿਸ਼ੀ ਰਾਜ ਅਤੇ ਕਰਮਵੀਰ ਸਿੰਘ ਦੀ ਅਪੋਲੋ ਫਾਰਮੇਸੀ ਪ੍ਰਾਈਵੇਟ ਲਿਮਟਿਡ ਵਿੱਚ, ਕਰਮਵੀਰ ਸਿੰਘ ਦੀ ਫੈਡਲਗੋ ਵਿੱਚ ਮੈਡੀਕਲ ਰਿਪ੍ਰਜ਼ੈਂਟੇਟਿਵ ਵਜੋਂ, ਪਰਮ ਇੰਦਰ ਸਿੰਘ ਅਤੇ ਰੰਜਨ ਯਾਦਵ ਦੀ ਮੈਨਕਾਈਂਡ ਫਾਰਮਾ ਵਿੱਚ, ਇੰਤਿਕਾ ਮਲਿਕ ਦੀ ਮੈਟ੍ਰਿਕਸ ਹਸਪਤਾਲ, ਏਵਿਸ਼ ਚਾਵਲਾ ਦੀ ਐੱਚ.ਐੱਨ.ਐੱਚ. ਫਾਰਮਾ ਅਤੇ ਨੀਲੇਸ਼ ਕੁਮਾਰ ਮਿਸ਼ਰਾ ਦੀ ਵੇਦਾਂਤਾ ਹਸਪਤਾਲ ਵਿੱਚ ਵੱਖ-ਵੱਖ ਅਹੁਦਿਆਂ 'ਤੇ ਚੋਣ ਹੋਈ ਹੈ। ਇਹ ਵਰਨਣਯੋਗ ਹੈ ਕਿ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਡੀ.ਫਾਰਮ ਦੇ ਵਿਦਿਆਰਥੀ ਲਗਾਤਾਰ ਮਾਰਕੀਟਿੰਗ, ਹਸਪਤਾਲਾਂ ਅਤੇ ਫਾਰਮਾਸਿਸਟ ਆਦਿ ਖੇਤਰਾਂ ਵਿੱਚ ਨੌਕਰੀਆਂ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰ ਰਹੇ ਹਨ। ਇਸ ਉਪਲਬਧੀ 'ਤੇ ਪਲੇਸਮੈਂਟ ਹੈੱਡ ਡਾ. ਅਮਨਦੀਪ ਸਿੰਘ ਅਤੇ ਡੀ.ਫਾਰਮ ਦੀ ਹੈੱਡ ਕਰਿਸ਼ਮਾ ਅਗਰਵਾਲ ਨੂੰ ਸੰਸਥਾ ਦੇ ਚੇਅਰਮੈਨ ਪ੍ਰਵੀਣ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ.ਡੀ. ਗੁਪਤਾ, ਆਈ.ਐੱਸ.ਐੱਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ ਅਤੇ ਸਮੂਹ ਫੈਕਲਟੀ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ 'ਚ ਨਸ਼ਾ ਰੋਕੂ ਗਤੀਵਿਧੀਆਂ ਦਾ ਲਿਆ ਜਾਇਜ਼ਾ

ਪੰਜਾਬ ਸਰਕਾਰ ਵੱਲੋਂ ਨਸ਼ਾ ਕਰਨ ਵਾਲਿਆਂ ਦੀ ਨਸ਼ਾ ਮੁਕਤੀ ਕਰਕੇ ਪੁਨਰਵਾਸ ਲਈ ਹੁਨਰ ਵਿਕਾਸ 'ਤੇ ਜ਼ੋਰ-ਡਾ. ਸੋਨਾ ਥਿੰਦ

ਫ਼ਤਹਿਗੜ੍ਹ ਸਾਹਿਬ, 30 ਸਤੰਬਰ (ਅਭਿਸ਼ੇਕ ਮਲਹੋਤਰਾ):ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸ.ਐਸ.ਪੀ. ਸ਼ੁਭਮ ਅ

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੋਟਕਪੂਰਾ ਵਿਖੇ ਸ਼ਾਨਦਾਰ ਸ਼ੋਅ ਕਰਵਾਇਆ

- ਸੰਗਤਾਂ ਨੇ ਸ਼ਰਧਾ ਤੇ ਭਾਵਨਾ ਉਤਸ਼ਾਹ ਨਾਲ ਦੇਖਿਆ ਡਰੋਨ ਸ਼ੋਅ
- ਲੋਕਾਂ ਨੂੰ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਤੋਂ ਸੇਧ ਲੈਣ ਦੀ ਅਪੀਲ

ਕੋਟਕਪੂਰਾ 30 ਸਤੰਬਰ ਗੁਰਪ੍ਰੀਤ ਸਿੰਘ ਔਲਖ) ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਡਾ. ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਂਸ ਕੋਟਕਪੂਰਾ ਵਿਖੇ ਡਰੋਨ ਸ਼ੋਅ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਡਰੋਨਾਂ ਨੇ ਅਸਮਾਨ ਵਿੱਚ ਰੌਸ਼ਨੀਆਂ ਦੀ ਮਨਮੋਹਕ ਪੇਸ਼ਕਾਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਮਹਾਨ ਸਿੱਖਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਭਾਰੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਇਸ ਵਿਲੱਖਣ ਪੇਸ਼ਕਾਰੀ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਦੇਖਿਆ। ਇਸ ਮੌਕੇ ਰਾਗੀ ਜੱਥੇ ਭਾਈ ਸਤਪਾਲ ਸਿੰਘ ਅਤੇ ਸਾਥੀ ਬਾਘਾਪੁਰਾਣਾ ਵੱਲੋਂ ਗੁਰਬਾਣੀ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਿੱਖਿਆਵਾਂ ਅਤੇ ਸਮਾਜਿਕ ਬਰਾਬਰੀ ਤੇ ਭਾਈਚਾਰਕ ਸਾਂਝ ਦੇ ਸੰਦੇਸ਼ ਨੂੰ ਵੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਗੁਰਬਾਣੀ ਦੇ ਗਾਇਨ ਅਤੇ ਆਕਾਸ਼ ਵਿੱਚ ਚਮਕਦੀਆਂ ਰੌਸ਼ਨ ਆਕ੍ਰਿਤੀਆਂ ਨੇ ਸਮਾਗਮ ਨੂੰ ਰੂਹਾਨੀ ਮਾਹੌਲ ਪ੍ਰਦਾਨ ਕੀਤਾ।ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾ ਵੱਲੋਂ ਉਨ੍ਹਾਂ ਦੇ ਭਰਾਤਾ ਐਡਵੋਕੇਟ ਸ. ਬੀਰਇੰਦਰ ਸਿੰਘ ਸੰਧਵਾ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ ਡਰੋਨ ਸ਼ੋਅ, ਡਾਕੂਮੈਂਟਰੀ ਆਦਿ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਡਰੋਨਾਂ ਰਾਹੀਂ ਕੀਤੀ ਗਈ ਇਹ ਪੇਸ਼ਕਾਰੀ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ। ਇਸ ਰਾਹੀਂ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ। ਜਿਨ੍ਹਾਂ ਦਾ ਉਦੇਸ਼ ਨੌਜਵਾਨਾਂ ਨੂੰ ਗੁਰੂ ਜੀ ਦੇ ਮਹਾਨ ਫਲਸਫ਼ੇ ਅਤੇ ਸਿੱਖਿਆਵਾਂ ਨਾਲ ਜੋੜਨਾ ਹੈ।ਇਸ ਮੌਕੇ ਸ. ਰਾਜਿੰਦਰ ਸਿੰਘ ਐਸ.ਡੀ.ਐਮ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰੂ ਜੀ ਦਾ ਜੀਵਨ ਅਤੇ ਬਾਣੀ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਸਾਂਝੀਵਾ665ਲਤਾ ਅਤੇ ਮਨੁੱਖੀ ਸਨਮਾਨ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਗਤ ਦੀ ਸਹੂਲਤ, ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਨੂੰ ਧਿਆਨ ਵਿੱਚ ਰੱਖਦਿਆਂ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਢੁਕਵੇਂ ਪ੍ਰਬੰਧ ਕੀਤੇ ਗਏ। ਇਸ ਤੋਂ ਇਲਾਵਾ ਸੰਗਤ ਲਈ ਲੰਗਰ ਦਾ ਵੀ ਸੁਚੱਜਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਲੰਗਰ ਕਮੇਟੀ, ਸਫਾਈ ਕਮੇਟੀ, ਜੋੜਾ ਘਰ ਕਮੇਟੀ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਕੋਟਕਪੂਰਾ ਗੁਰਮੀਤ ਸਿੰਘ ਆਰੇਵਾਲਾ, ਵੀਰਪਾਲ ਕੌਰ ਚੇਅਰਮੈਨ ਜ਼ਿਲ੍ਹਾ ਪਰਿਸ਼ਦ, ਸੁਖਵੰਤ ਸਿੰਘ ਪੱਕਾ ਆਗੂ ਯੂਥ ਵਿੰਗ, ਤਹਿਸੀਲਦਾਰ ਪਰਮਿੰਦਰ ਸਿੰਘ, ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਸਿਮਰਨਜੀਤ ਸਿੰਘ ਐਮ ਸੀ, ਈਓ ਅੰਮ੍ਰਿਤ ਲਾਲ, ਹੁਕਮ ਚੰਦ, ਰਣਜੀਤ ਕੌਰ ਮਾਨ ਸੀਨੀਅਰ ਆਗੂ,ਜਸਪ੍ਰੀਤ ਕੌਰ ਜੱਸੀ ਆਮ ਆਦਮੀ ਬਲਾਕ ਪ੍ਰਧਾਨ, ਹਰਪ੍ਰੀਤ ਕੌਰ ਚਹਿਲ ਬਲਾਕ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਜੀ ਨਾਲ ਸੰਬੰਧਿਤ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਅੰਤ ਵਿੱਚ ਵਿਦੇਸ਼ ਤੋਂ ਬੈਠਿਆਂ ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਉਨ੍ਹਾਂ ਦੀ ਧਰਮਪਤਨੀ ਬੀਬੀ ਗੁਰਪ੍ਰੀਤ ਕੌਰ ਸੰਧਵਾਂ ਨੇ ਵਰਕਰਾਂ ਦਾ ਤਹਿਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਨੇ 650 ਵੇ ਪ੍ਰਕਾਸ਼ ਪੁਰਬ ਪੂਰੇ ਉਤਸ਼ਾਹ ਨਾਲ ਦੇਖਿਆ

ਪਟਿਆਲਾ ਕੰਜ਼ਿਊਮਰ ਐਂਡ ਟੈਲੀਫੋਨ ਕੰਜ਼ਿਊਮਰ ਫੋਰਮ, ਟੈਲੀਫੋਨ ਰੈਗੂਲੇਟਰੀ ਅਥਾਰਟੀ (ਟਰਾਈ) ਦੀ ਸਰਪ੍ਰਸਤੀ ਹੇਠ

ਭਵਾਨੀਗੜ੍ਹ 30 ਸਤੰਬਰ (ਹੈਪੀ ਸ਼ਰਮਾ) ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਦੇ ਆਡੀਟੋਰੀਅਮ ਵਿੱਚ ਸੀਨੀਅਰ ਵਿਦਿਆਰਥੀਆਂ ਲਈ ਖਪਤਕਾਰ ਜਾਗਰੂਕਤਾ ਪ੍ਰੋਗਰਾਮ (ਸੈਮੀਨਾਰ) ਦਾ ਆਯੋਜਨ ਕੀਤਾ ਗਿਆ। ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਅਤੇ ਸਕੂਲ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਆਏ ਮੁੱਖ ਮਹਿਮਾਨ ਸ੍ਰੀ ਐਚ. ਡੀ. ਅਗਰਵਾਲ (ਪ੍ਰਧਾਨ) ਪਵਨ ਗੋਇਲ (ਜਨਰਲ ਸਕੱਤਰ), ਰਾਜੇਸ਼ ਮਿੱਤਲ, ਸੰਜੀਵ ਸ਼ਰਮਾ, ਆਰ.ਐਸ. ਸਲੂਜਾ, ਯਸ਼ਪਾਲ ਮਨਚੰਦਾ ਅਤੇ ਉਨ੍ਹਾਂ ਦੀ ਟੀਮ ਦਾ ਸਵਾਗਤ ਕੀਤਾ। ਇਹ ਪ੍ਰੋਗਰਾਮ ਟਰਾਈ ਦੇ ਦਿਸ਼ਾ-ਨਿਰਦੇਸ਼ਾਂ 'ਤੇ ਆਯੋਜਿਤ ਕੀਤਾ ਗਿਆ ਹੈ ਤਾਂ ਜੋ ਦੂਰਸੰਚਾਰ ਅਤੇ ਪ੍ਰਸਾਰਣ ਖੇਤਰ ਵਿੱਚ ਟੈਰਿਫ ਅਤੇ ਬਿਲਿੰਗ ਲਈ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾ ਸਕੇ। ਪ੍ਰੋਗਰਾਮ ਦੌਰਾਨ ਸਾਈਬਰ ਸੁਰੱਖਿਆ, ਸ਼ਿਕਾਇਤਾਂ ਦੇ ਨਿਪਟਾਰੇ, ਸ਼ੱਕੀ ਕਾਲਾਂ, ਐਸ ਐਮ ਐਸ, ਲਿੰਕ, ਔਨਲਾਈਨ ਸੰਚਾਰ, ਡਿਜੀਟਲ ਲੈਣ-ਦੇਣ ਬਾਰੇ ਜਾਣਕਾਰੀ ਦਿੱਤੀ ਅਤੇ ਗੱਲਬਾਤ ਦੇ ਮੁੱਦਿਆਂ 'ਤੇ ਵੀ ਵਿਚਾਰ ਕੀਤਾ ਗਿਆ ਤਾਂ ਜੋ ਹਰ ਇੱਕ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਧੋਖਾਧੜੀ ਕਰਨ ਵਾਲਿਆਂ ਪ੍ਰਤੀ ਸੁਚੇਤ ਰੱਖਿਆ ਜਾ ਸਕੇ। ਇਸ ਸੈਮੀਨਾਰ ਵਿੱਚ ਵਿਦਿਆਰਥੀਆਂ ਨਾਲ ਕਈ ਲਾਭਦਾਇਕ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈਆਂ। ਅਜਿਹਾ ਸੈਮੀਨਰ ਸਕੂਲ ਵਿਦਿਆਰਥੀਆਂ ਲਈ ਵਰਦਾਨ ਹੈ ਜੋ ਹਮੇਸ਼ਾ ਉਨ੍ਹਾਂ ਦੀ ਭਲਾਈ ਬਾਰੇ ਸੋਚਣ ਲਈ ਇੱਕ ਕਦਮ ਅੱਗੇ ਰਹਿੰਦਾ ਹੈ। ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਅਤੇ ਸਕੂਲ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਹਾਜ਼ਰ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਜਿਨ੍ਹਾਂ ਨੇ ਆਪਣੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਇਸ ਮੌਕੇ ਹਾਜ਼ਰੀ ਭਰੀ। ਇਸ ਮੌਕੇ ਸਕੂਲੀ ਵਿਦਿਆਰਥੀਆਂ ਤੋਂ ਇਲਾਵਾ ਅਧਿਆਪਕ, ਰਿਲਾਇੰਸ ਜੀਓ, ਏਅਰਟੈੱਲ, ਵੋਡਾਫੋਨ ਅਤੇ ਬੀ. ਐਸ. ਐਨ. ਐਲ. ਦੇ ਨੁਮਾਇੰਦੇ ਅਤੇ ਮੰਚ ਦੇ ਮੈਂਬਰ ਵੀ ਮੌਜੂਦ ਸਨ।

ਪੁਰਾਣੀ ਸਬਜ਼ੀ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਨੇੜੇ 100 ਤੋਂ ਵੱਧ ਝੁਗੀਆਂ ਦੇ ਕਬਜ਼ੇ ਨੂੰ ਹਟਾਉਣ ਲਈ ਜਮੀਨ ਮਾਲਕ ਨੂੰ 15 ਦਿਨ ਦਾ ਨੋਟਿਸ ਨਹੀਂ ਤਾਂ ਚੱਲੇਗਾ ਪੀਲਾ ਪੰਜਾ - ਪ੍ਰਧਾਨ ਮੋਹਿਤ ਕੁੰਦਰਾ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਪੁਰਾਣਾ ਸਬਜ਼ੀ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਨੇੜੇ ਬਾਹਰਲੇ ਸੂਬਿਆਂ ਤੋਂ ਆ ਕੇ ਝੁਗੀਆਂ ਬਣਾ ਕੇ ਰਹਿ ਰਹੇ ਲੋਕਾਂ ਵਲੋਂ ਫੈਲਾਈ ਜਾ ਰਹੀ ਗੰਦਗੀ ਦਾ ਨਗਰ ਕੌਂਸਲ ਸਖਤੀ ਕਰਦਿਆਂ ਜਮੀਨ ਮਾਲਕ ਨੂੰ 15 ਦਿਨ ਦਾ ਨੋਟਿਸ ਜਾਰੀ ਕੀਤਾ ਹੈ ਇਸ ਸਬੰਧੀ ਗੱਲਬਾਤ ਕਰਦਿਆਂ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਲੋਕਾਂ ਦੀਆਂ ਸ਼ਿਕਾਇਤਾਂ ਮਿਲਣ ਤੇ ਉਨ੍ਹਾਂ ਵਲੋਂ ਇਸ ਜਗ੍ਹਾ ਦਾ ਦੌਰਾ ਕੀਤਾ ਗਿਆ ਉਨ੍ਹਾਂ ਪੱਤਰਕਾਰਾਂ ਨੂੰ ਦਿਖਾਇਆ ਕਿ ਇਸ ਜਗ੍ਹਾ ਤੇ 100 ਤੋਂ ਵੱਧ ਝੁਗੀਆਂ ਬਣੀਆਂ ਹੋਈਆਂ ਹਨ ਜਿਨ੍ਹਾਂ ਕੋਲ ਪੱਛਮੀ ਬੰਗਾਲ ਦੇ ਵੋਟਰ ਕਾਰਡ ਤੇ ਅਧਾਰ ਕਾਰਡ ਹਨ ਜੋ ਕਈ ਸਾਲਾਂ ਤੋਂ ਇੱਥੇ ਝੁਗੀਆਂ ਬਣਾ ਕੇ ਰਹਿ ਰਹੇ ਹਨ ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕਾਂ ਵਲੋਂ ਜੋ ਗੰਦਗੀ ਫੈਲਾਈ ਜਾ ਰਹੀ ਹੈ ਉਸ ਤੋਂ ਆਲੇ ਦੁਆਲੇ ਰਹਿਣ ਵਾਲੇ ਲੋਕ ਬਹੁਤ ਦੁੱਖੀ ਹਨ ਜਿਸ ਨਾਲ ਬਿਮਾਰੀਆਂ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ ਜਿਸ ਨਾਲ ਕੋਈ ਵੱਡਾ ਜਾਨੀ ਨੁਕਸਾਨ ਹੋ ਸਕਦਾ ਹੈ ਉਨ੍ਹਾਂ ਦੱਸਿਆ ਕਿ ਇੱਥੇ ਕੁੱਝ ਜਗ੍ਹਾ ਮਾਰਕਿਟ ਕਮੇਟੀ ਦੀ ਹੈ ਉਨ੍ਹਾਂ ਨੂੰ ਵੀ ਸੂਚਿਤ ਕੀਤਾ ਗਿਆ ਹੈ ਇਸ ਤੋਂ ਇਲਾਵਾ ਜਮੀਨ ਮਾਲਕ ਨੂੰ ਵੀ ਨੋਟਿਸ ਜਾਰੀ ਕੀਤਾ ਗਿਆ ਹੈ ਉਨ੍ਹਾਂ ਕਿਹਾ ਕਿ ਗੰਦਗੀ ਫੈਲਾਉਣ ਵਾਲਿਆਂ ਝੁਗੀਆਂ ਵਾਲੇ ਇਸ ਇਤਿਹਾਸਕ ਸ਼ਹਿਰ ਦੀ ਦਿੱਖ ਨੂੰ ਖਰਾਬ ਕਰ ਰਹੇ ਹਨ ਉਨ੍ਹਾਂ ਦਿਖਾਇਆ ਕਿ ਕਿਵੇਂ ਝੁਗੀਆਂ ਵਾਲੇ ਕੁੰਡੀ ਕੁਨੇਕਸ਼ਨ ਲੱਗਾ ਕੇ ਸਰਕਾਰ ਨੂੰ ਚੂਨਾ ਲੱਗਾ ਰਹੇ ਹਨ ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜੇ 15 ਦਿਨਾਂ ਵਿੱਚ ਝੁਗੀਆਂ ਨਾ ਹਟਾਈਆਂ ਗਈਆਂ ਤਾਂ ਨਗਰ ਕੌਂਸਲ ਦਾ ਪੀਲਾ ਪੰਜਾਂ ਚਲਾ ਕੇ ਇਸ ਜਗ੍ਹਾ ਨੂੰ ਸਾਫ ਕਰੇਗੀ !

ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਵਿਖੇ ਇੱਕ-ਰੋਜ਼ਾ ਵਾਟਰ ਪਾਰਕ ਦਾ ਸ਼ਾਨਦਾਰ ਆਯੋਜਨ

ਸੰਗਰੂਰ 29 ਸਤੰਬਰ: (ਜਸਪਾਲ ਸਿੰਘ) ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਦੇ ਕੈਂਪਸ ਵਿਖੇ ਵਿਦਿਆਰਥੀਆਂ ਦੇ ਮਨੋਰੰਜਨ ਅਤੇ ਸਰੀਰਕ-ਮਾਨਸਿਕ ਤਾਜ਼ਗੀ ਨੂੰ ਮੁੱਖ ਰੱਖਦਿਆਂ ਇੱਕ-ਰੋਜ਼ਾ ਵਾਟਰ ਪਾਰਕ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪ੍ਰੀ-ਨਰਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ, ਜੋਸ਼ ਅਤੇ ਅਨੁਸ਼ਾਸਨ ਨਾਲ ਭਾਗ ਲੈਂਦਿਆਂ ਵੱਖ-ਵੱਖ ਜਲ-ਗਤੀਵਿਧੀਆਂ ਦਾ ਭਰਪੂਰ ਆਨੰਦ ਮਾਣਿਆ। ਇਸ ਮੌਕੇ ਅਕਾਲ ਕਾਲਜ ਕੌਂਸਲ ਦੇ ਸੀਨੀਅਰ ਮੈਂਬਰ ਕੈਪਟਨ ਭੁਪਿੰਦਰ ਸਿੰਘ ਪੂਨੀਆ, ਸ੍. ਗੁਰਸੰਟ ਸਿੰਘ ਦੁੱਗਾਂ ਅਤੇ ਡਾਇਰੈਕਟਰ ਜਨਰਲ ਐਡਮਨਿਸਟ੍ਰੇਸ਼ਨ ਡਾ. ਨਿਰਪਜੀਤ ਸਿੰਘ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕਰਕੇ ਬੱਚਿਆਂ ਦਾ ਉਤਸ਼ਾਹ ਵਧਾਇਆ। ਵਾਟਰ ਪਾਰਕ ਦਾ ਰਸਮੀ ਉਦਘਾਟਨ ਡਾਇਰੈਕਟਰ ਡਾ. ਸਤਵੀਰ ਸਿੰਘ, ਪ੍ਰਿੰਸੀਪਲ ਰਜਿੰਦਰ ਸਿੰਘ ਬਾਜਵਾ ਅਤੇ ਪ੍ਰੋਫੈਸਰ ਹਰਪਾਲ ਕੌਰ ਵੱਲੋਂ ਸਾਂਝੇ ਤੌਰ @ਤੇ ਕੀਤਾ ਗਿਆ। ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍. ਜਸਵੰਤ ਸਿੰਘ ਖਹਿਰਾ ਨੇ ਸਮਾਗਮ ਦੀ ਸਫਲਤਾ ਲਈ ਪ੍ਰਬੰਧਕਾਂ, ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਮਨੋਰੰਜਨ ਅਤੇ ਰਚਨਾਤਮਕ ਗਤੀਵਿਧੀਆਂ ਬੇਹੱਦ ਜ਼ਰੂਰੀ ਹਨ। ਅਜਿਹੇ ਪ੍ਰੋਗਰਾਮ ਬੱਚਿਆਂ ਵਿੱਚ ਖੁਸ਼ੀ, ਆਤਮ-ਵਿਸ਼ਵਾਸ, ਆਪਸੀ ਸਾਂਝ ਅਤੇ ਟੀਮ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਸਕੂਲ ਸਟਾਫ਼ ਦੇ ਸੁਚੱਜੇ ਪ੍ਰਬੰਧਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੌਰਾਨ ਵਿਦਿਆਰਥੀਆਂ ਦੀ ਸੁਰੱਖਿਆ, ਸਿਹਤ ਅਤੇ ਅਨੁਸ਼ਾਸਨ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ। ਸਮੂਹ ਅਧਿਆਪਕਾਂ ਅਤੇ ਸਟਾਫ਼ ਨੇ ਆਪਣੀਆਂ ਡਿਊਟੀਆਂ ਪੂਰੀ ਜ਼ਿੰਮੇਵਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਈਆਂ, ਜਿਸ ਬਦੌਲਤ ਇਹ ਆਯੋਜਨ ਬਿਨਾਂ ਕਿਸੇ ਵਿਘਨ ਦੇ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਸ੍ਰੀ ਵਿਜੈ ਪਲਾਹਾ ਨੇ ਆਏ ਹੋਏ ਮੁੱਖ ਮਹਿਮਾਨਾਂ, ਪ੍ਰਬੰਧਕਾਂ, ਸਟਾਫ਼, ਮਾਪਿਆਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਅਕਾਦਮਿਕ-ਮੁਕਤ ਗਤੀਵਿਧੀਆਂ ਬੱਚਿਆਂ ਨੂੰ ਮਾਨਸਿਕ ਤਣਾਅ ਤੋਂ ਮੁਕਤ ਕਰਕੇ ਸਿਹਤਮੰਦ ਮਨੋਰੰਜਨ ਦਿੰਦੀਆਂ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਅਕੈਡਮੀ ਵੱਲੋਂ ਭਵਿੱਖ ਵਿੱਚ ਵੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਸਾਰਥਕ ਉਪਰਾਲੇ ਜਾਰੀ ਰਹਿਣਗੇ।

ਮਸ਼ਹੂਰੀਆਂ ਨਾਲ ਆਪ ਪੰਜਾਬ ਵਿੱਚ ਦੁਬਾਰਾ ਸਰਕਾਰ ਬਣਾਉਣ ਤੇ ਸੁਪਨੇ ਲੈਣੇ ਛੱਡੇ : ਰਜਨੀਸ਼ ਚੋਪੜਾ

ਕਿਹਾ ! ਸੂਬੇ ਵਿੱਚ ਸ਼ਾਨ ਨਾਲ ਬਣੇਗੀ ਕਾਂਗਰਸ ਦੀ ਸਰਕਾਰ

ਲੁਧਿਆਣਾ, 30 ਸਤੰਬਰ (ਸੂਰਜ) ਪੰਜਾਬ ਵਿੱਚ ਵੱਡੇ ਪੱਧਰ ਤੇ ਮਸ਼ਹੂਰੀਆਂ ਕਰਕੇ ਦੁਬਾਰਾ ਸਰਕਾਰ ਬਣਾਉਣ ਦੇ ਆਮ ਆਦਮੀ ਪਾਰਟੀ ਸੁਪਨੇ ਲੈਣੇ ਬੰਦ ਕਰ ਦੇਵੇ। ਇਹ ਵਿਚਾਰ ਪੇਸ਼ ਕਰਦੇ ਹੋਏ ਜਿਲਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਮੀਤ ਪ੍ਰਧਾਨ ਸ੍ਰੀ ਰਜਨੀਸ਼ ਚੋਪੜਾ ਨੇ